ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 16 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੩੧ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਦੇ ਕਾਫਲੇ ਨਾਲ ਵਾਪਰਿਆ ਵੱਡਾ ਹਾਦਸਾ, ਭਿਆਨਕ ਬਣੇ ਹਾਲਾਤ

**ਗੁਰਦਾਸਪੁਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੱਜ ਗੁਰਦਾਸਪੁਰ ਤੋਂ ਡੇਰਾ ਬਾਬਾ ਨਾਨਕ ਜਾਂਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਕਾਫਲੇ 'ਚ ਡੀਸੀ ਦਫਤਰ ਦੀ ਪਾਇਲਟ ਨਾਲ ਕਿਸੇ ਹੋਰ ਵਾਹਨ ਦੀ ਟੱਕਰ ਹੋ ਗਈ । ਜਾਣਕਾਰੀ ਮੁਤਾਬਕ ਦੂਜੀ ਗੱਡੀ ਰੌਂਗ ਸਾਈਡ ਤੋਂ ਆ ਰਹੀ ਸੀ, ਜਿਸ ਕਾਰਨ ਇਹ ਹਾਦਸਾ ਵਾਪਰਿਆ। ਇਸ ਹਾਦਸੇ 'ਚ ਚਾਰ ਪੁਲਸ ਕਰਮੀ ਜ਼ਖ਼ਮੀ ਹੋ ਗਏ ਹਨ। ਇਸ ਦੌਰਾਨ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਖੁਦ ਜ਼ਖ਼ਮੀਆਂ ਨੂੰ ਕਾਫਲੇ ਦੀਆਂ ਗੱਡੀਆਂ ਵਿੱਚੋਂ ਬਾਹਰ ਕੱਢ ਕੇ ਮੌਕੇ 'ਤੇ ਉਪਲਬਧ ਐਮਬੂਲੈਂਸ ਰਾਹੀਂ ਹਸਪਤਾਲ ਪਹੁੰਚਾਇਆ। ਜਾਣਕਾਰੀ ਅਨੁਸਾਰ ਅੱਜ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਹੜ੍ਹ ਪ੍ਰਭਾਵਿਤ ਇਲਾਕੇ ਦੇ ਕਿਸਾਨਾਂ ਨੂੰ ਮੁਆਵਜ਼ੇ ਦੇ ਚੈੱਕ ਦਿੱਤੇ ਜਾ ਰਹੇ ਸਨ, ਜਿੰਨਾਂ ਵੱਲੋਂ ਜਦ ਦੀਨਾਨਗਰ ਤੋਂ ਗੁਰਦਾਸਪੁਰ ਦੇ ਪਿੰਡ ਖੋਖਰ ਤੋਂ ਕਿਸਾਨਾਂ ਨੂੰ ਚੈੱਕ ਦੇਣ ਨੂੰ ਉਪਰੰਤ ਡੇਰਾ ਬਾਬਾ ਨਾਨਕ ਹਲਕੇ ਨੂੰ ਰਵਾਨਾ ਹੋਏ ਤਾਂ ਕਲਾਨੌਰ ਤੋਂ ਥੋੜੀ ਪਿੱਛੇ ਅਚਾਨਕ ਉਨ੍ਹਾਂ ਨਾਲ ਹਾਦਸਾ ਵਾਪਰ ਗਿਆ, ਜਿਸ ਕਾਰਨ 4 ਪੁਲਸ ਕਰਮਚਾਰੀ ਜ਼ਖਮੀ ਹੋ ਗਏ।

## 48 ਘੰਟੇ ਦੀ ਜੰਗਬੰਦੀ ਲਾਗੂ

# ਪਾਕਿਸਤਾਨ ਨੇ ਮੁੜ ਕੀਤੀ ਅਫਗਾਨਿਸਤਾਨ 'ਤੇ ਏਅਰ ਸਟ੍ਰਾਈਕ !

**ਕਾਬੁਲ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਤੇ ਅਫਗਾਨਿਸਤਾਨ ਵਿਚਾਲੇ ਤਣਾਅ ਲਗਾਤਾਰ ਵਧਦਾ ਹੀ ਜਾ ਰਿਹਾ ਹੈ। ਪਾਕਿਸਤਾਨ ਲਗਾਤਾਰ ਅਫਗਾਨਿਸਤਾਨ ਉੱਤੇ ਹਵਾਈ ਹਮਲੇ ਕਰ ਰਿਹਾ ਹੈ। ਹਾਲ ਵਿਚ ਇਕ ਹੋਰ ਵੀਡੀਓ ਤੇਜ਼ਾ ਨਾਲ ਵਾਇਰਲ ਹੋ ਰਹੀ ਹੈ, ਜਿਸ ਵਿਚ ਅਫਗਾਨਿਸਤਾਨ ਦੇ ਅੰਦਰ ਹਵਾਈ ਹਮਲੇ ਹੁੰਦੇ ਦਿਖਾਈ ਦੇ ਰਹੇ ਹਨ। ਇਸ ਵੀਡੀਓ ਨਾਲ ਲਿਖਿਆ ਗਿਆ ਹੈ ਕਿ ਪਾਕਿਸਤਾਨੀ ਜੰਗੀ ਜਹਾਜ਼ ਇਸ ਸਮੇਂ ਅਫਗਾਨ ਸਰਹੱਦ ਦੇ ਪਾਰ ਵੱਡੇ ਪੱਧਰ 'ਤੇ ਹਵਾਈ ਹਮਲੇ ਕਰ ਰਹੇ ਹਨ। ਇੱਕ ਸੰਘਰਸ਼ ਖੇਤਰ ਵਿੱਚ ਇੱਕ ਵੱਡਾ ਵਾਧਾ ਜੋ ਪਹਿਲਾਂ ਹੀ ਝੜਪਾਂ ਅਤੇ ਅੱਤਵਾਦੀ ਮੁਹਿੰਮਾਂ ਨਾਲ ਘਿਰਿਆ ਹੋਇਆ ਹੈ। ਅਣ-ਐਲਾਨੇ ਅਤੇ ਭਾਰੀ ਹਮਲੇ, ਅਫਗਾਨ ਖੇਤਰ ਦੇ ਅੰਦਰ ਤਾਲਿਬਾਨ ਸਥਾਨਾਂ, ਸੁਰੱਖਿਅਤ ਪਨਾਹਗਾਹਾਂ ਜਾਂ ਲੌਜਿਸਟਿਕਲ ਹੱਬਾਂ ਨੂੰ ਮਾਰਨ ਲਈ ਤਿਆਰ ਕੀਤੇ ਗਏ ਜਾਪਦੇ ਹਨ।



ਡਰੋਨ ਜਾਂ ਜੈੱਟਾਂ ਦੀ ਵੀ ਰਿਪੋਰਟ ਕੀਤੀ ਗਈ ਹੈ। ਸਰਹੱਦੀ ਜ਼ਿਲ੍ਹਿਆਂ ਵਿੱਚ ਧੂੰਏਂ ਦੇ ਗੁਬਾਰ ਉੱਠ ਰਹੇ ਹਨ। ਨਾਗਰਿਕ ਭੱਜ-ਦੌੜ ਕਰ ਰਹੇ ਹਨ। ਅਜੇ ਤੱਕ ਕੋਈ ਪੁਸ਼ਟੀ ਕੀਤੇ ਗਏ ਜਾਨੀ ਨੁਕਸਾਨ ਦੇ ਅੰਕੜੇ ਨਹੀਂ ਹਨ। ਪਿਛਲੇ ਹਫ਼ਤੇ ਪਾਕਿਸਤਾਨ ਤੇ ਅਫਗਾਨਿਸਤਾਨ ਵਿਚਕਾਰ ਰੁਕ-ਰੁਕ ਕੇ ਚੱਲ ਰਹੀ ਲੜਾਈ ਦੇ ਵਿਚਕਾਰ, ਦੋਵੇਂ ਦੇਸ਼ 48 ਘੰਟੇ ਦੀ ਅਸਥਾਈ ਜੰਗਬੰਦੀ 'ਤੇ ਸਹਿਮਤ ਹੋਏ ਹਨ। ਇਹ ਜੰਗਬੰਦੀ ਬੁੱਧਵਾਰ ਸ਼ਾਮ 6 ਵਜੇ (ਸਥਾਨਕ ਸਮੇਂ) ਲਾਗੂ ਹੋਈ। ਨਿਊਜ਼ ਏਜੰਸੀ ਰਾਇਟਰਜ਼ ਦੇ ਅਨੁਸਾਰ, ਪਾਕਿਸਤਾਨ ਅਤੇ ਅਫਗਾਨ ਤਾਲਿਬਾਨ ਪ੍ਰਸ਼ਾਸਨ ਨੇ ਹਾਲ ਹੀ ਵਿੱਚ ਸਰਹੱਦੀ ਝੜਪਾਂ ਤੋਂ ਬਾਅਦ ਵਧੇ ਤਣਾਅ ਨੂੰ ਘਟਾਉਣ ਲਈ ਇਹ ਕਦਮ ਚੁੱਕਿਆ ਹੈ। ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ, "ਦੋਵੇਂ ਦੇਸ਼ ਇਸ ਗੁੰਝਲਦਾਰ, ਪਰ ਹੱਲਯੋਗ ਮੁੱਦੇ ਦਾ ਸ਼ਾਂਤੀਪੂਰਨ ਅਤੇ ਸਕਾਰਾਤਮਕ ਹੱਲ ਲੱਭਣ ਲਈ ਗੰਭੀਰ ਅਤੇ ਸੁਹਿਰਦ ਯਤਨ ਕਰਨਗੇ।"

## ਭੂਚਾਲ ਨਾਲ ਮੁੜ ਕੰਬੀ ਪਾਕਿਸਤਾਨ ਦੀ ਧਰਤੀ, ਡਰ ਕੇ ਘਰੋਂ ਭੱਜੇ ਲੋਕ

**ਇਸਲਾਮਾਬਾਦ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭੂਚਾਲ ਦੇ ਝਟਕਿਆਂ ਨੇ ਇੱਕ ਵਾਰ ਫਿਰ ਪਾਕਿਸਤਾਨ ਨੂੰ ਹਿਲਾ ਕੇ ਰੱਖ ਦਿੱਤਾ ਹੈ। ਬੁੱਧਵਾਰ (15 ਅਕਤੂਬਰ, 2025) ਨੂੰ ਪਾਕਿਸਤਾਨ ਦੇ ਸਵਾਤ ਜ਼ਿਲ੍ਹੇ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਤੇਜ਼ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਪਾਕਿਸਤਾਨ ਦੇ ਖੈਬਰ ਪਖਤੂਨਖਵਾ ਜ਼ਿਲ੍ਹੇ ਵਿੱਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਇਸ ਕਾਰਨ ਦਹਿਸ਼ਤ ਫੈਲ ਗਈ, ਲੋਕ ਆਪਣੇ ਘਰਾਂ ਅਤੇ ਇਮਾਰਤਾਂ ਤੋਂ ਬਾਹਰ ਨਿਕਲ ਆਏ। ਭੂਚਾਲ ਵਿਗਿਆਨ ਕੇਂਦਰ ਤੋਂ ਮਿਲੇ ਮੁੱਢਲੇ ਅੰਕੜਿਆਂ ਅਨੁਸਾਰ, ਭੂਚਾਲ ਦੀ ਤੀਬਰਤਾ ਰਿਕਟਰ ਪੈਮਾਨੇ 'ਤੇ 4.5 ਮਾਪੀ ਗਈ। ਭੂਚਾਲ ਦਾ ਕੇਂਦਰ ਹਿੰਦੂ ਕੁਸ਼ ਪਹਾੜੀ ਸ਼੍ਰੇਣੀ ਵਿੱਚ ਮੰਨਿਆ ਜਾਂਦਾ ਹੈ। ਹਿੰਦੂ ਕੁਸ਼ ਪਹਾੜੀ ਸ਼੍ਰੇਣੀ ਟੈਕਟੋਨਿਕ ਪਲੇਟਾਂ ਦੀ ਗਤੀ ਦੇ ਕਾਰਨ ਤੀਬਰ ਭੂਚਾਲ ਗਤੀਵਿਧੀ ਲਈ ਜਾਣੀ ਜਾਂਦੀ ਹੈ। ਹਿੰਦੂ ਕੁਸ਼ ਪਹਾੜੀ ਲੜੀ ਵਿੱਚ ਸਥਿਤ ਇਹ ਭੂਚਾਲ 220 ਕਿਲੋਮੀਟਰ ਦੀ ਡੂੰਘਾਈ 'ਤੇ ਰਿਕਾਰਡ ਕੀਤਾ ਗਿਆ ਸੀ। ਨਤੀਜੇ ਵਜੋਂ, ਸਤ੍ਹਾ 'ਤੇ ਇਸਦਾ ਪ੍ਰਭਾਵ ਮੁਕਾਬਲਤਨ ਘੱਟ ਸੀ। ਹਾਲਾਂਕਿ, ਭੂਚਾਲ ਪੂਰੇ ਖੇਤਰ ਵਿੱਚ ਵਿਆਪਕ ਤੌਰ 'ਤੇ ਮਹਿਸੂਸ ਕੀਤਾ ਗਿਆ। ਪਾਕਿਸਤਾਨ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਹੋਣ ਤੋਂ ਬਾਅਦ, ਸਥਾਨਕ ਅਧਿਕਾਰੀ ਹਾਈ ਅਲਰਟ 'ਤੇ ਸਨ ਅਤੇ ਸਥਿਤੀ ਦੀ ਨਿਗਰਾਨੀ ਕਰ ਰਹੇ ਸਨ। ਹਾਲਾਂਕਿ, ਸਵਾਤ, ਖੈਬਰ ਪਖਤੂਨਖਵਾ, ਜਾਂ ਆਲੇ ਦੁਆਲੇ ਦੇ ਕਿਸੇ ਵੀ ਜ਼ਿਲ੍ਹਿਆਂ ਵਿੱਚ ਹੁਣ ਤੱਕ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਰਿਪੋਰਟ ਨਹੀਂ ਹੈ। ਸਥਾਨਕ ਅਧਿਕਾਰੀਆਂ ਨੇ ਜਨਤਾ ਨੂੰ ਸੰਭਾਵਿਤ ਭੂਚਾਲ ਦੇ ਝਟਕਿਆਂ ਲਈ ਚੌਕਸ ਰਹਿਣ ਦੀ ਅਪੀਲ ਵੀ ਕੀਤੀ ਹੈ।




## ਨਹੀਂ ਰਹੇ ਮਹਾਭਾਰਤ 'ਚ 'ਕਰਨ' ਦੀ ਭੂਮਿਕਾ ਨਿਭਾਉਣ ਵਾਲੇ ਪੰਕਜ ਧੀਰ, 68 ਸਾਲ ਦੀ ਉਮਰ 'ਚ ਲਏ ਆਖਰੀ ਸਾਹ

**ਮੁੰਬਈ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਾਲੀਵੁੱਡ ਇੰਡਸਟਰੀ ਤੋਂ ਦੁਖਦਾਈ ਖ਼ਬਰ ਆਈ ਹੈ। ਮਹਾਭਾਰਤ ਵਿੱਚ ਕਰਨ ਦੀ ਭੂਮਿਕਾ ਨਿਭਾਉਣ ਵਾਲੇ ਮਸ਼ਹੂਰ ਟੀਵੀ ਅਤੇ ਬਾਲੀਵੁੱਡ ਅਦਾਕਾਰ ਪੰਕਜ ਧੀਰ ਦਾ ਦੇਹਾਂਤ ਹੋ ਗਿਆ ਹੈ। ਉਨ੍ਹਾਂ ਦਾ 68 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ। ਪੰਕਜ ਧੀਰ ਨੇ ਪ੍ਰਸਿੱਧ ਟੀਵੀ ਸੀਰੀਅਲ ਮਹਾਭਾਰਤ ਵਿੱਚ ਕਰਨ ਦੀ ਭੂਮਿਕਾ ਨਿਭਾਈ ਸੀ, ਜਿਸਨੇ ਉਨ੍ਹਾਂ ਨੂੰ ਪਰਦੇ 'ਤੇ ਇੱਕ ਵਿਲੱਖਣ ਪਛਾਣ ਦਿਵਾਈ। ਉਨ੍ਹਾਂ ਨੇ ਕਈ ਪ੍ਰਮੁੱਖ ਬਾਲੀਵੁੱਡ ਸਿਤਾਰਿਆਂ ਨਾਲ ਵੀ ਕੰਮ ਕੀਤਾ। ਦੱਸਿਆ ਜਾ ਰਿਹਾ ਹੈ ਕਿ ਇਹ ਦਿੱਗਜ ਅਦਾਕਾਰ ਕੈਂਸਰ ਤੋਂ ਪੀੜਤ ਸੀ। ਇਸ ਸਾਲ ਮਾਰਚ ਵਿੱਚ ਖ਼ਬਰ ਆਈ ਕਿ ਉਸਦੀ ਹਾਲਤ ਨਾਜ਼ੁਕ ਹੈ ਅਤੇ ਉਸਨੂੰ ਆਈਸੀਯੂ ਵਿੱਚ ਦਾਖਲ ਕਰਵਾਇਆ ਗਿਆ ਹੈ। ਹੁਣ ਖ਼ਬਰ ਆਈ ਹੈ ਕਿ ਉਸਦਾ ਦੇਹਾਂਤ ਹੋ ਗਿਆ ਹੈ। ਪੰਕਜ ਦੇ ਪਰਿਵਾਰ ਅਤੇ ਫੈਨਜ਼ ਉਨ੍ਹਾਂ ਦੇ ਦੇਹਾਂਤ ਨਾਲ ਬਹੁਤ ਸਦਮੇ ਵਿੱਚ ਹਨ। 'ਮਹਾਭਾਰਤ' ਵਿੱਚ ਅਰਜੁਨ ਦੀ ਭੂਮਿਕਾ ਨਿਭਾਉਣ ਵਾਲੇ ਅਤੇ ਪੰਕਜ ਦੇ ਦੋਸਤ ਫਿਰੋਜ਼ ਖਾਨ ਨੇ ਇਸ ਖ਼ਬਰ ਦੀ ਪੁਸ਼ਟੀ ਕੀਤੀ ਹੈ। ਉਨ੍ਹਾਂ ਕਿਹਾ, "ਇਹ ਸੱਚ ਹੈ ਕਿ ਪੰਕਜ ਹੁਣ ਨਹੀਂ ਰਹੇ। ਮੈਂ ਇੱਕ ਬਹੁਤ ਵਧੀਆ ਦੋਸਤ ਗੁਆ ਦਿੱਤਾ ਹੈ। ਉਹ ਇੱਕ ਸ਼ਾਨਦਾਰ ਵਿਅਕਤੀ ਸੀ। ਮੈਂ ਸਦਮੇ ਵਿੱਚ ਹਾਂ ਅਤੇ ਮੈਨੂੰ ਨਹੀਂ ਪਤਾ ਕਿ ਕੀ ਕਹਾਂ। ਉਹ ਸੱਚਮੁੱਚ ਇੱਕ ਅਦਭੁੱਤ ਵਿਅਕਤੀ ਸੀ।" ਪੰਕਜ ਨੇ ਟੀਵੀ ਅਤੇ ਫਿਲਮ ਇੰਡਸਟਰੀ ਵਿੱਚ ਕਈ ਪ੍ਰੋਜੈਕਟਾਂ ਵਿੱਚ ਕੰਮ ਕੀਤਾ ਸੀ। ਹਾਲਾਂਕਿ, ਉਸਨੂੰ ਬੀਆਰ ਚੋਪੜਾ ਦੇ 1988 ਦੇ ਮਹਾਭਾਰਤ ਨਾਲ ਪ੍ਰਸਿੱਧੀ ਮਿਲੀ। ਇਸ ਸ਼ੋਅ ਵਿੱਚ ਅਦਾਕਾਰ ਨੇ ਕਰਨ ਦੀ ਭੂਮਿਕਾ ਨਿਭਾਈ ਸੀ। ਉਨ੍ਹਾਂ ਨੇ ਜਿਸ ਸੰਜ਼ੀਦਗੀ ਨਾਲ ਇਸ ਕਿਰਦਾਰ ਨੂੰ ਨਿਭਾਇਆ ਸੀ, ਉਸ ਦੀ ਅੱਜ ਵੀ ਮਿਸਾਲ ਦਿੱਤੀ ਜਾਂਦੀ ਹੈ। ਟੀਵੀ ਸ਼ੋਅ ਤੋਂ ਇਲਾਵਾ ਪੰਕਜ ਨੇ ਫਿਲਮਾਂ ਵਿੱਚ ਵੀ ਕੰਮ ਕੀਤਾ। ਉਹ ਚੰਦਰਕਾਂਤਾ ਅਤੇ ਦ ਗ੍ਰੇਟ ਮਰਾਠਾ ਸਮੇਤ ਕਈ ਮਿਥਿਹਾਸਕ ਸ਼ੋਅ ਦਾ ਹਿੱਸਾ ਸੀ। ਉਸਨੇ ਹਿੰਦੀ ਫਿਲਮਾਂ ਸੋਲਜਰ, ਬਾਦਸ਼ਾਹ ਅਤੇ ਸੜਕ ਵਿੱਚ ਵੀ ਸ਼ਾਨਦਾਰ ਕੰਮ ਕੀਤਾ। ਪੰਕਜ ਦੀ ਨਿੱਜੀ ਜ਼ਿੰਦਗੀ ਦੀ ਗੱਲ ਕਰੀਏ ਤਾਂ ਉਹ ਆਪਣੀ ਪਤਨੀ ਅਨੀਤਾ ਧੀਰ ਅਤੇ ਪੁੱਤਰ ਨਿਕਿਤਨ ਧੀਰ ਨੂੰ ਪਿੱਛੇ ਛੱਡ ਗਿਆ ਹੈ। ਉਨ੍ਹਾਂ ਦਾ ਪੁੱਤਰ ਨਿਕਿਤਨ ਧੀਰ ਸ਼ੋਅਬਿਜ਼ ਵਿੱਚ ਐਕਟਿਵ ਹੈ। ਪ੍ਰਸ਼ੰਸਕ ਨਿਕਿਤਨ ਨੂੰ ਫਿਲਮ ਚੇਨਈ ਐਕਸਪ੍ਰੈਸ ਵਿੱਚ ਥੰਗਾਬਲੀ ਦੀ ਭੂਮਿਕਾ ਲਈ ਜਾਣਦੇ ਹਨ। ਨਿਕਿਤਨ ਆਪਣੇ ਪਿਤਾ ਵਾਂਗ ਕਈ ਮਿਥਿਹਾਸਕ ਸ਼ੋਅ ਵਿੱਚ ਵੀ ਨਜ਼ਰ ਆਇਆ ਹੈ। ਉਸਨੇ ਰਾਮਾਇਣ ਵਿੱਚ ਰਾਵਣ ਦੀ ਭੂਮਿਕਾ ਲਈ ਪ੍ਰਸ਼ੰਸਾ ਪ੍ਰਾਪਤ ਕੀਤੀ। ਉਸਦੀ ਪਤਨੀ ਕ੍ਰਿਤਿਕਾ ਸੇਂਗਰ ਵੀ ਇੱਕ ਅਭਿਨੇਤਰੀ ਹੈ ਅਤੇ ਕਈ ਟੀਵੀ ਸ਼ੋਅ ਵਿੱਚ ਨਜ਼ਰ ਆਈ ਹੈ। ਵਿਆਹ ਤੋਂ ਬਾਅਦ ਉਹ ਸ਼ਾਇਦ ਹੀ ਕਦੇ ਪਰਦੇ 'ਤੇ ਦਿਖਾਈ ਦਿੱਤੀ ਹੈ।



## ਆਈ. ਪੀ. ਐਸ. ਵਾਈ. ਪੂਰਨ ਕੁਮਾਰ ਦਾ ਹੋਇਆ ਅੰਤਿਮ ਸਸਕਾਰ, 8 ਦਿਨਾਂ ਬਾਅਦ ਚੰਡੀਗੜ੍ਹ 'ਚ ਨਿਭਾਈਆਂ ਅੰਤਿਮ ਰਸਮਾਂ



**ਚੰਡੀਗੜ੍ਹ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਪੁਲਿਸ ਦੇ ADGPY Puran Kumar ਦਾ ਅਖੀਰ ਅੰਤਿਮ ਸਸਕਾਰ ਕਰ ਦਿੱਤਾ ਗਿਆ ਹੈ। ਆਈਪੀਐਸ ਰੈਂਕ ਦੇ ਅਧਿਕਾਰੀ ਦਾ ਅੰਤਿਮ ਸਸਕਾਰ 8 ਦਿਨਾਂ ਬਾਅਦ ਚੰਡੀਗੜ੍ਹ ਦੇ ਸੈਕਟਰ 25 ਦੇ ਸ਼ਮਸ਼ਾਨਘਾਟ 'ਚ ਕੀਤਾ ਗਿਆ, ਜਿਥੇ ਪਰਿਵਾਰ ਨੇ ਅੰਤਿਮ ਰਸਮਾਂ ਪੂਰੀਆਂ ਕੀਤੀਆਂ। ਉਪਰੰਤ, ਅਧਿਕਾਰੀ ਨੂੰ ਉਨ੍ਹਾਂ ਦੀਆਂ ਦੋਵੇਂ ਧੀਆਂ ਨੇ ਰੋਂਦੇ ਹੋਏ ਭਰੇ ਮਨ ਨਾਲ ਅਗਨੀ ਵਿਖਾਈ। ਇਸਤੋਂ ਪਹਿਲਾਂ ਦੁਪਹਿਰ ਸਮੇਂ ਪੂਰਨ ਕੁਮਾਰ ਦੀ ਮ੍ਰਿਤਕ ਦੇਹ ਦਾ ਪੋਸਟ ਮਾਰਟਮ ਕੀਤਾ ਗਿਆ ਸੀ, ਜਿਸ ਤੋਂ ਬਾਅਦ ਦੇਹ ਨੂੰ ਸੈਕਟਰ 25 ਦੇ ਸ਼ਮਸ਼ਾਨਘਾਟ ਵਿੱਚ ਲਿਆਂਦਾ ਗਿਆ। ਇਸ ਮੌਕੇ ਅਧਿਕਾਰੀ ਨੂੰ ਅਗਨੀ ਤੋਂ ਪਹਿਲਾਂ ਰਸਮਾਂ ਅਨੁਸਾਰ, ਇੱਕ ਪੁਲਿਸ ਟੁਕੜੀ ਨੇ ਉਨ੍ਹਾਂ ਨੂੰ ਸਲਾਮੀ ਦਿੱਤੀ ਅਤੇ ਵੱਡੀ ਗਿਣਤੀ ਵਿੱਚ ਪੁਲਿਸ, ਪ੍ਰਸ਼ਾਸਨ ਅਤੇ ਸਰਕਾਰੀ ਪ੍ਰਤੀਨਿਧੀਆਂ ਨੇ ਸ਼ਰਧਾਂਜਲੀ ਭੇਟ ਕੀਤੀ। ਫਿਰ ਆਈਪੀਐਸ ਅਧਿਕਾਰੀ ਦੀਆਂ ਦੋ ਧੀਆਂ ਨੇ ਅੰਤਿਮ ਸੰਸਕਾਰ ਦੀ ਚਿਤਾ ਨੂੰ ਅਗਨੀ ਦਿੱਤੀ। ਆਈਪੀਐਸ ਅਧਿਕਾਰੀ ਦੀ ਪਤਨੀ, ਆਈਏਐਸ ਅਮਨਿਤ ਪੀ. ਕੁਮਾਰ, ਕੈਬਨਿਟ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਅਤੇ ਸ਼ਿਆਮ ਸਿੰਘ ਰਾਣਾ, ਏਸੀਐਸ ਗ੍ਰਹਿ ਸੁਮਿਤਾ ਮਿਸ਼ਰਾ, ਸੀਐਸ ਅਨੁਰਾਗ ਰਸਤੋਗੀ ਅਤੇ ਨਵੇਂ ਨਿਯੁਕਤ ਡੀਜੀਪੀ ਓਪੀ ਸਿੰਘ ਦੇ ਨਾਲ ਮੌਕੇ 'ਤੇ ਮੌਜੂਦ ਸਨ। ਪੂਰਨ ਕੁਮਾਰ ਦੀ ਖੁਦਕੁਸ਼ੀ ਤੋਂ ਨੌਵੇਂ ਦਿਨ ਸਵੇਰੇ, ਚੰਡੀਗੜ੍ਹ ਪੀਜੀਆਈ ਵਿਖੇ ਉਸਦਾ ਪੋਸਟਮਾਰਟਮ ਕੀਤਾ ਗਿਆ। ਇੱਕ ਮੈਜਿਸਟ੍ਰੇਟ ਦੀ ਮੌਜੂਦਗੀ ਵਿੱਚ ਪੂਰੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕੀਤੀ ਗਈ। ਪੂਰੀ ਪ੍ਰਕਿਰਿਆ ਵਿੱਚ ਲਗਭਗ ਚਾਰ ਘੰਟੇ ਲੱਗੇ। ਦੁਪਹਿਰ 2:20 ਵਜੇ, ਇੱਕ ਐਂਬੂਲੈਂਸ ਸੈਕਟਰ 24 ਦੇ ਨਿਵਾਸ 'ਤੇ ਪੂਰਨ ਕੁਮਾਰ ਦੀ ਲਾਸ਼ ਲੈ ਕੇ ਪਹੁੰਚੀ। ਸੀਨੀਅਰ ਆਈਪੀਐਸ ਅਧਿਕਾਰੀ ਨੇ 7 ਅਕਤੂਬਰ ਨੂੰ ਚੰਡੀਗੜ੍ਹ ਵਿੱਚ ਆਪਣੇ ਸਰਕਾਰੀ ਬੰਗਲੇ ਵਿੱਚ ਆਪਣੇ ਆਪ ਨੂੰ ਗੋਲੀ ਮਾਰ ਲਈ ਸੀ।

## ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਨੇ ਅਫ਼ਸਰ ਦੇ ਮਾਰਿਆ ਥੱਪੜ, ਆਹਮੋ-ਸਾਹਮਣੇ ਹੋਏ ਪੁਲਿਸ ਤੇ ਕਿਸਾਨ



**ਕੁਰੂਕਸ਼ੇਤਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਦੇ ਕੁਰੂਕਸ਼ੇਤਰ ਤੋਂ ਵੱਡੀ ਖ਼ਬਰ ਆ ਰਹੀ ਹੈ ਜਿੱਥੇ ਝੋਨੇ ਦੀ ਖ਼ਰੀਦ ਵਿੱਚ ਬੇਨਿਯਮੀਆਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਤੇ ਪ੍ਰਸ਼ਾਸਨ ਆਹਮੋ-ਸਾਹਮਣੇ ਹੋ ਗਏ। ਇਸ ਦੌਰਾਨ ਕਿਸਾਨ ਵੱਡੀ ਗਿਣਤੀ ਵਿੱਚ ਮਿੰਨੀ ਸਕੱਤਰੇਤ ਦੇ ਸਾਹਮਣੇ ਡੀਸੀ ਦਫ਼ਤਰ ਦੇ ਬਾਹਰ ਝੋਨੇ ਦੀ ਲਿਫਟਿੰਗ ਲਈ ਵਿਰੋਧ ਪ੍ਰਦਰਸ਼ਨ ਕਰਨ ਲਈ ਪਹੁੰਚੇ ਪਰ ਇਸ਼ ਮੌਕੇ ਜ਼ਬਰਦਸਤ ਹੰਗਾਮਾ ਹੋਇਆ। ਦਰਅਸਲ, ਭਾਰਤੀ ਕਿਸਾਨ ਯੂਨੀਅਨ ਦੇ ਪ੍ਰਧਾਨ ਗੁਰਨਾਮ ਸਿੰਘ ਚੜੂਨੀ ਦੀ ਪ੍ਰਸ਼ਾਸਨ ਨਾਲ ਤਿੱਖੀ ਬਹਿਸ ਹੋਈ, ਦੋਸ਼ ਹੈ ਕਿ ਕਿਸਾਨ ਆਗੂ ਨੇ ਜ਼ਿਲ੍ਹਾ ਖੁਰਾਕ ਸਪਲਾਈ ਵਿਭਾਗ ਦੇ ਇੱਕ ਅਧਿਕਾਰੀ ਨੂੰ ਥੱਪੜ ਮਾਰਿਆ, ਮੌਕੇ 'ਤੇ ਹਫੜਾ-ਦਫੜੀ ਮਚ ਗਈ। ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਤੁਰੰਤ ਕਾਰਵਾਈ ਕੀਤੀ ਅਤੇ ਸਥਿਤੀ ਨੂੰ ਕਾਬੂ ਵਿੱਚ ਲਿਆਂਦਾ। ਇਸ ਸਮੇਂ ਮੌਕੇ 'ਤੇ ਭਾਰੀ ਪੁਲਿਸ ਫੋਰਸ ਤਾਇਨਾਤ ਹੈ, ਅਤੇ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਹੈ। ਜ਼ਿਕਰ ਕਰ ਦਈਏ ਕਿ ਗੁਰਨਾਮ ਸਿੰਘ ਚੜੂਨੀ ਵਿਰੋਧ ਪ੍ਰਦਰਸ਼ਨ ਦੌਰਾਨ ਟਰੈਕਟਰ ਟਰਾਲੀ 'ਤੇ ਸਵਾਰ ਸੀ। ਉਹ ਟਰਾਲੀ ਤੋਂ ਉਤਰਿਆ ਅਤੇ ਪੁਲਿਸ ਅਧਿਕਾਰੀਆਂ ਨਾਲ ਘਿਰੇ ਹੋਏ ਡੀਐਫਸੀ ਰਾਜੇਸ਼ ਆਰੀਆ ਨੂੰ ਥੱਪੜ ਮਾਰ ਦਿੱਤਾ। ਪੁਲਿਸ ਅਧਿਕਾਰੀ ਅਤੇ ਸਟਾਫ ਚੜੂਨੀ ਦੇ ਇਰਾਦਿਆਂ ਤੋਂ ਅਣਜਾਣ ਸਨ। ਹਾਲਾਂਕਿ, ਚੜੂਨੀ ਨੂੰ ਹੁਣ ਪੁਲਿਸ ਨੇ ਹਿਰਾਸਤ ਵਿੱਚ ਲੈ ਲਿਆ ਹੈ। ਹਾਲਾਂਕਿ ਅਜੇ ਤੱਕ ਇਹ ਸਾਫ਼ ਨਹੀਂ ਹੋਇਆ ਕਿ ਉਸ ਨੇ ਇਹ ਥੱਪੜ ਕਿਉਂ ਮਾਰਿਆ।

# ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

ਇੰਟਰਨੈਸ਼ਨਲ ਪੰਥਕ ਦਲ INTERNATIONAL PANTHIC DAL

## ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ਼੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ — ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

**ਚੋਣ ਮਿਤੀ: 11 ਨਵੰਬਰ 2025**

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**

**ਉਮੀਦਵਾਰ: ਭਾਈ ਮਨਦੀਪ ਸਿੰਘ (ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM International Newspaper & WEB TV

--★ ਜਾਰੀ ਕਰਤਾ ★--

## ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ

ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.


ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਅਜਿਹੇ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

---


ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥





ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਾ ਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

# 29ਵਾਂ ਸਲਾਨਾ ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰ. 98141-27470, 84278-66404, 73408-35137





ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
Belgrave Neighbourhood Centre
Belgrave Health Centre
Cossington Recreation ground
Brandon Street Surgery
0784 102 9416
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਦਿਨ ਐਤਵਾਰ 19 ਅਕਤੂਬਰ 2025

ਸ਼ਹੀਦੀ ਦਿਹਾੜਾ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਨਗਰ ਕੀਰਤਨ ਦੀ ਆਰੰਭਤਾ ਸਮਾਂ 12:00 ਤੋਂ ਸ਼ਾਮ 5 ਵਜੇ ਪਿੰਡ ਕਾਜ਼ਲਮੋਰਾਨੋ ਵਿਚ ਹੀ ਸਮਾਪਤੀ ਹੋਵੇਗੀ।

ਸ਼ਨਿੱਚਰਵਾਰ 18 ਅਕਤੂਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਐਤਵਾਰ 19 ਅਕਤੂਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:00 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਸ਼ਰਨ ਸਿੰਘ ਜੀ ਯੂ ਕੇ ਵਾਲੇ , ਕਥਾ ਵਾਚਕ , ਕਵੀਸ਼ਰੀ ਜਥਾ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।





## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਆਵਾਜ਼ਿ ਕੌਮ AWAZE QAUM International Newspaper & WEB TV

## ਇੰਗਲੈਂਡ ਅਤੇ ਯੋਰਪ ਦੀਆਂ ਸਿੱਖ ਸੰਗਤਾਂ ਲਈ ਖੁਸ਼ਖਬਰੀ

### ਆਵਾਜ਼ਿ ਕੌਮ ਟੂਰ & ਟਰੈਵਲਜ਼ ਅਤੇ ਸ: ਰਘਬੀਰ ਸਿੰਘ ਵਲੋਂ

# ਨਨਕਾਣਾ ਸਾਹਿਬ ਯਾਤਰਾ

ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਮਨਾਓ ਜੀ।

ਨਵੰਬਰ 2025
ਬੁਕਿੰਗ ਸ਼ੁਰੂ ਹੈ
ਪਾਕਿਸਤਾਨ ਯਾਤਰਾ ਪੈਕੇਜ
£1650



NOV 2025
Book Now
Pakistan Yatra Package
£1650

## 9 Days Yatra - 31 Oct to 8 Nov, 2025

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਪਿਆਰੀ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ॥
ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਮੇਤ ਸੰਸਾਰ ਭਰ ਵਿ'ਚ ਮਨਾਇਆ ਜਾ ਰਿਹਾ ਹੈ। ਸਿੰਘ ਟਰੈਵਲ ਅਤੇ ਗੁਰਧਾਮ ਯਾਤਰਾ ਸੇਵਾ ਸੁਸਾਇਟੀ ਵਲੋਂ 2010 ਤੋਂ ਹਰ ਸਾਲ ਫਰਵਰੀ, ਮਾਰਚ, ਅਪ੍ਰੈਲ, ਸਤੰਬਰ ਅਤੇ ਨਵੰਬਰ ਵਿੱਚ ਸੰਗਤਾਂ ਨੂੰ ਪੰਥ ਤੋਂ ਵਿਛੜੇ ਸ੍ਰੀ ਨਨਕਾਣਾ ਸਾਹਿਬ ਅਤੇ 25 ਤੋਂ ਵੱਧ ਗੁਰਧਾਮਾਂ ਦੇ ਦਰਸ਼ਨ, ਯੋਰਪ ਅਤੇ ਦੁਬਈ ਦੇ ਟੂਰ ਕਰਵਾਏ ਜਾਂਦੇ ਹਨ। ਹੁਣ ਤੱਕ ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਯੋਰਪ ਸਮੇਤ ਸੰਸਾਰ ਭਰ ਦੀਆਂ ਹਜਾਰਾਂ ਸੰਗਤਾਂ ਪ੍ਰੀਵਾਰ ਸਮੇਤ ਦਰਸ਼ਨ ਕਰ ਚੁੱਕੀਆਂ ਹਨ, ਤੁਸੀ ਵੀ ਵਧੀਆ ਪ੍ਰਵਾਰਿਕ ਮਾਹੌਲ ਵਿੱਚ ਖੁੱਲੇ ਦਰਸ਼ਨ ਦੀਦਾਰ ਕਰਨ ਅਤੇ ਭਰੋਸੇਯੋਗ ਸੇਵਾਵਾਂ ਲਈ ਅੱਜ ਹੀ ਸੰਪਰਕ ਕਰੋ ਜੀ। **ਪੰਜਾਂ ਤਖਤਾਂ ਦੀ ਯਾਤਰਾ ਅਤੇ ਬਜੁਰਗਾਂ ਦੇ ਪਿੰਡ ਵੇਖਣ ਦਾ ਖਾਸ ਪ੍ਰਬੰਧ ਹੈ।**

ਸੰਸਾਰ ਭਰ ਵਿੱਚ ਜਾਣ ਲਈ ਸਸਤੀਆਂ ਹਵਾਈ ਟਿਕਟਾਂ ਲਈ ਇਕ ਵਾਰ ਫੋਨ ਜਰੂਰ ਘੁਮਾਓ ਜੀ।

Yatra Expenses from UK: Pakistan 950 + Dubai 695 = From Europe Pakistan 1095 Dubai 795
( Pak Visa, Hotel Twin Share + AC Delux Buses + Veg food + Z+ Security, Attraction Fees & Mineral Water Including the Yatra Expenses)

Special Discount on Yatra for family with Kids & 5 Star Yatra Package available on request



## Awaze Qaum Tour & Travels

**Tel: + 44 7976 210161**

Canada & USA Sangat Call Jasbir Sgh Boparai @
Canada:+1-647-231-1600- USA: +1-716-342-6007


Awaze Qaum Tour & Travels & Raghbir Singh Jatha
SINGH TRAVEL & TOURS LTD.
Singh Travel
GURDHAM YATRA & SEVA SOCIETY
CANADA
GURDHAMYATRA.COM
YATRA
NANKANA SAHIB
OCT 30 - NOV 8, 2025
ਆਵਾਜ਼ਿ ਕੌਮ
AWAZE QAUM
International Newspaper & WEB TV
Nankana Sahib
Panja Sahib
kartarpur Sahib
25+ Gurdwara's & Historical places darshan
ਸਿੰਘ ਟਰੈਵਲ ਨਾਲ ਇੱਕ ਵਾਰ ਯਾਤਰਾ ਜਰੂਰ ਕਰੋ, ਸਾਡਾ 16 ਸਾਲ ਦਾ ਯਾਤਰਾ ਤਜ਼ਰਬਾ, ਤੁਹਾਡੀ ਯਾਤਰਾ ਯਾਦਗਾਰੀ ਬਣਾ ਦੇਵੇਗਾ।
YATRA WITH SINGH TRAVEL – WE MAKE YOUR YATRA TRULY MEMORABLE!
4 Days Dubai + all meals Ac Buses, 5 Attractions Airport & hotel
UK. 695
Europe. 795
9 Days + Veg meals, Ac Buses, Visa+ Hotels & Z+ Security, Without Ticket
UK. 950
Europe. 1095
Pakistan Yatra 9 Days + Veg meals, Ac Buses, Visa+ Hotels, Z+ Security & Return Air Ticket
UK. 1650
Raghbir Singh
07976 210161
Mangal Singh
07939 486321
Jasbir S. Boparai
+1 647.231.1600

AWAZE QAUM TOUR & TRAVEL (YATRA SINCE 2000)

ਆਵਾਜ਼ਿ ਕੌਮ AWAZE QAUM International Newspaper & WEB TV

# YATRA NANKANA SAHIB

WE WILL ALSO BE VISITING 25+ GURDWARA'S AND HISTORICAL PLACES

## 30 OCT TO 8 NOV, 2025









YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)



RAGHBIR SINGH
+44
7976 210 161

PACKAGE INCLUDES:
PAKISTAN VISA+ HOTEL(TWIN SHARE)+ LUXURY TRANSPORT+ VEG. FOOD + MINERAL WATER AND MUCH MORE

CANADA SANGAT: +1 647.231.1600 – USA SANGAT: +1 716.342.6007


SRI GURU TEGH BAHADUR SAHIB JI
350TH
SHAHEEDI DIVAS
350 ਸ਼ਹੀਦੀ ਸਮਾਗਮ
ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ
ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹੀਦੀ ਨੂੰ ਸਮਰਪਿਤ
23 ਤੋਂ 26 ਅਕਤੂਬਰ 2025 ਤੱਕ
23 ਅਕਤੂਬਰ (ਵੀਰਵਾਰ)
ਪਾਠ ਸ੍ਰੀ ਸੁਖਮਨੀ ਸਾਹਿਬ – ਦੁਪਹਿਰ 3:00 ਵਜੇ
ਦੀਵਾਨ – 3:00 ਵਜੇ ਤੋਂ 8:30 ਵਜੇ ਤੱਕ
24 ਅਕਤੂਬਰ (ਸ਼ੁੱਕਰਵਾਰ)
ਦੀਵਾਨ – ਸਵੇਰੇ 5:30 ਵਜੇ ਤੋਂ ਰਾਤ 8:30 ਵਜੇ ਤੱਕ
25 ਅਕਤੂਬਰ (ਸ਼ਨੀਵਾਰ)
ਦੀਵਾਨ – ਸਵੇਰੇ 5:30 ਵਜੇ ਤੋਂ ਰਾਤ 9:00 ਵਜੇ ਤੱਕ
26 ਅਕਤੂਬਰ (ਐਤਵਾਰ)
ਸ੍ਰੀ ਸਹਿਜ ਪਾਠ ਭੋਗ – ਸਵੇਰੇ 10:00 ਵਜੇ
ਦੀਵਾਨ – ਸਵੇਰੇ 5:30 ਵਜੇ ਤੋਂ ਸ਼ਾਮ 7:00 ਵਜੇ ਤੱਕ
ਕਾਰ ਪਾਰਕ
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
126-128 High St, West Bromwich B70 6JW
ਆਵਾਜ਼ਿ ਕੌਮ
AWAZE QAUM
International Newspaper & WEB TV
ਸੈਂਡਵੈਲ ਦੇ ਸਮੂਹ ਗੁਰਦੁਆਰਿਆਂ ਸਾਹਿਬ ਦੇ ਸਹਿਜੋਗ ਨਾਲ ਸਾਂਝੇ ਤੌਰ ਤੇ ਅਤੇ ਸਮੂਹ ਸਾਧ ਸੰਗਤ ਦੇ ਸਹਿਜੋਗ ਨਾਲ ਚਾਰ ਦਿਨਾਂ ੩੫੦ ਸਾਲਾਂ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਵੈਸਟ ਬਰੋਮਵਿਚ ਦੀ ਕਾਰ ਪਾਰਕਿੰਗ ਵਿੱਚ ਮਨਾਇਆ ਜਾ ਰਿਹਾ ਹੈ
ਗੁਰਦੁਆਰਾ ਨਾਨਕਸਰ - ਸਮੈਥਵਿਕ
ਗੁਰਦੁਆਰਾ ਸਚਖੰਡ ਇਸ਼ਰ ਦਰਬਾਰ
ਗੁਰਦੁਆਰਾ ਗੁਰੂ ਹਰਗੋਬਿੰਦ ਸਾਹਿਬ ਜੀ ਟਿਵੀਡੇਲ
Sikh Council Sandwell
Guru Nanak Gurdwara
ਹਰਿਰਾਇ Sri Guru HarRai Sahib Ji
Gurdwara Guru Maneyo Granth OLDBURY
Bhai Khalsa Singh – 07454 023665 | Bhai Jatinder Singh – 07955 555840 | Bhai Ranjit Singh – 07587 156997 | Bhai Jagtar Singh – 07769 294279
Bhai Daya Singh (Hilltop) – 07837 529547 | Bhai Harjit Singh – 07950 266522 | Bhai Raghver Singh – 07930 908368 | Bhai Balvinder Singh – 07795 220835
Bhai Varinder Singh – 07435 123456 | Bhai Gurnam Singh – 07816 262046 | Bhai Gurmeet Singh – 07930 347140 | Bhai Daya Singh – 07772 222181


SRI GURU TEGH BAHADUR SAHIB JI
350TH
SHAHEEDI DIVAS
350TH SHAHEEDI SMAGAM
DEDICATED TO THE 350TH SHAHEEDI OF
SRI GURU TEGH BAHADUR SAHIB JI
In memory of Shaheeds Bhai Mati Das Ji, Bhai Sati Das Ji, and Bhai Dayala Ji
23RD – 26TH OCTOBER 2025
23rd October (Thursday)
Path Sri Sukhmani Sahib – 3:00 PM
Divaan – 3:00 PM to 8:30 PM
24th October (Friday)
Divaan – 5:30 AM to 8:30 PM
25th October (Saturday)
Divaan – 5:30 AM to 9:00 PM
26th October (Sunday)
Sri Sehaj Path Bhog – 10:00 AM
Divaan – 5:30 AM to 7:00 PM
SMAGAM HELD IN CAR PARK OF
GURDWARA GURU HAR RAI SAHIB JI
126–128 HIGH ST, WEST BROMWICH B70 6JW
ਆਵਾਜ਼ਿ ਕੌਮ AWAZE QAUM International Newspaper & WEB TV
This smagam has been organised by The Sandwell Council of Sikh Gurdware and the Sadh Sangat. Please come along and attend this four day program with your friends and family to remember the sacrifice of our great shaheeds.
Gurdwara Nanaksar Smethwick
Gurdwara Sachkhand Isher Darbar
Gurdwara Guru Hargobind Sahib Ji Tividale
Sikh Council Sandwell
Guru Nanak Gurdwara
Sri Guru HarRai Sahib Ji
Gurdwara Guru Maneyo Granth OLDBURY
Bhai Khalsa Singh – 07454 023665 | Bhai Jatinder Singh – 07955 555840 | Bhai Ranjit Singh – 07587 156997 | Bhai Jagtar Singh – 07769 294279
Bhai Daya Singh (Hilltop) – 07837 529547 | Bhai Harjit Singh – 07950 266522 | Bhai Raghver Singh – 07930 908368 | Bhai Balvinder Singh – 07795 220835
Bhai Varinder Singh – 07435 123456 | Bhai Gurnam Singh – 07816 262046 | Bhai Gurmeet Singh – 07930 347140 | Bhai Daya Singh – 07772 222181

# 29ਵੇਂ ਮਹਾਨ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਲਈ 17 ਅਕਤੂਬਰ ਨੂੰ ਜਰੂਰੀ ਮੀਟਿੰਗ



**ਜੱਸੋਵਾਲ, 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸ਼ਹੀਦਾਂ ਜਸੋਵਾਲ ਬੱਬਰਾਂ ਦੇ ਹਾਈ ਕੋਰਟ ਬਹੀੜਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 29ਵਾਂ ਮਹਾਨ ਗੁਰਮਤਿ ਸਮਾਗਮ ਸ਼ਾਨਦਾਰ ਢੰਗ ਨਾਲ 1 ਨਵੰਬਰ 2025 (ਸ਼ਨੀਚਰਵਾਰ) ਨੂੰ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਮਾਗਮ ਨੂੰ ਸਰਬਤ ਖਾਲਸੇ ਦੀ ਆਤਮਕ ਜੋੜ ਦਾ ਪ੍ਰਤੀਕ ਮੰਨਿਆ ਜਾਂਦਾ ਹੈ, ਜਿਸ ਵਿੱਚ ਦੇਸ਼-ਵਿਦੇਸ਼ ਤੋਂ ਪ੍ਰਸਿੱਧ ਗੁਰਮੁਖ ਪੁਰਸ਼, ਰਾਗੀ ਜਥੇ, ਕਥਾਵਾਚਕ ਅਤੇ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਦੇ ਹਨ।

ਇਸ ਮਹਾਨ ਸਮਾਗਮ ਦੀਆਂ ਤਿਆਰੀਆਂ ਨੂੰ ਸੁਚਾਰੂ ਬਣਾਉਣ ਅਤੇ ਪ੍ਰਬੰਧਕੀ ਪੱਧਰ ’ਤੇ ਸਾਰੇ ਪ੍ਰਬੰਧਾਂ ਬਾਰੇ ਵਿਚਾਰ ਵਟਾਂਦਰਾ ਕਰਨ ਲਈ ਵਿਸ਼ੇਸ਼ ਜਰੂਰੀ ਮੀਟਿੰਗ ਰੱਖੀ ਗਈ ਹੈ।

**ਤਾਰੀਖ਼: 17 ਅਕਤੂਬਰ 2025 (ਸ਼ੁਕਰਵਾਰ)**

**ਸਮਾਂ: ਸ਼ਾਮ 4 ਵਜੇ**

**ਸਥਾਨ: ਗੁਰਦੁਆਰਾ ਸ਼ਹੀਦਾਂ ਜਸੋਵਾਲ ਬੱਬਰਾਂ**

ਇਸ ਮੀਟਿੰਗ ਵਿੱਚ ਸਮੂਹ ਗੁਰਮੁਖ ਪ੍ਰਬੰਧਕ ਮੈਂਬਰਾਂ, ਸੇਵਾਦਾਰਾਂ ਅਤੇ ਸੰਗਤਾਂ ਨੂੰ ਸ਼ਾਮਿਲ ਹੋਣ ਦੀ ਨਿਮਰ ਬੇਨਤੀ ਕੀਤੀ ਗਈ ਹੈ ਤਾਂ ਜੋ ਗੁਰਮਤਿ ਸਮਾਗਮ ਦੇ ਸਾਰੇ ਪ੍ਰਬੰਧ — ਜਿਵੇਂ ਰਿਹਾਇਸ਼, ਲੰਗਰ ਪ੍ਰਬੰਧ, ਪ੍ਰੋਗਰਾਮ ਸ਼ਿਡਊਲ, ਸੁਰੱਖਿਆ ਅਤੇ ਪ੍ਰਸਾਰਣ — ਉੱਤੇ ਸਾਂਝੀ ਸਲਾਹ ਨਾਲ ਫ਼ੈਸਲੇ ਕੀਤੇ ਜਾ ਸਕਣ।

ਇਸ ਮੌਕੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ (ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ) ਨੇ ਕਿਹਾ ਕਿ, “ਸੰਗਤਾਂ ਦੀ ਸਰਗਰਮ ਭਾਗੀਦਾਰੀ ਅਤੇ ਪਿਆਰ ਭਰਿਆ ਸਹਿਯੋਗ ਹੀ ਇਸ ਤਰ੍ਹਾਂ ਦੇ ਮਹਾਨ ਸਮਾਗਮਾਂ ਨੂੰ ਸਫਲ ਬਣਾਉਂਦਾ ਹੈ। ਗੁਰਮਤਿ ਪ੍ਰਚਾਰ ਅਤੇ ਪੰਥਕ ਏਕਤਾ ਲਈ ਇਹ ਸਮਾਗਮ ਬਹੁਤ ਮਹੱਤਵ ਰੱਖਦਾ ਹੈ।” ਉਹਨਾਂ ਨੇ ਸਾਰੇ ਖੇਤਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਕੀਮਤੀ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਮੀਟਿੰਗ ਵਿੱਚ ਜ਼ਰੂਰ ਹਾਜ਼ਰੀ ਲਗਾਉਣ ਤਾਂ ਜੋ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਨੂੰ ਹੋਰ ਚੰਗੀ ਤਰ੍ਹਾਂ ਅੰਜ਼ਾਮ ਤੱਕ ਪਹੁੰਚਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

**ਧੰਨਵਾਦ ਸਹਿਤ**

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

## (ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ)

## 15 ਅਕਤੂਬਰ 1981 ਦਾ ਇਤਿਹਾਸ

# ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਫਿਰੋਜ਼ਪੁਰ ਜੇਲ ਤੋਂ ਬਾ-ਇੱਜ਼ਤ ਰਿਹਾਈ

**ਫਿਰੋਜ਼ਪੁਰ / ਅੰਮ੍ਰਿਤਸਰ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**—ਅੱਜ ਦੇ ਦਿਨ ਸਿੱਖ ਇਤਿਹਾਸ ਵਿੱਚ ਇਕ ਅਮਿੱਟ ਪੰਨਾ ਦਰਜ ਹੋਇਆ ਸੀ। 15 ਅਕਤੂਬਰ 1981 ਨੂੰ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੂੰ ਫਿਰੋਜ਼ਪੁਰ ਜੇਲ ਚੋਂ ਬਾ-ਇੱਜ਼ਤ ਰਿਹਾਅ ਕੀਤਾ ਗਿਆ। ਇਹ ਘਟਨਾ ਉਸ ਸਮੇਂ ਦੀ ਸਿੱਖ ਕੌਮ ਦੀ ਏਕਤਾ, ਜਜ਼ਬੇ ਅਤੇ ਅਡੋਲ ਸੰਘਰਸ਼ ਦਾ ਪ੍ਰਤੀਕ ਸੀ। ਉਸ ਵੇਲੇ ਪੰਜਾਬ ਦੇ ਹਾਲਾਤ ਬਹੁਤ ਤਣਾਅ ਭਰੇ ਸਨ। ਸਮੁੱਚੀ ਸਿੱਖ ਕੌਮ — ਚਾਹੇ ਕਿਸੇ ਵੀ ਧੜੇ ਨਾਲ ਸੰਬੰਧਿਤ — ਇਕ ਆਵਾਜ਼ ਹੋ ਗਈ ਸੀ। ਸੰਤਾਂ ਦੀ ਰਿਹਾਈ ਲਈ ਜ਼ੋਰਦਾਰ ਅੰਦੋਲਨ ਚੱਲ ਰਿਹਾ ਸੀ। ਸੰਗਤਾਂ ਦਾ ਗੁੱਸਾ ਅਤੇ ਭਾਵਨਾ ਚਰਮ ਸੀਮਾ 'ਤੇ ਸੀ। ਦਲ ਖਾਲਸਾ ਦੇ ਸਿੰਘਾਂ ਵੱਲੋਂ ਏਅਰ ਇੰਡੀਆ ਦੇ ਜਹਾਜ਼ ਨੂੰ ਅਗਵਾ ਕਰ ਲਿਆ ਗਿਆ ਸੀ, ਜਿਸ ਨਾਲ ਕੇਂਦਰ ਸਰਕਾਰ ਹਿਲ ਗਈ ਸੀ। ਉਸੇ ਸਮੇਂ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਨੌਜਵਾਨਾਂ ਵੱਲੋਂ ਪੰਜਾਬ ਦੇ ਘੱਟੋ-ਘੱਟ 15 ਰੇਲਵੇ ਸਟੇਸ਼ਨਾਂ 'ਤੇ ਬੰਬ ਧਮਾਕੇ ਕੀਤੇ ਗਏ ਸਨ। ਦਿਨੋਂ ਦਿਨ ਹਾਲਾਤ ਵਿਗੜਦੇ ਗਏ ਅਤੇ ਫਿਰੋਜ਼ਪੁਰ ਜੇਲ੍ਹ ਅੱਗੇ ਸੰਗਤਾਂ ਦਾ ਵੱਡਾ ਇਕੱਠ ਹੋਣਾ ਸ਼ੁਰੂ ਹੋ ਗਿਆ। ਆਖ਼ਰਕਾਰ ਕੇਂਦਰ ਸਰਕਾਰ ਨੂੰ ਸੰਗਤਾਂ ਦੇ ਜਜ਼ਬੇ ਅੱਗੇ ਝੁਕਣਾ ਪਿਆ ਅਤੇ ਸੰਤ ਗਿਆਨੀ ਜਰਨੈਲ ਸਿੰਘ ਜੀ ਨੂੰ ਬਾ-ਇੱਜ਼ਤ ਰਿਹਾਅ ਕਰ ਦਿੱਤਾ ਗਿਆ। ਪਹਿਲਾਂ ਜਮਾਨਤ 'ਤੇ ਰਿਹਾਈ ਦੀ ਕੋਸ਼ਿਸ਼ ਕੀਤੀ ਗਈ ਸੀ, ਪਰ ਸੰਤ ਜੀ ਨੇ ਜਮਾਨਤ 'ਤੇ ਰਿਹਾਈ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਉਹ ਸਿਰਫ਼ ਬੇਦਾਗ. ਰਿਹਾਈ ਚਾਹੁੰਦੇ ਸਨ, ਜੋ ਆਖ਼ਿਰਕਾਰ 15 ਅਕਤੂਬਰ ਨੂੰ ਮਿਲੀ। ਰਿਹਾਈ ਦੇ ਸਮੇਂ ਫਿਰੋਜ਼ਪੁਰ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਤੱਕ ਸੰਗਤਾਂ ਦਾ ਠਾਠਾਂ ਮਾਰਦਾ ਕਾਫ਼ਲਾ ਨਿਕਲਿਆ। ਹਰ ਪਾਸੇ "ਬੋਲੇ ਸੋ ਨਿਹਾਲ" ਦੇ ਜੈਕਾਰਿਆਂ ਨਾਲ ਅਸਮਾਨ ਗੂੰਜ ਉਠਿਆ। ਇਹ ਦਿਨ ਸਿੱਖ ਕੌਮ ਦੇ ਸੰਘਰਸ਼ ਇਤਿਹਾਸ ਦਾ ਪ੍ਰਤੀਕ ਬਣ ਚੁੱਕਾ ਹੈ — ਜਦ ਸਾਰੀ ਕੌਮ ਇਕ ਜੁੱਟ ਹੋ ਕੇ ਆਪਣੇ ਸਨਮਾਨ ਤੇ ਮੂਲ ਅਸੂਲਾਂ ਲਈ ਖੜ੍ਹੀ ਹੋਈ ਸੀ। ਅੱਜ ਵੀ 15 ਅਕਤੂਬਰ 1981 ਸਾਨੂੰ ਯਾਦ ਦਿਵਾਂਦਾ ਹੈ ਕਿ ਜਦ ਸਿੱਖ ਕੌਮ ਇਕ ਹੋ ਕੇ ਖੜ੍ਹਦੀ ਹੈ, ਤਾਂ ਕੋਈ ਤਾਕਤ ਉਸਨੂੰ ਝੁਕਾ ਨਹੀਂ ਸਕਦੀ।



# ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਮਿਲੀ ਵੱਡੀ ਮਜ਼ਬੂਤੀ






**ਅੰਮ੍ਰਿਤਸਰ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੀ ਰਾਜਨੀਤੀ ਵਿੱਚ ਅੱਜ ਇੱਕ ਮਹੱਤਵਪੂਰਨ ਵਿਕਾਸ ਦੇਖਣ ਨੂੰ ਮਿਲਿਆ, ਜਦੋਂ ਵੱਖ-ਵੱਖ ਪਾਰਟੀਆਂ ਨਾਲ ਜੁੜੇ ਪ੍ਰਮੁੱਖ ਆਗੂਆਂ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋ ਕੇ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ।

ਇਸ ਮੌਕੇ ਵਿਧਾਨ ਸਭਾ ਹਲਕਾ ਅਜਨਾਲਾ ਤੋਂ ਪਿੰਡ ਗਾਲਿਬ ਦੇ ਸਾਬਕਾ ਸਰਪੰਚ ਅਤੇ ਸੰਯੁਕਤ ਸੰਘਰਸ਼ ਪਾਰਟੀ ਪੰਜਾਬ ਤੇ ਸੰਯੁਕਤ ਸਮਾਜ ਮੋਰਚਾ ਵੱਲੋਂ 2022 ਵਿੱਚ ਐਮ ਐਲ ਏ ਚੋਣ ਲੜ ਚੁੱਕੇ ਸ੍ਰ ਚਰਨਜੀਤ ਸਿੰਘ ਗਾਲਿਬ ਜੀ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਦੇ ਨਾਲ ਹੀ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਐਗਰੀ ਸਪੋਰਟ ਕਾਰਪੋਰੇਸ਼ਨ ਦੇ ਸਾਬਕਾ ਡਾਇਰੈਕਟਰ ਸ੍ਰ ਚੰਨਣ ਸਿੰਘ ਜੀ ਨੇ ਵੀ ਆਪਣੇ ਕਈ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜ ਕੇ ਪਾਰਟੀ ਦੀ ਤਾਕਤ ਵਧਾਈ। ਪਾਰਟੀ ਨੇਤਾਵਾਂ ਵੱਲੋਂ ਨਵੇਂ ਸ਼ਾਮਲ ਹੋਏ ਆਗੂਆਂ ਦਾ ਸਵਾਗਤ ਕਰਦੇ ਹੋਏ ਕਿਹਾ ਗਿਆ ਕਿ ਇਹ ਸਾਰੇ ਤਜਰਬੇਕਾਰ ਅਤੇ ਲੋਕਾਂ ਵਿੱਚ ਵਿਆਪਕ ਪਹਿਚਾਣ ਵਾਲੇ ਨੇਤਾ ਹਨ ਜੋ ਪੰਜਾਬ ਦੇ ਹੱਕਾਂ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਉਠਾਉਣਗੇ।

# ਮਹਾਨ ਟੀਵੀ ਅਦਾਕਾਰ ਪੰਕਜ ਧੀਰ ਦਾ ਦੇਹਾਂਤ - 'ਮਹਾਭਾਰਤ' ਦੇ 'ਕਰਨ' ਨਹੀਂ ਰਹੇ



**ਮੁੰਬਈ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਟੈਲੀਵਿਜ਼ਨ ਜਗਤ ਤੋਂ ਇੱਕ ਦੁੱਖਦਾਈ ਖ਼ਬਰ ਸਾਹਮਣੇ ਆਈ ਹੈ। ਮਸ਼ਹੂਰ ਅਦਾਕਾਰ ਪੰਕਜ ਧੀਰ, ਜਿਨ੍ਹਾਂ ਨੇ ਮਹਾਨ ਧਾਰਾਵਾਹਿਕ 'ਮਹਾਭਾਰਤ' ਵਿੱਚ ਕਰਨ ਦੀ ਅਮਰ ਭੂਮਿਕਾ ਨਿਭਾਈ ਸੀ, ਹੁਣ ਇਸ ਸੰਸਾਰ ਵਿੱਚ ਨਹੀਂ ਰਹੇ। ਉਹ 68 ਸਾਲ ਦੀ ਉਮਰ ਵਿੱਚ ਕੈਂਸਰ ਨਾਲ ਲੰਬੀ ਲੜਾਈ ਲੜਨ ਤੋਂ ਬਾਅਦ ਅੱਜ ਸਵੇਰੇ ਆਖਰੀ ਸਾਹ ਲੈ ਗਏ। ਪੰਕਜ ਧੀਰ ਨੇ ਆਪਣੇ ਕਰੀਅਰ ਦੀ ਸ਼ੁਰੂਆਤ 1980 ਦੇ ਦਹਾਕੇ ਵਿੱਚ ਕੀਤੀ ਅਤੇ ਬੀ.ਆਰ. ਚੋਪੜਾ ਦੀ 'ਮਹਾਭਾਰਤ' ਨਾਲ ਉਹ ਘਰ-ਘਰ ਵਿੱਚ ਜਾਣੇ ਜਾਣ ਲੱਗੇ। ਉਨ੍ਹਾਂ ਨੇ ਕਈ ਟੀਵੀ ਸੀਰੀਅਲਾਂ ਅਤੇ ਫ਼ਿਲਮਾਂ ਵਿੱਚ ਭੂਮਿਕਾਵਾਂ ਨਿਭਾਈਆਂ, ਜਿਵੇਂ ਕਿ ਬਾਹੁਬਲੀ, ਬੇਟਾ ਹੋ ਤੋ ਐਸਾ, ਅਤੇ ਸੌਦਾਗਰ। ਉਹਨਾਂ ਦਾ ਪੁੱਤਰ ਨਿਕਿਲ ਧੀਰ ਵੀ ਬਾਲੀਵੁੱਡ ਵਿੱਚ ਅਦਾਕਾਰੀ ਕਰਦਾ ਹੈ। ਮਨੋਰੰਜਨ ਜਗਤ ਦੇ ਕਈ ਸਿਤਾਰਿਆਂ ਨੇ ਪੰਕਜ ਧੀਰ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਹੈ ਅਤੇ ਉਨ੍ਹਾਂ ਦੀ ਅਦਾਕਾਰੀ ਨੂੰ ਅਮਰ ਯਾਦਾਂ ਵਜੋਂ ਸਲਾਮ ਕੀਤਾ ਹੈ।

# ਡਾ. ਜਸਮੀਤ ਬੈਂਸ ਦਾ ਗਵਰਨਰ ਵੱਲੋਂ ਐਸ. ਬੀ. 509 ਅੰਤਰਰਾਸ਼ਟਰੀ ਜ਼ੁਲਮ ਤੇ ਦਬਾਅ ਵਾਲਾ ਬਿੱਲ ਵੀਟੋ ਭਾਰਤ ਵਿੱਚ 1984 ਦੀ ਸਿੱਖ ਨਸਲਕੁਸ਼ੀ ਨੂੰ ਸਵੀਕਾਰਨ ਵਾਲੇ ਪ੍ਰਸਤਾਵ 'ਤੇ ਹਸਤਾਖਰ ਕਰਨ ਤੋਂ ਇਨਕਾਰ ਨਹੀਂ



**ਸੈਕਰਾਮੈਂਟੋ (ਕੈਲੀਫੋਰਨੀਆ), (ਸਰਬਜੀਤ ਸਿੰਘ ਬਨੂੜ)**-ਕੈਲੀਫੋਰਨੀਆ ਦੀ 35ਵੀਂ ਐਸੈਂਬਲੀ ਜ਼ਿਲ੍ਹਾ ਪ੍ਰਤੀਨਿਧਿ ਡਾ. ਜਸਮੀਤ ਕੌਰ ਬੈਂਸ (ਡੀ-ਡੈਲਾਨੋ) ਨੇ ਗਵਰਨਰ ਗੈਵਿਨ ਨਿਊਸਮ ਵੱਲੋਂ ਐਸ. ਬੀ. 509 ਬਿੱਲ ਨੂੰ ਵੀਟੋ ਕਰਨ 'ਤੇ ਗੰਭੀਰ ਨਿਰਾਸ਼ਾ ਪ੍ਰਗਟ ਕੀਤੀ ਹੈ। ਇਹ ਬਿੱਲ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀਆਂ ਨੂੰ ਅੰਤਰਰਾਸ਼ਟਰੀ ਜ਼ੁਲਮ ਤੇ ਦਬਾਅ ਦੀ ਪਛਾਣ ਤੇ ਉਸ ਦਾ ਜਵਾਬ ਦੇਣ ਲਈ ਸਿਖਲਾਈ ਦੇਣ ਸਬੰਧੀ ਸੀ। ਡਾ. ਬੈਂਸ ਨੇ ਕਿਹਾ ਗਵਰਨਰ ਨੇ ਪਹਿਲਾਂ ਜਾਤੀ ਅਧਾਰਤ ਭੇਦਭਾਵ ਨੂੰ ਰੋਕਣ ਵਾਲੇ ਬਿੱਲ ਨੂੰ ਰੱਦ ਕੀਤਾ ਸੀ। ਹੁਣ ਉਨ੍ਹਾਂ ਨੇ ਉਹ ਕਾਨੂੰਨ ਵੀ ਵੀਟੋ ਕਰ ਦਿੱਤਾ ਹੈ ਜੋ ਕੈਲੀਫ਼ੋਰਨੀਆ ਵਾਸੀਆਂ ਨੂੰ ਵਿਦੇਸ਼ੀ ਰਾਜਨੀਤਕ ਦਬਾਅ ਤੋਂ ਬਚਾਉਣ ਲਈ ਤਿਆਰ ਕੀਤਾ ਗਿਆ ਸੀ। ਬੀਬੀ ਬੈਂਸ ਨੇ ਕਿਹਾ ਕਿ ਸ਼ੁਕਰ ਹੈ ਕਿ ਭਾਰਤ ਵਿੱਚ 1984 ਦੀ ਸਿੱਖ ਨਸਲਕੁਸ਼ੀ ਨੂੰ ਸਵੀਕਾਰਨ ਵਾਲੇ ਪ੍ਰਸਤਾਵ 'ਤੇ ਹਸਤਾਖਰ ਕਰਨ ਤੋਂ ਇਨਕਾਰ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰੇ ਨੇ ਹੁਣ ਆਪਣੀ ਅਵਾਜ਼ ਬੁਲੰਦ ਕਰ ਲਈ ਹੈ ਅਤੇ ਉਨ੍ਹਾਂ ਨੂੰ ਸੈਨੇਟਰ ਕੈਬਲੇਰੋ ਤੇ ਅਸੈਂਬਲੀ ਮੈਂਬਰ ਸੋਰਿਆ ਵਰਗੇ ਸਾਥੀਆਂ ਦਾ ਸਮਰਥਨ ਪ੍ਰਾਪਤ ਹੈ। ਇਹ ਬਿੱਲ ਲੋਕਤੰਤਰਕ ਪ੍ਰਕਿਰਿਆ ਦਾ ਹਿੱਸਾ ਬਣ ਚੁੱਕੇ ਹਾਂ। ਇੱਕ ਬਿੱਲ ਸਾਡੇ ਹੌਸਲੇ ਨੂੰ ਨਾ ਤੋੜ ਸਕਦਾ ਹੈ ਤੇ ਨਾ ਬਣਾਉਂਦਾ ਹੈ। ਡਾ. ਬੈਂਸ ਨੇ ਕਿਹਾ ਕਿ ਅਸੀਂ ਘ੍ਰਿਣਾ, ਨਸਲਵਾਦ ਤੇ ਡਰ ਪੈਦਾ ਕਰਨ ਵਾਲੀ ਰਾਜਨੀਤੀ ਦੇ ਖਿਲਾਫ਼ ਖੜੇ ਹਾਂ। ਡਾ. ਜਸਮੀਤ ਬੈਂਸ ਕੈਲੀਫੋਰਨੀਆ ਦੇ ਕੇਰਨ ਕਾਊਂਟੀ ਦੇ 35ਵੇਂ ਐਸੈਂਬਲੀ ਇਲਾਕੇ ਦੀ ਪ੍ਰਤੀਨਿਧਤਾ ਕਰਦੀ ਹੈ, ਜਿਸ ਵਿੱਚ ਬੇਕਰਜ਼ਫੀਲਡ, ਡੈਲਾਨੋ, ਵਾਸਕੋ, ਅਰਵਿਨ, ਸ਼ਾਫਟਰ ਅਤੇ ਮੈਕਫਾਰਲੈਂਡ ਸ਼ਹਿਰ ਸ਼ਾਮਲ ਹਨ।

# ਦੀਵਾਲੀ ਛੁੱਟੀ ਦਾ ਐਲਾਨ, ਪਰ ਐਸ. ਬੀ. 509 ਬਿੱਲ ਵੀਟੋ — ਅਮਰੀਕਨ ਹਿੰਦੂ ਲੋਬੀ ਨੇ ਗਵਰਨਰ ਗੈਵਿਨ ਨਿਊਸਮ ਦੀ ਕੀਤੀ ਪ੍ਰਸ਼ੰਸਾ

**ਸੈਕਰਾਮੈਂਟੋ (ਕੈਲੀਫੋਰਨੀਆ) - ਸਰਬਜੀਤ ਸਿੰਘ ਬਨੂੜ**- ਕੈਲੀਫੋਰਨੀਆ ਦੇ ਗਵਰਨਰ ਗੈਵਿਨ ਨਿਊਸਮ ਵੱਲੋਂ ਸੈਨੇਟ ਬਿੱਲ ਐਸ. ਬੀ. 509 ਨੂੰ ਵੀਟੋ ਕਰਨ ਦੇ ਫ਼ੈਸਲੇ ਨੇ ਜਿੱਥੇ ਸਿੱਖ ਭਾਈਚਾਰੇ ਵਿੱਚ ਨਾਰਾਜ਼ਗੀ ਪੈਦਾ ਕੀਤੀ ਹੈ, ਉੱਥੇ ਹੀ ਅਮਰੀਕੀ ਹਿੰਦੂ ਲੋਬੀ ਵੱਲੋਂ ਇਸ ਫ਼ੈਸਲੇ ਦਾ ਖੁੱਲ੍ਹਾ ਸਵਾਗਤ ਕੀਤਾ ਗਿਆ ਹੈ। ਅਮਰੀਕਾ ਵਿੱਚ ਰਹਿੰਦੇ ਭਾਰਤੀ-ਮੂਲ ਦੇ ਉਦਮੀ ਅਤੇ ਰਾਸ਼ਟਰਪਤੀ ਜੋ ਬਾਇਡਨ ਦੇ ਸਲਾਹਕਾਰ ਅਜੈ ਜੈਨ ਭੁਟੋਰੀਆ ਨੇ ਗਵਰਨਰ ਨਿਊਸਮ ਦੀ ਤਾਰੀਫ਼ ਕਰਦਿਆਂ ਕਿਹਾ ਕਿ ਉਹਨਾਂ ਨੇ ਇੱਕ "ਵਿਵਾਦਿਤ ਬਿੱਲ" ਨੂੰ ਰੱਦ ਕਰਕੇ ਹਿੰਦੂ ਭਾਈਚਾਰੇ ਦੀ ਭਾਵਨਾ ਦਾ ਸਨਮਾਨ ਕੀਤਾ ਹੈ। ਭੁਟੋਰੀਆ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਗਵਰਨਰ ਨੇ ਦੀਵਾਲੀ ਨੂੰ ਸੂਬਾ ਪੱਧਰੀ ਛੁੱਟੀ ਦੇ ਤੌਰ 'ਤੇ ਮਨਜ਼ੂਰ ਕਰਕੇ "ਹਿੰਦੂਆਂ ਦੀ ਸੰਸਕ੍ਰਿਤਕ ਪਛਾਣ ਨੂੰ ਮਾਨਤਾ ਦਿੱਤੀ ਹੈ" ਅਤੇ ਨਾਲ ਹੀ ਉਸ ਬਿੱਲ ਨੂੰ ਵੀਟੋ ਕੀਤਾ "ਜੋ ਹਿੰਦੂਆਂ ਵਿਰੁੱਧ ਬਣਾਇਆ ਗਿਆ ਸੀ।"




**ਐਸ. ਬੀ. 509 — ਸਿੱਖਾਂ ਨਾਲ ਜੁੜਿਆ ਮਾਮਲਾ**

ਐਸ. ਬੀ. 509 ਬਿੱਲ ਦਾ ਮਕਸਦ ਸੀ ਕਿ ਕੈਲੀਫੋਰਨੀਆ ਦੇ ਕਾਨੂੰਨੀ ਅਧਿਕਾਰੀਆਂ ਨੂੰ ਟਰਾਂਸਨੈਸ਼ਨਲ ਰਿਪਰੈਸ਼ਨ (ਵਿਦੇਸ਼ੀ ਰਾਜਾਂ ਵੱਲੋਂ ਕੀਤੇ ਜਾ ਰਹੇ ਜ਼ੁਲਮ ਜਾਂ ਦਬਾਅ) ਦੀ ਪਛਾਣ ਅਤੇ ਰੋਕਥਾਮ ਲਈ ਤਾਲੀਮ ਦਿੱਤੀ ਜਾਵੇ। ਇਹ ਬਿੱਲ ਸਿੱਖਾਂ, ਤਿਬਤੀ, ਅਤੇ ਹੋਰ ਦਬੇ ਹੋਏ ਭਾਈਚਾਰਿਆਂ ਦੀ ਸੁਰੱਖਿਆ ਨਾਲ ਜੋੜਿਆ ਗਿਆ ਸੀ ਪਰ ਗਵਰਨਰ ਨੇ ਇਸ ਨੂੰ ਸਾਈਨ ਕਰਨ ਤੋਂ ਇਨਕਾਰ ਕਰ ਦਿੱਤਾ। ਡਾ. ਜਸਮੀਤ ਕੌਰ ਬੈਂਸ, ਜੋ ਕਿ ਕੈਲੀਫੋਰਨੀਆ ਦੀ 35ਵੀਂ ਐਸੈਂਬਲੀ ਜ਼ਿਲ੍ਹੇ ਦੀ ਮੈਂਬਰ ਹਨ, ਨੇ ਇਸ ਫੈਸਲੇ 'ਤੇ ਨਿਰਾਸ਼ਾ ਪ੍ਰਗਟ ਕਰਦਿਆਂ ਕਿਹਾ ਸੀ ਕਿ "ਗਵਰਨਰ ਨੇ ਪਹਿਲਾਂ ਜਾਤ-ਪਾਤ ਵਿਰੋਧੀ ਬਿੱਲ ਰੱਦ ਕੀਤਾ ਸੀ ਅਤੇ ਹੁਣ ਸਿੱਖਾਂ ਦੀ ਸੁਰੱਖਿਆ ਨਾਲ ਜੁੜਿਆ ਬਿੱਲ ਵੀ ਰੱਦ ਕਰ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

15 ਅਕਤੂਬਰ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

# 15 ਅਕਤੂਬਰ 1992 ਵਾਲੇ ਦਿਨ , ਪਿੰਡ ਕੰਗ ਅਰਾਈਆਂ ਜ਼ਿਲ੍ਹਾ ਜਲੰਧਰ ਵਿਖੇ ਇੱਕ ਝੂਠੇ ਪੁਲਿਸ ਮੁਕਾਬਲੇ ਵਿੱਚ ਜਥੇਦਾਰ ਤਲਵਿੰਦਰ ਸਿੰਘ ਬੱਬਰ ਨੂੰ ਸ਼ਹੀਦ ਕਰ ਦਿੱਤਾ ਗਿਆ





26 ਫਰਵਰੀ, 1944 ਵਜੇ ਦਿਨ ਜਥੇਦਾਰ ਤਲਵਿੰਦਰ ਸਿੰਘ ਦਾ ਜਨਮ ਪਿੰਡ ਪਾਸ਼ਟਾਂ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਵਿਖੇ ਹੋਇਆ ਸੀ। ਪਿੰਡ ਦੇ ਸਕੂਲ ਤੋਂ ਦਸਵੀਂ ਪਾਸ ਕੀਤੀ ਅਤੇ ਆਪਣੀ ਜ਼ਮੀਨ ਦੀ ਖੇਤੀ ਕਰਨੀ ਸ਼ੁਰੂ ਕਰ ਦਿੱਤੀ ।ਸਾਲ 1970 ਦੇ ਦੌਰਾਨ ਆਪ ਕੈਨੇਡਾ ਚਲੇ ਗਏ।

13 ਅਪ੍ਰੈਲ 1982 ਵਾਲੇ ਦਿਨ ਸਿੰਘਾਂ ਦੀ ਜੁਝਾਰੂ ਜਥੇਬੰਦੀ "ਬੱਬਰ ਖਾਲਸਾ ਇੰਟਰਨੈਸ਼ਨਲ" ਮੁਕੰਮਲ ਤੌਰ ਉਪਰ ਹੋਂਦ ਵਿਚ ਆ ਗਈ ।ਭਾਈ ਸੁਖਦੇਵ ਸਿੰਘ ਬਬਰ ਹੁਣਾਂ ਨੂੰ ਬੱਬਰ ਖਾਲਸਾ ਇੰਟਰਨੈਸ਼ਨਲ ਜਥੇਬੰਦੀ ਦਾ ਜਥੇਦਾਰ ਥਾਪਿਆ ਗਿਆ ਅਤੇ ਭਾਈ ਤਲਵਿੰਦਰ ਸਿੰਘ ਬੱਬਰ ਹੁਣਾਂ ਨੂੰ ਕੋਮਾਂਤਰੀ ਇੰਚਾਰਜ ਬਣਾਇਆ ਗਿਆ,ਉਨ੍ਹਾਂ ਦਾ ਜ਼ਿਮਾਂ, ਬੈਲਜੀਅਮ, ਜਰਮਨੀ, ਫਰਾਂਸ,ਕਨੇਡਾ, ਇੰਗਲੈਂਡ, ਹਾਲੈਂਡ ਆਦਿ ਦੇਸ਼ਾ ਵਿਚ ਜਥੇਬੰਦੀ ਨੂੰ ਜਥੇਬੰਦਕ ਪੈਮਾਨੇ ਉਪਰ ਮਜਬੂਤ ਅਤੇ ਸਰਗਰਮ ਕਰਨਾ ਸੀ। ਬੱਬਰ ਖਾਲਸਾ ਇੰਟਰਨੈਸ਼ਨਲ ਦੇ ਜਥੇਬੰਦਕ ਢਾਂਚੇ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਦੇ ਲਈ ਬਬਰ ਸੁਖਦੇਵ ਸਿੰਘ ਨੇ,ਜਥੇਬੰਦੀ ਦੇ ਪ੍ਰਬੰਧਕੀ ਢਾਂਚੇ ਨੂੰ ਮਾਲਵਾ, ਮਾਝਾ, ਦੁਆਬਾ ਜੋਨਾ ਵਿਚ ਵੰਡ ਕੇ,9 ਮੈਂਬਰੀ ਮੀਤ ਜਥੇਦਾਰਾਂ ਦੀ ਕਮਾਂਡ ਹੇਠ ਲਿਆਂਦਾ। ਭਾਈ ਕੁਲਵੰਤ ਸਿੰਘ ਕੈਸ਼ੀਅਰ "ਪੰਜਾਬ ਐਂਡ ਸਿੰਧ ਬੈਂਕ" ਨੂੰ ਨਵੇਂ ਨਾਂ ਭਾਈ ਕੁਲਬੀਰ ਸਿੰਘ ਬੱਬਰ ਦੇ ਨਾਲ ਪ੍ਰੈਸ ਸਕੱਤਰ ਐਲਾਨਿਆ ਗਿਆ।

ਇੰਜ ਅਜਿਹੇ ਕਈ ਹੋਰ ਅਹਿਮ ਫ਼ੈਸਲਿਆਂ ਦੇ ਨਾਲ ਬੱਬਰ ਖਾਲਸਾ ਇੰਟਰਨੈਸ਼ਨਲ ਜਥੇਬੰਦੀ ਦੀ ਰੂਪ ਰੇਖਾ ਤਿਆਰ ਕੀਤੀ ਗਈ ਅਤੇ ਇੰਜ 13 ਅਪ੍ਰੈਲ 1982 ਵਾਲੇ ਦਿਨ ਸਿੰਘਾਂ ਦੀ ਜੁਝਾਰੂ ਜਥੇਬੰਦੀ "ਬੱਬਰ ਖਾਲਸਾ ਇੰਟਰਨੈਸ਼ਨਲ" ਮੁਕੰਮਲ ਤੌਰ ਉਪਰ ਹੋਂਦ ਵਿਚ ਆਈ।

17 ਜੂਨ 1983 ਵਾਲੇ ਦਿਨ ਦਿਨ ਜਥੇਦਾਰ ਤਲਵਿੰਦਰ ਸਿੰਘ ਬਬਰ ਹੁਣਾਂ ਨੂੰ ਜਰਮਨੀ ਦੀ ਇੰਟਰਪੋਲ ਪੁਲਸ ਨੇ ਉਸ ਵਕਤ ਗ੍ਰਿਫਤਾਰ ਕਰ ਲਿਆ, ਜਦੋਂ ਆਪ ਰੇਲ ਗੱਡੀ ਰਾਹੀਂ ਹਾਲੈਂਡ ਤੋਂ ਜਰਮਨੀ ਵਿੱਚ ਦਾਖਲ ਹੋ ਰਹੇ ਸਨ ।

ਜਥੇਦਾਰ ਤਲਵਿੰਦਰ ਸਿੰਘ ਬਬਰ ਕੈਨੇਡਾ ਦਾ ਸੁੱਖ ਆਰਾਮ ਤਿਆਗ ਕੇ ਹਿੰਦੁਸਤਾਨ ਗਏ ਸਨ ਤਾਜੋਂ ਸਿੱਖਾਂ ਨੂੰ ਹਿੰਦ ਸਰਕਾਰ ਦੇ ਜ਼ੁਲਮਾਂ ਤੋਂ ਬਚਾਇਆ ਜਾ ਸਕੇ। ਸੋ ਵਿਦੇਸ਼ ਦੀ ਸੁਖਭਰੀ ਜਿੰਦਗੀ ਦਾ ਤਿਆਗ ਆਪਣੇ ਆਪ ਵਿੱਚ ਇੱਕ ਕੁਰਬਾਨੀ ਹੀ ਕਹੀ ਜਾਵੇ ਗੀ ।ਭਾਈ ਸਾਹਿਬ ਦਾ ਇਕੋ ਮਕਸਦ ਸੀ ਕਿ ਆਪਣੇ ਖਾਲਸਾ ਰਾਜ ਦੇ ਲਈ ਜੱਦੋਜਹਿਦ ਕਰਨੀ ਅਤੇ ਸਿੱਖਾਂ ਨੂੰ ਹਿੰਦ ਸਰਕਾਰ ਦੇ ਜ਼ੁਲਮੀ ਹੱਥਾਂ ਰਾਹੀਂ ਹੋ ਰਹੀਆਂ ਬੇਇਨਸਾਫੀਆਂ ਤੋਂ ਇਨਸਾਫ ਦਿਵਾਉਣ ਦੇ ਲਈ ਸਿੱਖਾਂ ਨੂੰ ਜੱਥੇਬੰਦ ਕਰਣਾ।

ਸਾਲ 1980 ਦੇ ਦੌਰਾਨ ਆਪ ਨੇ ਬਬਰ ਖਾਲਸਾ ਜਥੇਬੰਦੀ ਦੀ ਰਹਿਨੁਮਾਈ ਹੇਠ ਪੰਜਾਬ ਵਿਚ ਖਾੜਕੂ ਐਕਸ਼ਨਾਂ ਦੀ ਸ਼ੁਰੂਆਤ ਕੀਤੀ। ਜਥੇਦਾਰ ਤਲਵਿੰਦਰ ਸਿੰਘ ਨੇ ਜਦੋਂ ਪੰਜਾਬ ਵਿਚ ਬਬਰ ਖਾਲਸਾ ਨਾਂ ਦੀ ਜਥੇਬੰਦੀ ਅਧੀਨ ਨੌਜਵਾਨਾਂ ਨੂੰ ਜਥੇਬੰਧਕ ਢਾਂਚੇ ਵਿੱਚ ਸੰਗਠਿਤ ਕਰਨਾ ਸ਼ੁਰੂ ਕੀਤਾ ਤਾਂ ਹਿੰਦ ਸਰਕਾਰ ਦੀਆਂ ਖੁਫੀਆ ਏਜੰਸੀਆਂ ਦੀ ਨਜ਼ਰਾਂ ਵਿੱਚ, ਆਪ ਆ ਗਏ। ਹੁਣ ਹਿੰਦ ਸਰਕਾਰ ਦੀਆਂ ਪੈਣੀਆਂ ਨਜ਼ਰਾਂ ਹਰ ਵੇਲੇ ਆਪ ਉਪਰ ਸਨ ਇੰਜ ਕਿਸੇ ਵਕਤ ਵੀ ਗ੍ਰਿਫਤਾਰੀ ਹੋ ਸਕਦੀ ਸੀ ਸੋ ਇਸ ਮਾਹੌਲ ਵਿੱਚ ਭਾਈ ਸਾਹਿਬ ਨੇ ਭਾਰਤ ਛੱਡ ਜਾਣਾ ਹੀ ਯੋਗ ਸਮਝਿਆ।

ਆਪ ਦੇ ਕੋਲ ਭਾਵੇਂ ਕੈਨੇਡੀਅਨ ਪਾਸਪੋਰਟ ਸੀ ਫੇਰ ਵੀ ਉਸ ਵਕਤ ਦੇ ਖਤਰੇ ਨੂੰ ਭਾਂਪਦਿਆਂ ਹੋਇਆਂ ਆਪ ਨੇ ਨੇਪਾਲ ਦੇ ਰਸਤਿਉਂ ਬਾਹਰ ਨਿਕਲਣਾ ਯੋਗ ਸਮਝਿਆ।

17 ਜੂਨ 1983 ਵਾਲੇ ਦਿਨ ਜਦੋਂ ਆਪ ਟ੍ਰੇਨ ਰਾਹੀਂ ਹਾਲੈਂਡ ਤੋਂ ਜਰਮਨੀ ਦਾਖਲ ਹੋ ਰਹੇ ਸਨ ਤਾਂ ਜਰਮਨੀ ਦੀ ਇੰਟਰਪੋਲ ਪੁਲਸ ਨੇ ਆਪ ਨੂੰ ਗ੍ਰਿਫ਼ਤਾਰ ਕਰ ਕੇ ਡਜ਼ਲ ਡੋਰਫ਼ ਜੇਲ੍ਹ ਵਿੱਚ ਭੇਜ ਦਿੱਤਾ ।ਜਿੱਥੇ ਆਪ ਉਪਰ ਲਗਾਤਾਰ ਇਕ ਵਰ੍ਹੇ ਤਕ ਝੂਠੇ ਸਬੂਤਾਂ ਅਤੇ ਝੂਠੇ ਗਵਾਹਾਂ ਦੇ ਅਧਾਰ ਤੇ ਮੁਕਦਮਾਂ ਚਲਾਇਆ ਗਿਆ ।ਇਸ ਦੌਰਾਨ ਹਿੰਦ ਸਰਕਾਰ ਨੇ ਆਪਣਾ ਪੂਰਾ ਜ਼ੋਰ ਲਗਾ ਦਿੱਤਾ ਕੇ ਭਾਈ ਸਾਹਿਬ ਨੂੰ ਹਿੰਦੁਸਤਾਨ ਦੀ ਸਰਕਾਰ ਦੇ ਹਵਾਲੇ ਕਰ ਦਿੱਤਾ ਜਾਵੇ ਪਰ ਆਪਣੇ ਮਨਸੂਬੇ ਵਿੱਚ ਨਾਂ ਤਾਂ ਹਿੰਦ ਸਰਕਾਰ ਸਫ਼ਲ ਹੋ ਸਕੀ ਅਤੇ ਨਾ ਹੀ ਇੰਟਰਪੋਲ। ਅਤੇ ਆਖਰ ਅਦਾਲਤ ਨੇ ਸਾਰੀਆਂ ਦਲੀਲਾਂ ਨੂੰ ਰਦ ਕਰਦਿਆਂ ਹੋਇਆ ਇੱਕ ਸਾਲ ਦੀ ਸਖਤ ਕੈਦ ਤੋਂ ਬਾਅਦ 17 ਜੁਲਾਈ 1984 ਵਾਲੇ ਦਿਨ ਜਥੇਦਾਰ ਤਲਵਿੰਦਰ ਸਿੰਘ ਨੂੰ ਜਰਮਨੀ ਦੀ ਡਜ਼ਲ ਡੋਰਫ਼ ਜੇਲ੍ਹ ਵਿਚੋਂ ਰਿਹਾਅ ਕਰ ਦਿੱਤਾ ਗਿਆ।

ਨਵੰਬਰ 1985 ਵਿਚ, ਕਨਿਸ਼ਕ ਨਾਮ ਦੇ ਭਾਰਤੀ ਹਵਾਈ ਜਹਾਜ਼ ਦੇ ਵਿੱਚ ਹੋਏ ਧਮਾਕੇ ਵਿਚ 229 ਲੋਕ ਮਾਰੇ ਗਏ ਇਸ ਮਾਮਲੇ ਵਿਚ, ਬਬਰ ਤਲਵਿੰਦਰ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ। ਕਨੇਡਾ ਦੀ ਫੈਡਰਲ ਅਦਾਲਤ ਨੇ ਅਪ੍ਰੈਲ 1986 ਵਿੱਚ ਆਪ ਨੂੰ ਰਿਹਾਅ ਕਰ ਦਿੱਤਾ। ਮਈ 1986 ਵਿੱਚ ਆਪ ਨੂੰ ਫੇਰ ਗ੍ਰਿਫਤਾਰ ਕੀਤਾ ਗਿਆ ਅਤੇ 14 ਅਪ੍ਰੈਲ, 1987 ਤੱਕ ਜੇਲ੍ਹ ਵਿੱਚ ਨਜਰਬੰਦ ਰਖਿਆ ਗਿਆ। ਆਪ ਨੇ ਕਈ ਮੁਹਿੰਮਾਂ ਅਤੇ ਪੰਥਕ ਕਾਰਜਾਂ ਵਿੱਚ ਹਿੱਸਾ ਲਿਆ। ਅਕਤੂਬਰ 1992 ਵਿਚ, ਆਪ ਨੂੰ ਜੰਮੂ ਤੋਂ ਗ੍ਰਿਫਤਾਰ ਕੀਤਾ ਗਿਆ ਅਤੇ ਬੇਰਹਿਮੀ ਦੇ ਨਾਲ ਤਸੀਹੇ ਦੇ ਕੇ ਅੰਨ੍ਹਾ ਤਸ਼ਦੱਦ ਕੀਤਾ। 15 ਅਕਤੂਬਰ 1992 ਵਾਲੇ ਦਿਨ ਪਿੰਡ ਕੰਗ ਅਰਾਈਆਂ,ਜ਼ਿਲ੍ਹਾ ਜਲੰਧਰ ਵਿਖੇ ਇੱਕ ਝੂਠੇ ਪੁਲਿਸ ਮੁਕਾਬਲੇ ਵਿੱਚ ਸ਼ਹੀਦ ਕਰ ਦਿੱਤਾ ਗਿਆ।

**ਭੁੱਲਾਂ ਦੀ ਖਿਮਾ:**

**ਗੁਰਦੀਪ ਸਿੰਘ ਜਗਬੀਰ (ਡਾ.)**

**ਮੇਰੀ ਛੱਪ ਰਹੀ ਪੁਸਤਕ '365 ਦਿਨ ਸਿੱਖ ਇਤਿਹਾਸ ਦੇ' ਦੇ ਵਿੱਚੋਂ**

# ਵਿਦਿਆਰਥੀ ਜਥੇਬੰਦੀ ਸੱਥ ਵਲੋਂ ਜੋਧ ਸਿੰਘ ਨਵਾਂ ਕਨਵੀਨਰ ਨਿਯੁਕਤ

ਅੱਜ ਵਿਦਿਆਰਥੀ ਜਥੇਬੰਦੀ ਸੱਥ ਵਲੋਂ ਜੋਧ ਸਿੰਘ ਨੂੰ ਜਥੇਬੰਦੀ ਦਾ ਨਵਾਂ ਕਨਵੀਨਰ ਨਿਯੁਕਤ ਕੀਤਾ ਗਿਆ ਹੈ। ਜੋਧ ਸਿੰਘ 2019 ਤੋਂ ਇਸ ਜਥੇਬੰਦੀ ਨਾਲ ਜੁੜੇ ਹੋਏ ਹਨ ਅਤੇ ਇਸ ਸਮੇਂ ਦੌਰਾਨ ਉਨ੍ਹਾਂ ਨੇ ਹਰ ਸਤਰ 'ਤੇ ਜਥੇਬੰਦੀ ਦੇ ਕਾਰਜਾਂ ਵਿੱਚ ਜ਼ਿੰਮੇਵਾਰੀ ਅਤੇ ਸਮਰਪਣ ਨਾਲ ਭਾਗ ਲਿਆ ਹੈ। ਜਥੇਬੰਦੀ ਵਲੋਂ ਕਿਹਾ ਗਿਆ ਹੈ ਕਿ ਜੋਧ ਸਿੰਘ ਗੁਰੂ ਸਾਹਿਬ ਦੀ ਬਖ਼ਸ਼ੀ ਹੋਈ ਤਾਕਤ ਅਤੇ ਪ੍ਰੇਰਣਾ ਨਾਲ ਪੰਥ, ਪੰਜਾਬ ਅਤੇ ਵਿਦਿਆਰਥੀਆਂ ਦੇ ਹੱਕਾਂ ਦੀ ਰੱਖਿਆ ਲਈ ਡਟ ਕੇ ਖੜ੍ਹੇ ਰਹਿਣਗੇ। ਸੱਥ ਦੇ ਮੈਂਬਰਾਂ ਨੇ ਸੰਗਤ ਕੋਲੋਂ ਅਰਦਾਸ ਅਤੇ ਅਸੀਸ ਦੀ ਬੇਨਤੀ ਕੀਤੀ ਹੈ ਤਾਂ ਜੋ ਨਵੇਂ ਕਨਵੀਨਰ ਜੋਧ ਸਿੰਘ ਆਪਣੀ ਸੇਵਾ ਨੂੰ ਚੰਗੀ ਤਰ੍ਹਾਂ ਨਿਭਾ ਸਕਣ ਅਤੇ ਵਿਦਿਆਰਥੀ ਜਥੇਬੰਦੀ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਸਫਲ ਹੋਣ।



# ਕੌਮੀ ਸ਼ਹੀਦ ਭਾਈ ਕੇਹਰ ਸਿੰਘ ਜੀ ਮੁਸਤਫਾਬਾਦ ਦਾ ਅੱਜ 15 ਅਕਤੂਬਰ ਨੂੰ ਜਨਮ ਦਿਹਾੜਾ



ਅੱਜ ਕੌਮੀ ਸ਼ਹੀਦ ਭਾਈ ਕੇਹਰ ਸਿੰਘ ਜੀ ਮੁਸਤਫਾਬਾਦ ਦਾ ਪਵਿੱਤਰ ਜਨਮ ਦਿਹਾੜਾ ਮਨਾਇਆ ਜਾ ਰਿਹਾ ਹੈ। ਭਾਈ ਸਾਹਿਬ ਜੀ ਨੇ ਆਪਣੀ ਅਟੱਲ ਸ਼ਰਧਾ, ਅਟੁੱਟ ਵਿਸ਼ਵਾਸ ਅਤੇ ਸਿੱਖੀ ਪ੍ਰਤੀ ਅਡੋਲ ਨਿਭਾਵ ਨਾਲ ਸਿੱਖ ਪੰਥ ਲਈ ਜੋ ਬੇਮਿਸਾਲ ਕੁਰਬਾਨੀ ਦਿੱਤੀ, ਉਹ ਹਮੇਸ਼ਾਂ ਪੰਥਕ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਰਹੇਗੀ। ਭਾਈ ਕੇਹਰ ਸਿੰਘ ਜੀ ਨਾਮ ਬਾਣੀ ਦੇ ਰਸੀਏ, ਗੁਰਮਤਿ ਮਰਿਆਦਾ ਅਨੁਸਾਰੀ ਅਤੇ ਖ਼ਾਲਸਾ ਅਸੂਲਾਂ ਦੇ ਪੱਕੇ ਸਿਪਾਹੀ ਸਨ। ਆਪ ਜੀ ਦੀ ਸ਼ਹਾਦਤ ਨੇ ਸਿੱਖ ਜਗਤ ਨੂੰ ਸਦਾ ਯਾਦ ਦਿਵਾਇਆ ਹੈ ਕਿ ਸੱਚ ਅਤੇ ਧਰਮ ਦੀ ਰਾਹੀ ਚੱਲਣ ਵਾਲੇ ਕਦੇ ਮਰਦੇ ਨਹੀਂ — ਉਹ ਅਮਰ ਰਹਿੰਦੇ ਹਨ। ਪੰਥਕ ਸੰਗਤ ਵੱਲੋਂ ਭਾਈ ਕੇਹਰ ਸਿੰਘ ਜੀ ਨੂੰ ਅਰਦਾਸੀ ਸ਼ਰਧਾਂਜਲੀ।

**"ਜੋ ਤਉ ਪ੍ਰੇਮ ਖੇਲਣ ਕਾ ਚਾਉ, ਸਿਰ ਧਰ ਤਲੀ ਗਲੀ ਮੇਰੀ ਆਉ।"**

# ਆਪਣੇ ਹੀ ਬੰਦਿਆਂ ਨੂੰ ਪਾਰਟੀ ਵਿੱਚ ਸ਼ਾਮਲ ਕਰਕੇ ਸੁਖਬੀਰ ਝੂਠੀ ਸਿਆਸੀ ਸ਼ੋਹਰਤ ਵਿੱਚ ਜੁਟਿਆ - ਜੱਥੇਦਾਰ ਵਡਾਲਾ

## ਸੰਤ ਗੁਰਮੀਤ ਸਿੰਘ ਤਿਲੋਕੇਵਾਲਾ ਅਤੇ ਇੰਦਰਮੋਹਨ ਲਖਮੀਰਵਾਲਾ ਕਦੇ ਪੁਨਰ ਸੁਰਜੀਤ ਅਕਾਲੀ ਦਲ ਦੇ ਮੁੱਢਲੇ ਮੈਂਬਰ ਵੀ ਨਹੀਂ ਬਣੇ




**ਚੰਡੀਗੜ੍ਹ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਪਾਰਟੀ ਸਕੱਤਰ ਜਨਰਲ ਜੱਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਸੁਖਬੀਰ ਬਾਦਲ ਤੇ ਵੱਡਾ ਸਿਆਸੀ ਹਮਲਾ ਕਰਦੇ ਹੋਏ, ਸੁਖਬੀਰ ਨੂੰ ਮਿਆਰ ਤੋ ਡਿੱਗੀ ਹੋਈ ਹੋਸ਼ੀ ਅਤੇ ਫੋਕੀ ਸਿਆਸੀ ਸ਼ੋਹਰਤ ਕਰਨ ਵਾਲਾ ਡਰਾਮੇਬਾਜ ਲੀਡਰ ਕਰਾਰ ਦਿੱਤਾ ਹੈ। ਜੱਥੇਦਾਰ ਵਡਾਲਾ ਨੇ ਕਿਹਾ ਕਿ ਇਹ ਕਿੰਨੀ ਹਾਸੋਹੀਣੀ ਸਥਿਤੀ ਹੈ ਕਿ ਸੁਖਬੀਰ ਬਾਦਲ ਆਪਣੇ ਹੀ ਧੜੇ ਦੇ ਬੰਦਿਆਂ ਨੂੰ ਸਿਰਪਾਓ ਦੇਕੇ ਇਹ ਝੂਠ ਦੇ ਦਾਅਵੇ ਕੀਤੇ ਜਾ ਰਹੇ ਹਨ, ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਸਿਆਸੀ ਤੌਰ ਤੇ ਨੈਤਿਕ ਅਗਵਾਈ ਕਰਨ ਦਾ ਅਧਿਕਾਰ ਗੁਆ ਚੁੱਕੇ ਸੁਖਬੀਰ ਬਾਦਲ ਦੀ ਅਗਵਾਈ ਕਬੂਲ ਰਹੇ ਹਨ। ਜੱਥੇਦਾਰ ਵਡਾਲਾ ਨੇ ਕਿਹਾ ਕਿ ਆਪਣੀ ਸੌਦੇਬਾਜੀ ਦੀ ਫ਼ਿਤਰਤ ਦੇ ਚਲਦੇ ਅਗਾਮੀ ਐਸਜੀਪੀਸੀ ਦੇ ਜਨਰਲ ਇਜਲਾਸ ਤੋਂ ਪਹਿਲਾਂ ਇਹ ਠੀਕ ਉਸੇ ਤਰ੍ਹਾਂ ਦੀ ਸੌਦੇਬਾਜੀ ਵਾਲੀ ਫਿਤਰਤ ਤੇ ਕੰਮ ਕੀਤਾ ਗਿਆ ਹੈ। ਆਪਣੀ ਪੁਰਾਣੀ ਸਕ੍ਰਿਪਟ ਨੂੰ ਨਵੇਂ ਸਿਰੇ ਤੋਂ ਸੌਦੇਬਾਜੀ ਦੇ ਰੂਪ ਵਿੱਚ ਵਰਤਦੇ ਹੋਏ, ਘਰ ਵਾਪਸੀ ਦੇ ਝੂਠੇ ਦਾਅਵੇ ਨਾਲ ਵੱਡੀ ਸਿਆਸੀ ਸੌਦੇਬਾਜੀ ਕੀਤੀ ਗਈ ਹੈ। ਜੱਥੇਦਾਰ ਵਡਾਲਾ ਨੇ ਕਿਹਾ ਕਿ, ਸੁਖਬੀਰ ਸਿੰਘ ਬਾਦਲ ਨੇ ਬੀਤੇ ਦਿਨ ਝੂਠਾ ਦਾਅਵਾ ਕਰਦਿਆਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸੰਤ ਗੁਰਮੀਤ ਸਿੰਘ ਤਿਲੋਕੇਵਾਲਾ ਅਤੇ ਸਰਦਾਰ ਇੰਦਰਮੋਹਨ ਸਿੰਘ ਲਖਮੀਰਵਾਲਾ ਦੀ ਫੋਟੋ ਸਾਂਝੀ ਕਰਕੇ ਕਿਹਾ ਸੀ ਇਹ ਦੋਹੇ ਲੀਡਰ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਤੋਂ ਵਾਪਿਸ ਆਏ ਹਨ।

ਅਸੀਂ ਬੜੀ ਸਪੱਸ਼ਟਤਾ ਨਾਲ ਕਹਿ ਰਹੇ ਹਾਂ ਕਿ, ਸੁਖਬੀਰ ਬਾਦਲ ਦੇ ਦਾਅਵੇ ਨਾ ਸਿਰਫ ਨਿਰੋਲ ਝੂਠੇ ਹਨ, ਸਗੋ ਸਿਆਸੀ ਗੁੰਮਰਾਹਕੁੰਨ ਪ੍ਰਚਾਰ ਦਾ ਹਿੱਸਾ ਵੀ ਹਨ। ਇਹਨਾਂ ਦੋਹਾਂ ਆਗੂਆਂ ਨੇ ਭਰਤੀ ਮੁਹਿੰਮ ਵਿੱਚ ਨਾ ਭਰਤੀ ਕੀਤੀ ਅਤੇ ਨਾ ਹੀ ਮੁੱਢਲੀ ਮੈਂਬਰਸ਼ਿਪ ਲਈ, ਇਸ ਲਈ ਇਹਨਾਂ ਦੋਹਾਂ ਆਗੂਆਂ ਦਾ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਨਾਲ ਕੋਈ ਵਾਹ ਵਾਸਤਾ ਵੀ ਨਹੀਂ। ਜੱਥੇਦਾਰ ਵਡਾਲਾ ਨੇ ਸੁਖਬੀਰ ਬਾਦਲ ਨੂੰ ਸਲਾਹ ਦਿੰਦੇ ਕਿਹਾ ਕਿ, ਸੁਖਬੀਰ ਅਜਿਹੀ ਹੋਸ਼ੀ ਅਤੇ ਸੌੜੀ ਸਿਆਸਤ ਨੂੰ ਤਿਆਗਣ, ਨਹੀਂ ਤਾਂ ਹਰ ਵੇਲੇ ਅਜਿਹੇ ਝੂਠੇ ਦਾਅਵਿਆਂ ਨਾਲ ਮਜ਼ਾਕ ਦਾ ਪਾਤਰ ਬਣਦੇ ਰਹਿਣਗੇ। ਜੱਥੇਦਾਰ ਵਡਾਲਾ ਨੇ ਮੀਡੀਆ ਨੂੰ ਖਾਸ ਬੇਨਤੀ ਕੀਤੀ ਕਿ ਸੁਖਬੀਰ ਬਾਦਲ ਦੇ ਝੂਠੇ ਦਾਅਵੇ ਨੂੰ ਪਰੋਸਣ ਤੋਂ ਪਹਿਲਾਂ ਦਾਅਵੇ ਦੀ ਹਕੀਕਤ ਅਤੇ ਤੱਥਾਂ ਨੂੰ ਜਰੂਰ ਚੈੱਕ ਕੀਤਾ ਜਾਵੇ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ। ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤ।

## ਮੌਜੂਦਾ ਸੰਘਰਸ਼ ਦੇ ਮੋਢੀ ਜਰਨੈਲ

# ਜੱਥੇਦਾਰ ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ

## (26 ਫਰਵਰੀ 1944 ਤੋਂ 15 ਅਕਤੂਬਰ 1992)







ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ ਉਹਨਾਂ ਗੁਰਸਿੱਖਾਂ 'ਚ ਮੋਹਰੀ ਸਨ ਜਿਨ੍ਹਾਂ ਦੀ ਰੂਹ ਵਿੱਚੋਂ ਸਿੱਖ ਸੰਘਰਸ਼ ਲਈ ਤੜਪਦੀ ਰੂਹ ਦੇ ਦੀਦਾਰੇ ਹੁੰਦੇ ਸਨ। ਅੱਜ ਜਿਸ ਕਨੇਡਾ ਨੂੰ ਜਾਣ ਲਈ ਨੌਜਵਾਨ ਪੀੜ੍ਹੀ ਨੇ ਪੰਜਾਬ ਤੋਂ IELTS ਪਾਸ ਕਰਕੇ ਵਹੀਰਾਂ ਘੱਤੀਆਂ ਹੋਈਆਂ ਹਨ। ਉਸ ਕਨੇਡਾ ਦੀ ਸੁਖ-ਆਰਾਮ ਵਾਲੀ ਜ਼ਿੰਦਗੀ ਨੂੰ ਆਪ ਜੀ 45 ਸਾਲ ਪਹਿਲਾ ਛੱਡ ਕੇ ਪੰਜਾਬ ਦੀ ਧਰਤੀ ਤੇ ਆ ਕੇ ਨਕਲੀ ਨਿੰਕਾਰੀਆਂ ਨੇ ਜਿਹੜੀ ਭਾਜੀ ਪਾਈ ਸੀ, ਉਹਨੂੰ ਮੋੜਿਆ ਤੇ ਖਾਲਿਸਤਾਨ ਦਾ ਸੰਘਰਸ਼ ਸ਼ੁਰੂ ਕੀਤਾ। ਦਾਸ ਨੂੰ ਵੀ ਮਾਣ ਹੈ ਕਿ ਜੱਥੇਦਾਰ ਤਲਵਿੰਦਰ ਸਿੰਘ ਜੀ ਦੀ ਕਮਾਂਡ ਹੇਠ ਸੇਵਾ ਕਰਨ ਦਾ ਮੌਕਾ ਮਿਲਿਆ। ਅੱਜ ਜਿਹੜੇ ਲੋਕ ਵਿਦੇਸ਼ਾਂ 'ਚ ਰਹਿ ਕੇ ਸਿੱਖ ਸੰਘਰਸ਼ ਦੀ ਸੇਵਾ ਕਰਨ ਵਾਲਿਆ ਨੂੰ ਕਹਿੰਦੇ ਹਨ ਕਿ ਇਹ ਬਾਹਰ ਬੈਠ ਕੇ ਰੌਲਾ ਪਾਈ ਜਾਂਦੇ ਹਨ। ਉਹਨਾਂ ਲਈ ਸ਼ਹੀਦ ਭਾਈ ਤਲਵਿੰਦਰ ਸਿੰਘ ਜੀ ਜਾਗਦੀ ਮਿਸਾਲ ਹਨ ਤੇ ਉਹਨਾਂ ਤੋਂ ਬਾਅਦ ਹੋਰ ਵੀ ਬਹੁਤ ਸਿੱਖ ਨੌਜਵਾਨ ਪੰਜਾਬ ਦੀ ਧਰਤੀ ਤੇ ਆਏ ਜਿਹੜੇ ਅੱਜ ਵੀ ਜੇਲਾਂ 'ਚ ਬੰਦ ਹਨ। ਕੁਝ ਸ਼ਹਾਦਤ ਦਾ ਜਾਮ ਪੀ ਗਏ ਅਤੇ ਕੁਝ ਹੁਣ ਵੀ ਗੁਪਤ ਤੌਰ ਤੇ ਸੇਵਾ ਕਰ ਰਹੇ ਹਨ। ਜੱਥੇਦਾਰ ਜੀ ਨੇ ਆਪਣਾ ਜੀਵਨ ਖ਼ਾਲਿਸਤਾਨ ਦੇ ਲੇਖੇ ਲਾ ਦਿੱਤਾ ਅਤੇ 15 ਅਕਤੂਬਰ 1992 ਨੂੰ ਆਪ ਜੀ ਨੇ ਸ਼ਹਾਦਤ ਦਾ ਜਾਮ ਪੀ ਗਏ। ਆਪ ਜੀ ਦਾ ਸੰਘਰਸ਼ਮਈ ਜੀਵਨ ਹਰ ਸਿੱਖ ਨੂੰ ਮੈਦਾਨ ਵਿੱਚ ਨਿਤਰਨ ਲਈ ਉਹਨਾਂ ਦਾ ਹੋਕਾ ਸੁਣਦਾ ਰਹੇਗਾ।



ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਹਿ।

## ਗੁਰੂ ਪੰਥ ਦਾ ਦਾਸ

## ਜੱਥੇਦਾਰ ਰੇਸ਼ਮ ਸਿੰਘ ਬੱਬਰ

ਜਾਰੀ ਕਰਤਾ: **ਬੱਬਰ ਖਾਲਸਾ**

## ਸੇਂਟ ਸੋਲਜਰ ਸਕੂਲ ਦਾ

# ਨਵਰੋਜ ਸਿੰਘ ਖਹਿਰਾ ਬਣਿਆ ਸਟੇਟ ਚੈਂਪੀਅਨ



**ਜੰਡਿਆਲਾ ਗੁਰੂ, 15 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਬੀਤੇ ਕੱਲ ਐਸ.ਆਈ.ਪੀ. ਅਬੈਕਸ ਇੰਡੀਆ ਵੱਲੋਂ ਪੰਜਾਬ , ਹਿਮਾਚਲ ਪ੍ਰਦੇਸ਼ ਅਤੇ ਟਰਾਈਸਿਟੀ ਚੰਡੀਗੜ ਵੱਲੋਂ ਜੀਰਕਪੁਰ ਵਿਖੇ ਗਣਿਤ ਕੰਪੀਟੀਸ਼ਨ ਕਰਵਾਇਆ ਗਿਆ ਜਿਸ ਵਿੱਚ ਤਕਰੀਬਨ 1250 ਤੋਂ ਵੱਧ ਵਿਦਆਰਥੀਆਂ ਨੇ ਹਿੱਸਾ ਲਿਆ ।ਇਸ ਪ੍ਰਤੀਯੋਗਤਾ ਵਿੱਚ 11 ਮਿੰਟ ਵਿੱਚ 325 ਗਣਿਤਕ ਸਵਾਲ ਹੱਲ ਕਰਨ ਲਈ ਦਿੱਤੇ ਗਏ ਸਨ ।ਜਿਸ ਨੂੰ ਬੱਚਿਆ ਨੇ ਅਬੈਕਸ ਤਕਨੀਕ ਨਾਲ ਹੱਲ ਕਰ ਕਿ ਦਿਖਾਇਆ ।ਸਭ ਤੋਂ ਵੱਧ ਮਾਣ ਵਾਲੀ ਗੱਲ ਇਹ ਰਹੀ ਕਿ ਜੰਡਿਆਲਾ ਗੁਰੂ ਤੋਂ ਐਸ.ਆਈ.ਪੀ.ਅਬੈਕਸ ਕੰਪਨੀ ਦੇ ਸੰਚਾਲਕ ਸਤਵੀਰ ਕੌਰ ਸਿੱਧੂ ਦੀ ਰਹਿਨੁਮਾਈ ਹੇਠ ਜਿੰਨਾਂ ਬੱਚਿਆ ਨੇ ਇਸ ਕੰਪੀਟੀਸ਼ਨ ਵਿੱਚ ਹਿੱਸਾ ਲਿਆ ਉਹ ਸਾਰੇ ਹੀ ਆਪਣੇ ਆਪਣੇ ਲੈਵਲ ਵਿੱਚ ਜੇਤੂ ਬਣ ਕਿ ਆਏ ।ਸੰਚਾਲਕ ਸਤਵੀਰ ਕੌਰ ਸਿੱਧੂ ਨੇ ਦੱਸਿਆ ਕਿ ਸੇਂਟ ਸੋਲਜਰ ਸਕੂਲ ਦਾ ਨਵਰੋਜ ਸਿੰਘ ਆਪਣੇ ਲੈਵਲ ਵਿੱਚ ਚੈਂਪੀਅਨ ਬਣ ਕਿ ਨਿਕਲਿਆ ।ਨਵਰੋਜ ਸਿੰਘ ਨੇ ਇਸ ਸਟੇਟ ਲੈਵਲ ਕੰਪੀਟੀਸ਼ਨ ਵਿੱਚ ਆਪਣੇ ਨਾਲਦਿਆਂ ਨੂੰ ਪਛਾੜਦੇ ਹੋਏ ਚੈਂਪੀਅਨ ਟਰਾਫੀ ਤੇ ਕਬਜਾ ਕੀਤਾ ਉਥੇ ਹੀ ਸਕੂਲ ਅਤੇ ਆਪਣੇ ਇਲਾਕੇ ਦਾ ਨਾਮ ਵੀ ਰੌਸ਼ਨ ਕੀਤਾ। ਅਬੈਕਸ ਅਕੈਡਮੀ ਜੰਡਿਆਲਾ ਗੁਰੂ ਦੇ ਵਿਦਆਰਥੀਆਂ ਨੇ 27 ਟਰੌਫੀਆਂ ਤੇ ਕਬਜਾ ਕਰ ਕਿ ਇਹ ਦਿਖਾ ਦਿੱਤਾ ਕਿ ਪ੍ਰਤਿਭਾ ਕਿਸੇ ਇਲਾਕੇ ਦੀ ਮੁਥਾਜ ਨਹੀਂ ਹੈ ਬੱਸ ਇੱਕ ਮੌਕਾ ਮਿਲਣਾ ਚਾਹੀਦਾ ਹੈ ।ਉਕਤ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਇਹ ਸਾਰੇ ਵਿਦਆਰਥੀ ਜੰਡਿਆਲਾ ਗੁਰੂ ਦੇ ਵੱਖ ਵੱਖ ਸਕੂਲਾਂ ਸੇਂਟ ਫਰਾਂਸਿਸ ਸਕੂਲ,ਸੇਂਟ ਸੋਲਜਰ ਈਲੀਟ ਕਾਨਵੈਂਟ ਸਕੂਲ,ਬੇਰਿੰਗ ਸਕੂਲ, ਦਿੱਲੀ ਪਬਲਿਕ ਸਕੂਲ,ਡੀਏਵੀ ਪਬਲਿਕ ਸਕੂਲ ਅੰਮ੍ਰਿਤਸਰ ਤੋਂ ਆਏ ਸਨ ਜੋ ਸਿਪ ਅਬੈਕਸ ਅਕੈਡਮੀ ਜੰਡਿਆਲਾ ਗੁਰੂ ਤੋਂ ਟਰੇਂਡ ਸਨ ।ਉਹਨਾਂ ਅੱਗੇ ਦੱਸਿਆ ਕਿ ਅਬੈਕਸ ਤਕਨੀਕ ਨਾਲ ਬੱਚਿਆਂ ਦੀ ਯਾਦ ਸ਼ਕਤੀ,ਲਿਖਣ ਦੀ ਗਤੀ,ਸੁਣਨ ਦੀ ਸ਼ਕਤੀ ਵਧਦੀ ਹੈ ਜਿਸ ਨਾਲ ਬੱਚੇ ਕਿਸੇ ਵੀ ਸਬਜੈਕਟ ਨੂੰ ਜਲਦੀ ਯਾਦ ਕਰ ਲੈਂਦੇ ਹਨ ਅਤੇ ਉਹ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਦੂਜਿਆਂ ਬੱਚਿਆ ਨਾਲੋਂ ਵਧੀਆ ਪ੍ਰਦਰਸ਼ਨ ਕਰ ਪਾਉਂਦੇ ਹਨ ।ਇਹਨਾਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਹਿੱਸਾ ਲੈਣ ਨਾਲ ਬੱਚਿਆਂ ਵਿੱਚ ਉਤਸਾਹ ਅਤੇ ਅੱਗੇ ਵਧਣ ਦੀ ਲਾਲਸਾ ਪੈਦਾ ਹੁੰਦੀ ਹੈ ਅਤੇ ਉਥੋਂ ਜਿੱਤ ਕੇ ਆਉਣ ਨਾਲ ਉਹਨਾਂ ਵਿੱਚ ਇੱਕ ਬਹੁਤ ਹੀ ਉੱਚ ਦਰਜੇ ਦਾ ਆਤਮਵਿਸ਼ਵਾਸ ਵਧਦਾ ਹੈ।

### ਅਬੈਕਸ ਤਕਨੀਕ ਬੱਚਿਆਂ ਵਿੱਚ ਸੁਣਨਾਂ,ਬੋਲਣਾ ਅਤੇ ਲਿਖਣ ਕਲਾ ਨੂੰ ਨਿਖਾਰਦੀ ਹੈ-ਸਿੱਧੂ

## ਪੰਜਾਬ ਸਰਕਾਰ ਦਾ ਵਾਅਦਾ ਵਫ਼ਾ ਹੋਇਆ, ਜ਼ਿਲ੍ਹਾ ਸੰਗਰੂਰ ਦੇ ਹੜ੍ਹ ਪੀੜ੍ਹਤਾਂ ਦੀ ਮਦਦ ਲਈ

# 3.50 ਕਰੋੜ ਰੁਪਏ ਦੀ ਪਹਿਲੀ ਮੁਆਵਜ਼ਾ ਕਿਸ਼ਤ ਜਾਰੀ



ਧੂਰੀ ( ਰਣਜੀਤ ਸਿੰਘ ਪੇਧਨੀ )ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹੜ੍ਹ ਪੀੜ੍ਹਤਾਂ ਨੂੰ ਦੀਵਾਲੀ ਤੋਂ ਪਹਿਲਾਂ (30 ਦਿਨਾਂ ਵਿੱਚ) ਮੁਆਵਜ਼ਾ/ਰਾਹਤ ਰਾਸ਼ੀ ਪ੍ਰਦਾਨ ਕਰਨ ਦਾ ਵਾਅਦਾ ਪੂਰਾ ਕਰਦਿਆਂ ਸੂਬੇ ਲਈ 209 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਜਾਰੀ ਕਰ ਦਿੱਤੀ ਹੈ। ਜਿਸ ਵਿੱਚੋਂ ਜ਼ਿਲ੍ਹਾ ਸੰਗਰੂਰ ਦੇ ਹੜ੍ਹ ਪੀੜ੍ਹਤਾਂ ਨੂੰ 3.50 ਕਰੋੜ ਰੁਪਏ ਵੰਡੇ ਜਾਣਗੇ। ਅੱਜ ਹਲਕਾ ਧੂਰੀ ਦੇ 8 ਹੜ੍ਹ ਪੀੜ੍ਹਤ ਪਰਿਵਾਰਾਂ ਨੂੰ ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਨੇ ਮਨਜ਼ੂਰੀ ਪੱਤਰ ਵੰਡ ਕੇ ਮੁਆਵਜ਼ਾ ਵੰਡਣ ਦੀ ਸ਼ੁਰੂਆਤ ਕੀਤੀ। ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਅੱਜ ਪੰਜਾਬ ਭਰ ਦੇ 13 ਕੈਬਨਿਟ ਮੰਤਰੀ ਮਿਸ਼ਨ ਪੁਨਰਵਾਸ ਤਹਿਤ ਰਾਹਤ ਰਾਸ਼ੀ ਵੰਡਣ ਲਈ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਰਹੇ ਹਨ। ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਨੇ ਬੀਤੇ ਦਿਨੀਂ ਅਜਨਾਲਾ ਵਿੱਚ 631 ਕਿਸਾਨਾਂ ਨੂੰ 5.70 ਕਰੋੜ ਰੁਪਏ ਦੇ ਚੈੱਕ ਵੰਡ ਕੇ ਮਿਸ਼ਨ ਪੁਨਰਵਾਸ ਦੀ ਸ਼ੁਰੂਆਤ ਕੀਤੀ ਸੀ। ਉਹਨਾਂ ਕਿਹਾ ਕਿ ਦੇਸ਼ ਵਿੱਚ ਪਹਿਲੀ ਵਾਰ ਕਿਸਾਨਾਂ ਨੂੰ ਪ੍ਰਤੀ ਏਕੜ 20,000 ਰੁਪਏ ਮੁਆਵਜ਼ਾ ਦਿੱਤਾ ਗਿਆ ਹੈ। ਪੰਜਾਬ ਸਰਕਾਰ ਲੋਕਾਂ ਦੇ ਹਰ ਦੁੱਖ-ਸੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੈ। ਉਹਨਾਂ ਕਿਹਾ ਕਿ ਭਾਰੀ ਮੀਂਹ ਅਤੇ ਹੜ੍ਹ ਕਾਰਨ ਸੂਬੇ ਭਰ ਵਿੱਚ ਵੱਡੀ ਪੱਧਰ ਉੱਤੇ ਫਸਲਾਂ ਖ਼ਰਾਬ ਹੋ ਗਈਆਂ ਸਨ। ਕਈ ਲੋਕਾਂ ਦੇ ਘਰ ਅਤੇ ਹੋਰ ਇਮਾਰਤਾਂ ਢਹਿ ਗਈਆਂ ਸਨ। ਹਰੇਕ ਪ੍ਰਭਾਵਿਤ ਪਰਿਵਾਰ ਨੂੰ ਹੋਏ ਨੁਕਸਾਨ ਦੀ ਪੜਤਾਲ ਉਪਰੰਤ ਰਾਹਤ ਰਾਸ਼ੀ ਦਿੱਤੀ ਜਾਵੇਗੀ। ਇਹ ਵੀ ਪਹਿਲੀ ਵਾਰ ਹੈ ਕਿ ਨੁਕਸਾਨੇ ਗਏ ਹਰੇਕ ਘਰ ਨੂੰ 40 ਹਜ਼ਾਰ ਰੁਪਏ ਮਿਲਣਗੇ ਜਦਕਿ ਪਹਿਲਾਂ ਸਿਰਫ਼ 4 ਹਜ਼ਾਰ ਰੁਪਏ ਮਿਲਦੇ ਸਨ। ਕਿਸਾਨਾਂ ਨੂੰ ਫ਼ਸਲ ਦੇ ਖ਼ਰਾਬੇ ਲਈ ਪ੍ਰਤੀ ਏਕੜ 20 ਹਜ਼ਾਰ ਰੁਪਏ ਮਿਲਣਗੇ। ਉਹਨਾਂ ਕਿਹਾ ਕਿ ਪੰਜਾਬ ਅਤੇ ਪੰਜਾਬੀ ਲੋਕ ਹਰ ਮੁਸ਼ਿਕਲ ਦੀ ਘੜ੍ਹੀ ਵਿੱਚ ਕੁਦਰਤੀ ਕਰੋਪੀਆਂ ਦੇ ਪੀੜ੍ਹਤਾਂ ਨਾਲ ਖੜਦੇ ਆਏ ਹਨ। ਪਰ ਕੇਂਦਰ ਸਰਕਾਰ ਪੰਜਾਬ ਅਤੇ ਪੰਜਾਬੀਆਂ ਨਾਲ ਹਰ ਖੇਤਰ ਵਿੱਚ ਧੱਕਾ ਕਰਦੀ ਹੈ। ਉਹਨਾਂ ਕੇਂਦਰ ਸਰਕਾਰ ਤੋਂ ਉਹਨਾਂ 1600 ਕਰੋੜ ਰੁਪਏ ਜਾਰੀ ਕਰਨ ਦੀ ਮੰਗ ਕੀਤੀ ਜੋ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਦੌਰੇ ਦੌਰਾਨ ਐਲਾਨ ਕਰਕੇ ਗਏ ਸਨ। ਉਹਨਾਂ ਸਪੱਸ਼ਟ ਕੀਤਾ ਕਿ ਕੇਂਦਰ ਵੱਲੋਂ ਜਾਰੀ ਕੀਤੇ ਗਏ 240 ਕਰੋੜ ਰੁਪਏ ਤਾਂ ਸਾਲਾਨਾ ਕਿਸ਼ਤ ਦਾ ਹਿੱਸਾ ਹਨ। ਸ੍ਰ ਚੀਮਾ ਨੇ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਨੇ ਲੋਕਾਂ ਦੇ ਸਹਿਯੋਗ ਨਾਲ ਪੂਰੀ ਤਾਕਤ ਝੋਕ ਕੇ ਹੜ੍ਹਾਂ ਦਾ ਮੁਕਾਬਲਾ ਕੀਤਾ ਹੈ। ਜੇਕਰ ਸਮੇਂ ਸਿਰ ਬਚਾਅ ਅਤੇ ਰਾਹਤ ਕਾਰਜ ਨਾ ਸ਼ੁਰੂ ਕੀਤੇ ਜਾਂਦੇ ਤਾਂ ਨੁਕਸਾਨ ਬਹੁਤ ਜ਼ਿਆਦਾ ਹੋਣਾ ਸੀ।ਉਹਨਾਂ ਜ਼ਿਲ੍ਹਾ ਪ੍ਰਸ਼ਾਸ਼ਨ ਸੰਗਰੂਰ ਦੀ ਪਿੱਠ ਥਾਪੜਦਿਆਂ ਕਿਹਾ ਕਿ ਘੱਗਰ ਵਿੱਚ 747 ਫੁੱਟ ਪਾਣੀ ਹੋਣ ਉਤੇ ਪਾੜ ਪੈ ਜਾਂਦਾ ਸੀ। ਇਸ ਵਾਰ 755 ਫੁੱਟ ਪਾਣੀ ਹੋਣ ਉੱਤੇ ਵੀ ਸਥਿਤੀ ਕਾਬੂ ਵਿੱਚ ਰਹੀ। ਇਸ ਤੋਂ ਪਹਿਲਾਂ ਸ਼੍ਰੀ ਰਾਹੁਲ ਚਾਬਾ ਡਿਪਟੀ ਕਮਿਸ਼ਨਰ, ਸੰਗਰੂਰ ਨੇ ਜ਼ਿਲ੍ਹਾ ਸੰਗਰੂਰ ਵਿੱਚ ਹੜ੍ਹ ਦਾ ਮੁਕਾਬਲਾ ਕਰਨ ਲਈ ਕੀਤੇ ਗਏ ਯਤਨਾਂ ਬਾਰੇ ਜਾਣਕਾਰੀ ਦਿੱਤੀ ਅਤੇ ਪੰਜਾਬ ਸਰਕਾਰ ਦਾ ਇਹ ਮੁਆਵਜ਼ਾ ਰਾਸ਼ੀ ਜਾਰੀ ਕਰਨ ਲਈ ਧੰਨਵਾਦ ਕੀਤਾ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਿਲੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹੰਗਾਮੀ ਸਥਿਤੀ ਦਾ ਮੁਕਾਬਲਾ ਕਰਨ ਲਈ ਅਗਾਊਂ ਪ੍ਰਬੰਧ ਕੀਤੇ ਗਏ ਸਨ। ਭਾਰੀ ਮੀਂਹ ਦੇ ਬਾਵਜੂਦ ਜ਼ਿਲ੍ਹਾ ਸੰਗਰੂਰ ਵਿੱਚੋਂ ਲੰਘਦੇ ਘੱਗਰ ਦਰਿਆ ਦੇ 41 ਕਿਲੋਮੀਟਰ ਖੇਤਰ ਵਿੱਚ ਇੱਕ ਵੀ ਪਾੜ ਨਹੀਂ ਪੈਣ ਦਿੱਤਾ ਗਿਆ। ਇਸ ਮੌਕੇ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਸ੍ਰ ਜਸਵੀਰ ਸਿੰਘ ਸੇਖੋਂ, ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਬੈਂਬੀ, ਐੱਸ ਡੀ ਐੱਮ ਸ਼੍ਰੀ ਰਿਸ਼ਭ ਬਾਂਸਲ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਸ੍ਰ ਰਾਜਵੰਤ ਸਿੰਘ ਘੁੱਲੀ, ਅਨਵਰ ਭਸੌੜ, ਸੋਨੀ ਮੰਡੇਰ, ਅਵਤਾਰ ਸਿੰਘ ਭਸੌੜ, ਸਰਪੰਚ ਗੁਰਜੰਟ ਸਿੰਘ, ਸੁਖਦੀਪ ਸਿੰਘ ਚੀਮਾ, ਭਿੰਦਾ ਵਿਰਕ, ਰਮਨਦੀਪ ਸਿੰਘ ਭਸੌੜ, ਗਗਨ ਜਵੰਧਾ, ਖਾਨ ਕਰੇਰ ਸੁਰਜੀਤ ਸਿੰਘ ਰਾਜੋਮਾਜਰਾ, ਨਰੇਸ਼ ਸਿੰਗਲਾ, ਸੰਭੂ,ਬੱਬੂ,ਅਰਸ ਧੂਰੀ, ਬਖਸਿਸ਼ ਅਲਾਲ, ਰਜਿੰਦਰ ਸਿੰਘ ਪੇਧਨੀ ਹਾਜ਼ਰ ਸਨ।

## ਬਾਬਾ ਜੱਸਾ ਸਿੰਘ ਦੀ ਯਾਦ ਬੁੱਢਾ ਦਲ ਦੇ ਮੌਜੂਦਾ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ ਹਰ ਸਾਲ ਮਨਾਈ ਜਾਂਦੀ ਹੈ



ਹੁਣ ਬਾਬਾ ਜੱਸਾ ਸਿੰਘ ਦੀ ਅਗਵਾਈ ਵਿੱਚ ਦਲ ਖ਼ਾਲਸਾ ਨੇ ਜਮਨਾ ਪਾਰ ਦੇ ਇਲਾਕਿਆਂ ਉੱਤੇ ਸਖ਼ਤ ਹਮਲੇ ਕਰਕੇ ਦਿੱਲੀ ਤੱਕ ਮੁੜ ਸਿੱਖ ਸ਼ਕਤੀ ਦੀ ਧਾਂਕ ਜਮਾਈ ।ਜਦੋਂ ਮੁੜ ਦੁਰਾਨੀ 1765 ਈ: ਵਿੱਚ ਹਿੰਦੁਸਤਾਨ ‘ਤੇ ਚੜ੍ਹਕੇ ਆਇਆ, ਤਾਂ ਉਹ ਸਿੱਖ ਸ਼ਕਤੀ ਤੋਂ ਘਬਰਾਉਂਦਾ ਸੀ, ਉਸ ਨੇ ਸਿੱਖਾਂ ਨਾਲ ਸਮਝੌਤਾ ਕਰਕੇ ਸ਼ਾਂਤੀ ਕਾਇਮ ਕਰਨ ਦਾ ਯਤਨ ਕੀਤਾ, ਪਰ ਮਹਾਨ ਜਰਨੈਲ ਬਾਬਾ ਜੱਸਾ ਸਿੰਘ ਨੇ ਉਸ ਦੀ ਇਸ ਸਲਾਹ ਨੂੰ ਪੂਰੀ ਤਰ੍ਹਾਂ ਠੁਕਰਾ ਦਿੱਤਾ ।ਬਾਬਾ ਜੱਸਾ ਸਿੰਘ ਨੇ ਦੁਆਬੇ ਦਾ ਬਹੁਤ ਸਾਰਾ ਇਲਾਕਾ ਫ਼ਤਹਿ ਕਰਕੇ 1774 ਈ: ਵਿੱਚ ਕਪੂਰਥਲਾ ਨੂੰ ਰਾਜਧਾਨੀ ਬਣਾ ਕੇ ਰਿਆਸਤ ਕਾਇਮ ਕੀਤੀ ।1779 ਈ: ਵਿੱਚ ਦਿੱਲੀ ਦੇ ਸੂਬੇਦਾਰ ਅਬਦੁਲ ਅਹਿਮਦ ਖਾਨ ਨੇ ਪਟਿਆਲੇ ਦੇ ਰਾਜੇ ਸ। ਅਮਰ ਸਿੰਘ ਉਤੇ ਹਮਲਾ ਕੀਤਾ ਤਾਂ ਬਾਬਾ ਜੱਸਾ ਸਿੰਘ ਫੌਜ ਸਮੇਤ ਸ।ਅਮਰ ਸਿੰਘ ਦੀ ਸਹਾਇਤਾ ਲਈ ਆਇਆ ।ਮੁਗਲ ਫੌਜਾਂ ਨੂੰ ਪਟਿਆਲੇ ਤੋਂ ਵਾਪਸ ਭੇਜ ਕੇ 7 ਲੱਖ ਹਰਜਾਨੇ ਵਜੋਂ ਪ੍ਰਾਪਤ ਕੀਤੇ ।ਬਾਬਾ ਜੱਸਾ ਸਿੰਘ ਨੇ ਪੂਰੇ ਉੱਤਰੀ ਭਾਰਤ ਵਿੱਚ ਇਕ ਬਹਾਦਰ, ਅਣਖੀ ਅਤੇ ਦਲੇਰ ਜਰਨੈਲ ਵਜੋਂ ਮੁਗਲ ਅਤੇ ਅਫ਼ਗਾਨ ਸ਼ਕਤੀ ਨੂੰ ਵੰਗਾਰ ਕੇ ਸਿੱਖਾਂ ਦੀ ਅਜ਼ਾਦ ਹੋਂਦ ਨੂੰ ਕਾਇਮ ਕੀਤਾ ।ਦਿੱਲੀ ਦੇ ਲਾਲ ਕਿਲ੍ਹੇ ਉੱਪਰ ਕੇਸਰੀ ਪਰਚੰਮ ਲਹਿਰਾਇਆ ।18ਵੀਂ ਸਦੀ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਤੋਂ ਬਾਅਦ ਜੇ ਕਿਸੇ ਸਿੱਖ ਜਰਨੈਲ ਨੂੰ ਸੁਨਹਿਰੀ ਹਰਫਾਂ ਵਿੱਚ ਯਾਦ ਕੀਤਾ ਜਾਂਦਾ ਹੈ, ਤਾਂ ਇਹ ਮਾਣ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਮਿਲਦਾ ਹੈ ।ਜਦੋਂ ਪੰਜ ਪਿਆਰਿਆਂ ਵਿੱਚ ਅੰਮ੍ਰਿਤ ਛਕਾਉਣ ਲਈ ਬਾਬਾ ਜੱਸਾ ਸਿੰਘ ਸ਼ਾਮਿਲ ਹੁੰਦੇ ਸਨ ਤਾਂ ਵਹੀਰਾਂ ਘੱਤ ਕੇ ਸੰਗਤ ਅੰਮ੍ਰਿਤਪਾਨ ਕਰਦੀ ਸੀ ।ਪਟਿਆਲੇ ਦੇ ਰਾਜੇ ਅਮਰ ਸਿੰਘ ਨੇ ਇਨ੍ਹਾਂ ਦੇ ਹੱਥੋਂ ਖੰਡੇ ਦੀ ਪਾਹੁਲ ਲਈ ਸੀ ।ਇਹ ਮਹਾਨ ਜਰਨੈਲ 20 ਅਕਤੂਬਰ 1783 ਈ: ਵਿੱਚ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਗਿਆ ।ਉਸ ਸਮੇਂ ਦੇ ਮੁਖੀ ਸਿੱਖਾਂ ਨੇ ਇਨ੍ਹਾਂ ਦੀ ਸਮਾਧ ਗੁ: ਬਾਬਾ ਅਟੱਲ ਰਾਇ ਦੇ ਨਜ਼ਦੀਕ ਅੰਮ੍ਰਿਤਸਰ ਵਿਖੇ ਬਣਵਾਈ ।ਬਾਬਾ ਜੱਸਾ ਸਿੰਘ ਦੀ ਯਾਦ ਬੁੱਢਾ ਦਲ ਦੇ ਮੌਜੂਦਾ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ ਹਰ ਸਾਲ ਮਨਾਈ ਜਾਂਦੀ ਹੈ ।ਇਸ ਮਹਾਨ ਜਰਨੈਲ ਨੂੰ ਸਾਡਾ ਪ੍ਰਣਾਮ।

## ਦਿਵਾਲੀ ਦੇ ਤਿਉਹਾਰ ਦੇ ਮੌਕੇ ਬੱਚੇ ਪ੍ਰਦੂਸ਼ਣ ਰਹਿਤ ਦਿਵਾਲੀ ਮਨਾਉਣ ਗੁਰਿੰਦਰ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਸਿੱਖਿਆ ਕ੍ਰਾਂਤੀ ਮੁਹਿੰਮ ਵਿੱਚ ਸਭ ਤੋਂ ਮੋਹਰੀ ਹੋ ਕੇ ਅਹਿਮ ਰੋਲ ਨਿਭਾਉਣ ਵਾਲੇ ਉੱਘੇ ਸਮਾਜ ਸੇਵੀ ਗੁਰਿੰਦਰ ਸਿੰਘ ਹੈੱਡਮਾਸਟਰ ਸਰਕਾਰੀ ਐਲੀਮੈਂਟਰੀ ਸਕੂਲ ਕੁੰਭੜਵਾਲ ਨੇ ਕਿਹਾ ਕਿ ਤਿਉਹਾਰਾਂ ਦੇ ਦਿਨਾਂ ਵਿਚ ਵਿਸ਼ੇਸ਼ ਤੌਰ ਤੇ ਦੀਵਾਲੀ ਮੌਕੇ ਲੋਕਾਂ ਵਲੋਂ ਵੱਡੀ ਮਾਤਰਾ ਵਿਚ ਪਟਾਕੇ ਚਲਾਏ ਜਾਂਦੇ ਹਨ ਅਤੇ ਕਰੋੜਾਂ ਰੁਪਏ ਧੂੰਆਂ ਬਣ ਕੇ ਹਵਾ ਵਿਚ ਉਡ ਜਾਂਦੇ ਹਨ ।ਪਰ ਅਜਿਹਾ ਹੋਣ ਨਾਲ ਜਿੱਥੇ ਵਾਤਾਵਰਣ ਗੰਧਲਾ ਹੁੰਦਾ ਹੈ, ਉਥੇ ਹੀ ਅਨੇਕਾਂ ਸਮੱਸਿਆਵਾਂ ਵੀ ਪੈਦਾ ਹੁੰਦੀਆਂ ਹਨ ਅਤੇ ਪੈਸੇ ਦੀ ਵੀ ਬਰਬਾਦੀ ਹੁੰਦੀ ਹੈ ਤੇ ਇਸ ਤੋਂ ਇਲਾਵਾ ਇਸ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਨਾਲ ਹਰ ਇੱਕ ਇਨਸਾਨ ਨੂੰ ਬਿਮਾਰੀਆਂ ਦਾ ਸ਼ਿਕਾਰ ਹੋਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ, ਸ਼ਹਿਰਾਂ ਨੂੰ ਹਰਾ-ਭਰਾ ਅਤੇ ਸੁੰਦਰ ਬਣਾਉਣ ਵਿਚ ਸਾਨੂੰ ਪੂਰਾ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਪ੍ਰਸ਼ਾਸਨ ਦਾ ਵੀ ਸਹਿਯੋਗ ਦੇਣਾ ਚਾਹੀਦਾ ਹੈ ਕਿਉਂਕਿ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ ਅਤਿ ਜ਼ਰੂਰੀ ਹੈ।

## ਪਟਾਕੇ ਚਲਾਉਣ ਤੋਂ ਪਰਹੇਜ਼ ਕਰਦੇ ਹੋਏ ਗਰੀਨ ਦੀਵਾਲੀ ਮਨਾਈ ਜਾਵੇ : ਪ੍ਰਿੰਸੀਪਲ ਅਮਨਦੀਪ ਸਿੰਘ ਪਾਠਕ



ਧੂਰੀ ( ਰਣਜੀਤ ਸਿੰਘ ਪੇਧਨੀ ) ਮੌਜੂਦਾ ਸਮੇਂ ਦੌਰਾਨ ਦਿਨ-ਬ-ਦਿਨ ਵਧ ਰਹੇ ਪ੍ਰਦੂਸ਼ਣ ’ਤੇ ਚਿੰਤਾ ਜ਼ਾਹਿਰ ਕਰਦਿਆਂ ਸਮਾਜ ਸੇਵੀ ਪ੍ਰਿੰਸੀਪਲ ਅਮਨਦੀਪ ਸਿੰਘ ਪਾਠਕ ਨੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਲਈ ਪਟਾਕੇ ਚਲਾਉਣ ਤੋਂ ਪਰਹੇਜ਼ ਕਰਦੇ ਹੋਏ ਸਾਨੂੰ ਗਰੀਨ ਦੀਵਾਲੀ ਮਨਾਉਣ ਲਈ ਲੋਕਾਂ ’ਚ ਜਾਗਰੂਕਤਾ ਪੈਦਾ ਕਰਨੀ ਚਾਹੀਦੀ ਹੈ ਅਤੇ ਕੋਈ ਵੀ ਅਜਿਹਾ ਕੰਮ ਨਹੀਂ ਕਰਨਾ ਚਾਹੀਦਾ, ਜਿਸ ਨਾਲ ਸਾਡਾ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੋਵੇ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਦਿਨਾਂ ਵਿਚ ਵਿਸ਼ੇਸ਼ ਤੌਰ ਤੇ ਦੀਵਾਲੀ ਮੌਕੇ ਲੋਕਾਂ ਵਲੋਂ ਵੱਡੀ ਮਾਤਰਾ ਵਿਚ ਪਟਾਕੇ ਚਲਾਏ ਜਾਂਦੇ ਹਨ ਅਤੇ ਕਰੋੜਾਂ ਰੁਪਏ ਧੂੰਆਂ ਬਣ ਕੇ ਹਵਾ ਵਿਚ ਉਡ ਜਾਂਦੇ ਹਨ, ਪਰ ਅਜਿਹਾ ਹੋਣ ਨਾਲ ਜਿੱਥੇ ਵਾਤਾਵਰਣ ਗੰਧਲਾ ਹੁੰਦਾ ਹੈ, ਉਥੇ ਹੀ ਅਨੇਕਾਂ ਸਮੱਸਿਆਵਾਂ ਵੀ ਪੈਦਾ ਹੁੰਦੀਆਂ ਹਨ ਅਤੇ ਪੈਸੇ ਦੀ ਵੀ ਬਰਬਾਦੀ ਹੁੰਦੀ ਹੈ ਤੇ ਇਸ ਤੋਂ ਇਲਾਵਾ ਇਸ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਨਾਲ ਹਰ ਇੱਕ ਇਨਸਾਨ ਨੂੰ ਬਿਮਾਰੀਆਂ ਦਾ ਸ਼ਿਕਾਰ ਹੋਣਾ ਪੈਂਦਾ ਹੈ ਸ਼ਹਿਰ ਨੂੰ ਹਰਾ-ਭਰਾ ਅਤੇ ਸੁੰਦਰ ਬਣਾਉਣ ਵਿਚ ਸਾਨੂੰ ਪੂਰਾ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਪ੍ਰਸ਼ਾਸਨ ਨੂੰ ਵੀ ਸਹਿਯੋਗ ਦੇਣਾ ਚਾਹੀਦਾ ਹੈ ਕਿਉਂਕਿ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ ਅਤਿ ਜ਼ਰੂਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਿੰਡ ਖੋਖਰ ਕਲਾਂ ਵਿਖੇ ਮਨਾਇਆ ਝੋਨੇ ਦੀ ਸਿੱਧੀ ਬਿਜਾਈ ਦਾ ਖੇਤ ਦਿਵਸ

# ਹਾੜ੍ਹੀ ਦੀਆਂ ਫ਼ਸਲਾਂ ਵਿੱਚ ਰਸਾਇਣਕ ਖਾਦਾਂ ਦੀ ਵਰਤੋਂ ਆਪਣੇ ਖੇਤ ਦੀ ਮਿੱਟੀ ਪਰਖ ਰਿਪੋਰਟ ਦੇ ਆਧਾਰ 'ਤੇ ਹੀ ਕਰਨ ਦੀ ਸਲਾਹ



**ਲਹਿਰਾਗਾਗਾ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਵੱਲੋਂ ਜ਼ਿਲ੍ਹਾ ਸੰਗਰੂਰ ਬਲਾਕ ਲਹਿਰਾਗਾਗਾ ਦੇ ਪਿੰਡ ਖੋਖਰ ਕਲਾਂ ਵਿਖੇ ਝੋਨੇ ਦੀ ਸਿੱਧੀ ਬਿਜਾਈ ਦਾ ਖੇਤ ਦਿਵਸ ਮਨਾਇਆ ਗਿਆ। ਖੋਖਰ ਕਲਾਂ ਅਤੇ ਨਾਲ ਲਗਦੇ ਪਿੰਡ ਅੜਕਵਾਸ ਵਿੱਚ ਤਕਰੀਬਨ 70 ਏਕੜ ਰਕਬੇ ਤੇ ਝੋਨੇ ਅਤੇ ਬਾਸਮਤੀ ਦੀ ਸਿੱਧੀ ਬਿਜਾਈ ਕੀਤੀ ਗਈ ਹੈ।ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਵਲੋਂ ਨਦੀਨਾਂ ਦੀ ਰੋਕਥਾਮ ਲਈ ਇਨ੍ਹਾਂ ਪਿੰਡਾਂ ਵਿੱਚ ਨਦੀਨ-ਨਾਸ਼ਕਾਂ ਜਿਵੇਂ ਕਿ ਨੋਵਾਲੈਕਟ ਅਤੇ ਨੋਮਨੀਗੋਲਡ ਦੀਆਂ ਪ੍ਰਦਸਰਸ਼ਨੀਆਂ ਵੀ ਲਗਾਈਆਂ ਗਈਆਂ ਸਨ। ਸ. ਨਿਰਮਲ ਸਿੰਘ ਦੇ ਖੇਤ ਵਿੱਚ ਰੱਖੇ ਇਸ ਕੈਂਪ ਵਿੱਚ ਖੋਖਰ ਕਲਾਂ, ਅੜਕਵਾਸ, ਸੰਗਤਪੁਰਾ, ਭੈਣੀ ਗੰਢੂਆਂ, ਚੰਗਾਲੀਵਾਲਾ ਆਦਿ ਤੋਂ ਆਏ 60 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ। ਡਾ. ਅਸ਼ੋਕ ਕੁਮਾਰ, ਜ਼ਿਲ੍ਹਾ ਪਸਾਰ ਮਾਹਿਰ ਅਤੇ ਇੰਚਾਰਜ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਨੇ ਝੋਨੇ ਦੀ ਪਰਾਲੀ ਨੂੰ ਸਾੜਨ ਦੇ ਮਾੜੇ ਪ੍ਰਭਾਵਾਂ ਜਿਵੇਂ ਕਿ ਨਾਈਟ੍ਰੋਜਨ ਅਤੇ ਗੰਧਕ ਵਰਗੇ ਪੌਸ਼ਟਿਕ ਤੱਤਾਂ ਦਾ ਪੂਰੀ ਤਰ੍ਹਾਂ ਨੁਕਸਾਨ ਅਤੇ ਮਨੁੱਖਾਂ ਅਤੇ ਜਾਨਵਰਾਂ ਲਈ ਹਾਨੀਕਾਰਕ ਜ਼ਿਹਰੀਲੀਆਂ ਗੈਸਾਂ ਜਿਵੇਂ ਕਾਰਬਨ ਡਾਈਆਕਸਾਈਡ, ਕਾਰਬਨ ਮੋਨੋਆਕਸਾਈਡ, ਮੀਥੇਨ ਅਤੇ ਨਾਈਟ੍ਰਿਕ ਆਕਸਾਈਡ ਦਾ ਵਾਤਾਵਰਣ ਵਿੱਚ ਚਲੇ ਜਾਣਾ, ਸੜਕ ਦੁਰਘਟਨਾਵਾਂ ਦਾ ਵਧਣਾ, ਪੰਛੀਆਂ ਦਾ ਮਰਨਾ ਆਦਿ ਬਾਰੇ ਜਾਗਰੂਕ ਕੀਤਾ। ਉਨ੍ਹਾਂ ਅੱਗੇ ਦੱਸਿਆ ਕਿ ਇਕ ਟਨ ਝੋਨੇ ਦੀ ਪਰਾਲੀ ਨੂੰ ਸਾੜਨ ਨਾਲ 400 ਕਿਲੋ ਜੈਵਿਕ ਕਾਰਬਨ, 5.5 ਕਿਲੋ ਨਾਈਟ੍ਰੋਜਨ, 2.3 ਕਿਲੋ ਫਾਸਫੋਰਸ, 25 ਕਿਲੋ ਪੋਟਾਸ਼ ਅਤੇ 1.2 ਕਿਲੋ ਗੰਧਕ ਤੱਤ ਨਸ਼ਟ ਹੋ ਜਾਂਦੇ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੀਆਂ ਹਾੜ੍ਹੀ ਦੀਆਂ ਫ਼ਸਲਾਂ ਵਿੱਚ ਰਸਾਇਣਕ ਖਾਦਾਂ ਦੀ ਵਰਤੋਂ ਆਪਣੇ ਖੇਤ ਦੀ ਮਿੱਟੀ ਪਰਖ ਰਿਪੋਰਟ ਦੇ ਆਧਾਰ 'ਤੇ ਹੀ ਕਰਨ। ਉਨ੍ਹਾਂ ਵੱਖ-ਵੱਖ ਪੌਸ਼ਟਿਕ ਤੱਤਾਂ ਦੀ ਘਾਟ ਦੇ ਲੱਛਣਾਂ ਜਿਵੇਂ ਕਿ ਕਣਕ ਅਤੇ ਬਰਸੀਮ ਵਿੱਚ ਮੈਂਗਨੀਜ਼ ਦੀ ਘਾਟ, ਕਣਕ ਵਿੱਚ ਜ਼ਿੰਕ ਅਤੇ ਸਲਫਰ ਦੀ ਘਾਟ ਆਦਿ ਬਾਰੇ ਵੀ ਚਾਨਣਾ ਪਾਇਆ। ਕਿਸਾਨਾਂ ਨੂੰ ਮਿੱਟੀ ਦੀ ਜੈਵਿਕ ਸਿਹਤ ਨੂੰ ਵਧਾਉਣ ਲਈ ਬਾਇਓ-ਫਰਟੀਲਾਈਜ਼ਰ ਕੰਸੋਰਸ਼ੀਅਮ ਨਾਲ ਕਣਕ ਦੇ ਬੀਜ ਦੀ ਸੋਧ ਕਰਨ ਲਈ ਪ੍ਰੇਰਿਤ ਕੀਤਾ ਗਿਆ। ਡਾ. ਲਖਵੀਰ ਸਿੰਘ, ਖੇਤੀਬਾੜੀ ਵਿਕਾਸ ਅਫਸਰ (ਲਹਿਰਾਗਾਗਾ) ਨੇ ਝੋਨੇ ਦੀ ਪਰਾਲੀ ਦੇ ਖੇਤ ਵਿੱਚ ਹੀ ਪ੍ਰਬੰਧਨ ਲਈ ਕਈ ਤਰ੍ਹਾਂ ਦੀਆਂ ਮਸ਼ੀਨਾਂ ਜਿਵੇਂ ਕਿ ਹੈਪੀ ਸੀਡਰ, ਸੁਪਰ ਸੀਡਰ, ਸਮਾਰਟ ਸੀਡਰ ਅਤੇ ਘੱਟ ਕੀਮਤ ਵਾਲੀਆਂ ਸਰਫੇਸ ਸੀਡਰ ਮਸ਼ੀਨਾਂ ਦੀ ਸਬਸਿਡੀ ਅਤੇ ਵਰਤੋਂ ਕਰਕੇ ਕਣਕ ਦੀ ਬਿਜਾਈ ਬਾਰੇ ਵੀ ਚਾਨਣਾ ਪਾਇਆ।ਪੀ.ਏ.ਯੂ. ਲੁਧਿਆਣਾ ਵਲੋਂ ਕਣਕ (ਪੀ ਬੀ ਡਬਲਯੂ 872) ਅਤੇ ਛੋਲਿਆਂ ਨਵੀਆਂ ਸਿਫ਼ਾਰਸ਼ ਕੀਤੀਆਂ ਬਾਰੇ ਅਤੇ ਉਨ੍ਹਾਂ ਦੀ ਵਿੱਕਰੀ ਲਈ ਕੇਂਦਰ 'ਤੇ ਉਪਲਬਧਤਾ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਇਸ ਤੋਂ ਇਲਾਵਾ ਪਸ਼ੂਆਂ ਦੀ ਚੰਗੀ ਸਿਹਤ ਲਈ ਧਾਤਾਂ ਦਾ ਚੂਰਾ, ਪਸ਼ੂ ਚਾਟ, ਬਾਈਪਾਸ ਫੈਟ, ਪ੍ਰੀ-ਮਿਕਸ, ਪੀਏਯੂ ਸਾਹਿਤ ਦੇ ਨਾਲ-ਨਾਲ ਸਬਜ਼ੀਆਂ ਦੀਆਂ ਕਿੱਟਾਂ, ਬਾਇਓ-ਫਰਟੀਲਾਈਜ਼ਰ ਕੰਸੋਰਸ਼ੀਅਮ, ਮਟਰ ਅਤੇ ਛੋਲੇ ਦੇ ਬੀਜ ਵੀ ਵੇਚੇ ਗਏ। ਅੰਤ ਵਿੱਚ ਕਿਸਾਨਾਂ ਵੱਲੋਂ ਪੁੱਛੇ ਗਏ ਵੱਖ-ਵੱਖ ਸਵਾਲਾਂ ਦੇ ਜਵਾਬ ਦਿੱਤੇ ਗਏ। ਕੈਂਪ ਉਲੀਕਣ ਵਿੱਚ ਸ. ਜਸਵਿੰਦਰ ਸਿੰਘ, ਸ: ਨਿਰਮਲ ਸਿੰਘ, ਸ. ਰਜਿੰਦਰ ਸਿੰਘ ਭੱਠਲ ਨੇ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਦਾ ਪੂਰਾ ਸਾਥ ਦਿੱਤਾ। ਅੰਤ ਵਿੱਚ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਦੀ ਟੀਮ ਨੇ ਸ: ਨਿਰਮਲ ਸਿੰਘ ਦੇ ਸਿੱਧੀ ਬਿਜਾਈ ਦਾ ਖੇਤਾਂ ਦਾ ਦੌਰਾ ਕੀਤਾ।

### ਪੰਜਾਬ ਦੇ ਲੋਕਾਂ ਦਾ ਵੱਡੀ ਗਿਣਤੀ 'ਚ ਅਕਾਲੀ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋਣਾ

# ਸੱਚੀ ਸਿੱਖ ਰਾਜਨੀਤੀ ਦੀ ਸ਼ੁਰੂਆਤ ਦਾ ਸਬੂਤ : ਬਾਪੂ ਤਰਸੇਮ ਸਿੰਘ



**ਅੰਮ੍ਰਿਤਸਰ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਹੋਈ ਪ੍ਰੈਸ ਕਾਨਫਰੰਸ ਦੌਰਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਓਦੋਂ ਵੱਡਾ ਸਿਆਸੀ ਬਲ ਮਿਲਿਆ ਜਦੋਂ ਵਿਧਾਨ ਸਭਾ ਹਲਕਾ ਅਜਨਾਲਾ ਤੋਂ ਸਾਬਕਾ ਸਰਪੰਚ ਪਿੰਡ ਗਾਲਿਬ ਅਤੇ 2022 ਵਿੱਚ ਸੰਯੁਕਤ ਸੰਘਰਸ਼ ਪਾਰਟੀ ਪੰਜਾਬ ਤੇ ਸੰਯੁਕਤ ਸਮਾਜ ਮੋਰਚਾ ਵੱਲੋਂ ਵਿਧਾਨ ਸਭਾ ਚੋਣ ਲੜ ਚੁੱਕੇ ਸ੍ਰ. ਚਰਨਜੀਤ ਸਿੰਘ ਗਾਲਿਬ ਜੀ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਤੋਂ ਇਲਾਵਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਐਗਰੀ ਸਪੋਰਟ ਕਾਰਪੋਰੇਸ਼ਨ ਦੇ ਸਾਬਕਾ ਡਾਇਰੈਕਟਰ ਸ੍ਰ. ਚੰਨਣ ਸਿੰਘ ਜੀ ਨੇ ਵੀ ਆਪਣੇ ਸਮਰਥਕਾਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਵਿਸ਼ਵਾਸ ਜਤਾਉਂਦਿਆਂ ਸ਼ਮੂਲੀਅਤ ਕੀਤੀ। ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਤੇ ਬਾਪੂ ਤਰਸੇਮ ਸਿੰਘ ਸਿੰਘ ਜੀ ਦੇ ਨਾਲ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਲੀਡਰਸ਼ਿਪ ਵਿੱਚੋਂ ਭਾਈ ਪਰਮਜੀਤ ਸਿੰਘ ਜੌਹਲ, ਭਾਈ ਭੁਪਿੰਦਰ ਸਿੰਘ ਗੱਦਲੀ ( ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸੁਖਦੇਵ ਸਿੰਘ ਸੁੱਖਾ ), ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਦਇਆ ਸਿੰਘ ਜੀ, ਭਾਈ ਅਜੇਪਾਲ ਸਿੰਘ ਢਿਲੋਂ, ਭਾਈ ਤੇਜਿੰਦਰ ਸਿੰਘ ਮੁਕਤਸਰ, ਭਾਈ ਗੁਰਪ੍ਰੀਤ ਸਿੰਘ ਬਟਾਲਾ, ਅਡਵੋਕੇਟ ਕਰਨਵੀਰ ਸਿੰਘ, ਭਾਈ ਬਲਦੇਵ ਸਿੰਘ ਬਿੱਟਾ, ਸ੍ਰ ਬਲਜੀਤ ਸਿੰਘ ਸਰਪੰਚ ਚਾਟੀਵਿੰਡ ਅਤੇ ਭਾਈ ਮਹਿੰਦਰਪਾਲ ਸਿੰਘ ਤੁੰਗ ਤੋਂ ਇਲਾਵਾ ਸ਼ਾਮਿਲ ਹੋਏ ਮੁੱਖ ਆਗੂਆਂ ਵਿੱਚੋਂ ਸ੍ਰ ਸੁਖਵਿੰਦਰ ਸਿੰਘ ਵਾਈਸ ਪ੍ਰਧਾਨ ਰਾਏ ਸਿੱਖ ਮਹਾਤਮ ਐਸੋਸੀਏਸ਼ਨ ਪੰਜਾਬ, ਸ੍ਰ ਸੁਖਵਿੰਦਰ ਸਿੰਘ ਅਜਨਾਲਾ ਕਾਂਗਰਸ ਤੋਂ, ਬਲਵਿੰਦਰ ਸਿੰਘ ਸਾਬਕਾ ਸਰਪੰਚ ਪਿੰਡ ਫੂਲਚੱਕ, ਸ੍ਰ ਸੱਤਪਾਲ ਸਿੰਘ ਸਾਬਕਾ ਸਰਪੰਚ ਪਿੰਡ ਨਵਾਂ ਡੱਲਾ ਕਾਂਗਰਸ ਤੋਂ, ਸ੍ਰ ਜਰਨੈਲ ਸਿੰਘ ਮੌਜੂਦਾ ਸਰਪੰਚ ਡੱਲਾ ਭੂਤਨਪੁਰਾ ਆਮ ਆਦਮੀ ਪਾਰਟੀ ਤੋਂ, ਸ੍ਰ ਰਣਜੀਤ ਸਿੰਘ ਗਾਲਿਬ ਕਿਸਾਨ ਯੂਨੀਅਨ, ਸ੍ਰ ਗੱਜਣ ਸਿੰਘ ਬੱਲੋਵਾਲ ਆਮ ਆਦਮੀ ਪਾਰਟੀ ਤੋਂ, ਸ੍ਰ ਪ੍ਰੇਮ ਸਿੰਘ ਡੱਲਾ ਆਮ ਆਦਮੀ ਪਾਰਟੀ ਤੋਂ, ਸ੍ਰ ਹਰਜੀਤ ਸਿੰਘ ਸਾਬਕਾ ਸਰਪੰਚ ਪਿੰਡ ਲਾਲ ਵਾਲਾ ਕਾਂਗਰਸ ਤੋਂ, ਸ੍ਰ ਗੁਰਭੇਜ ਸਿੰਘ ਮਾਕੋਵਾਲ ਆਮ ਆਦਮੀ ਪਾਰਟੀ ਤੋਂ, ਨਿਰਭੈ ਸਿੰਘ ਮਾਸਟਰ ਅਜਨਾਲਾ ਮਾਸਟਰ ਆਮ ਆਦਮੀ ਪਾਰਟੀ ਤੋਂ, ਸ੍ਰ ਲਵਪ੍ਰੀਤ ਸਿੰਘ ਮੌਜੂਦਾ ਸਰਪੰਚ ਅਬਾਦੀ ਹਰਨਾਮ ਸਿੰਘ ਆਮ ਆਦਮੀ ਪਾਰਟੀ ਤੋਂ, ਯੋਧਾ ਸਿੰਘ ਕਾਂਗਰਸ ਤੋਂ ਪ੍ਰਧਾਨ ਬਾਲਮੀਕਿ ਸਮਾਜ ਅਤੇ ਸੈਂਕੜੇ ਹੋਰ ਵਰਕਰ ਸ਼ਾਮਿਲ ਸਨ। ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਜੀ ਨੇ ਦੋਵਾਂ ਆਗੂਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਸ਼ਮੂਲੀਅਤ ਪਾਰਟੀ ਦੇ ਸਿਧਾਂਤਕ ਤੇ ਪੰਥਕ ਮੋਰਚੇ ਨੂੰ ਹੋਰ ਮਜ਼ਬੂਤ ਕਰੇਗੀ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸੱਚ, ਨਿਆਂ ਅਤੇ ਸਿੱਖ ਸਿਧਾਂਤਾਂ 'ਤੇ ਆਧਾਰਿਤ ਰਾਜਨੀਤੀ ਦਾ ਪ੍ਰਤੀਕ ਹੈ, ਜਿਸ ਨਾਲ ਹੁਣ ਹਰ ਵਰਗ ਦੇ ਲੋਕ ਆਪਣੇਂ ਆਪ ਜੁੜ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਇਹ ਜੋੜ ਸਿਰਫ਼ ਸਿਆਸੀ ਨਹੀਂ, ਸਗੋਂ ਪੰਥਕ ਤੇ ਲੋਕਧਾਰਾ ਦਾ ਪ੍ਰਗਟਾਵਾ ਹੈ ਜਿਸ ਨਾਲ ਪੰਜਾਬ ਵਿੱਚ ਸੱਚੀ ਸਿੱਖ ਰਾਜਨੀਤੀ ਦਾ ਨਵਾਂ ਅਧਿਆਇ ਸ਼ੁਰੂ ਹੋ ਰਿਹਾ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਦੋਵੇਂ ਆਗੂਆਂ ਤੇ ਉਹਨਾਂ ਦੇ ਸਾਥੀਆਂ ਦਾ ਸਿਰੋਪਾਓ ਦੇਕੇ ਪਾਰਟੀ ਵਿੱਚ ਤਹਿ ਦਿਲੋਂ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪੰਥਕ ਮੋਰਚੇ 'ਤੇ ਸਿਰਜਣਸ਼ੀਲ ਭੂਮਿਕਾ ਨਿਭਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਸ਼ਾਮਿਲ ਹੋਏ ਸਮੂਹ ਆਗੂਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਤਰਨਤਾਰਨ ਜਿਮਨੀ ਇਲੈਕਸ਼ਨ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਡੱਟ ਕੇ ਸਾਥ ਦੇਣਗੇ ਅਤੇ ਪੰਥ ਦੇ ਸਾਂਝੇ ਉਮੀਦਵਾਰ ਭਾਈ ਮਨਦੀਪ ਸਿੰਘ ਜੀ ਨੂੰ ਵੱਧ ਤੋਂ ਵੱਧ ਵੋਟਾਂ ਪਵਾ ਕੇ ਜਿਤਾਉਣਗੇ।

**ਅਜਨਾਲਾ ਤੋਂ ਵੱਡੀ ਗਿਣਤੀ ਵਿੱਚ ਵੱਖ-ਵੱਖ ਪਾਰਟੀਆਂ ਦੇ ਆਗੂ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ**

# ਸਕੂਲ ਬੱਸਾਂ ਦੀ ਚੈਕਿੰਗ; ਦਰਜਨ ਦੇ ਕਰੀਬ ਕੱਟੇ ਚਲਾਨ

**☛ ਵਿਦਿਆਰਥੀਆਂ ਦੀ ਸੁਰੱਖਿਆ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ☛ ਨਿਯਮਾਂ ਦੀ ਉਲੰਘਣਾ 'ਤੇ ਹੋਵੇਗੀ ਸਖ਼ਤ ਤੋਂ ਸਖ਼ਤ ਕਾਰਵਾਈ**




**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਰਿਜਨਲ ਟਰਾਂਸਪੋਰਟ ਅਫਸਰ, ਸੰਗਰੂਰ, ਸ਼੍ਰੀ ਨਮਨ ਮਾਰਕੰਨ ਦੀ ਅਗਵਾਈ ਵਿੱਚ ਭਵਾਨੀਗੜ੍ਹ ਦੇ ਸਕੂਲਾਂ ਸਬੰਧੀ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਸਹਾਇਕ ਰਿਜਨਲ ਟਰਾਂਸਪੋਰਟ ਅਫਸਰ ਕਰਨਬੀਰ ਅਤੇ ਗੁਰਜੀਤ ਸਿੰਘ ਸਮੇਤ ਬਾਲ ਸੁਰੱਖਿਆ ਦਫਤਰ ਦਾ ਨੁਮਾਇੰਦਾ ਅਤੇ ਟ੍ਰੈਫਿਕ ਪੁਲਿਸ ਵੀ ਮੌਜੂਦ ਸੀ। ਇਸ ਦੌਰਾਨ ਕਮੀਆਂ ਵਾਲੀਆਂ ਲਗਪਗ ਦਰਜਨ ਦੇ ਕਰੀਬ ਬੱਸਾਂ ਦੇ ਚਲਾਨ ਕੀਤੇ ਗਏ ਅਤੇ ਚੇਤਾਵਨੀ ਦਿੰਦੇ ਹੋਏ ਕਿਹਾ ਗਿਆ ਕਿ ਕਮੀਆਂ ਵਾਲੀਆਂ ਸਕੂਲ ਬੱਸਾਂ ਦੇ ਕਾਗਜ਼, ਡਰਾਈਵਰ ਦੀ ਵਰਦੀ, ਅੱਗ ਬੁਝਾਊ ਯੰਤਰ ਅਤੇ ਮੁੱਢਲੀ ਸਹਾਇਤਾ ਬਾਕਸ ਮੁਕੰਮਲ ਰੱਖੇ ਜਾਣ। ਜੇਕਰ ਕੋਈ ਨਿਯਮਾਂ ਦੀ ਉਲੰਘਣਾ ਕਰੇਗਾ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਬਾਰੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਸ਼੍ਰੀ ਨਮਨ ਮਾਰਕੰਨ ਨੇ ਕਿਹਾ ਕਿ ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਬੱਸਾਂ ਦੇ ਫਿਟਨੈਸ ਸਰਟੀਫਿਕੇਟ, ਪ੍ਰਦੂਸ਼ਣ ਸਰਟੀਫਿਕੇਟ, ਇੰਸ਼ੋਰੈਂਸ, ਸਪੀਡ ਗਵਰਨਰ, ਡਰਾਇਵਰ ਤੇ ਹੈਲਪਰ ਦੀ ਵਰਦੀ ਆਦਿ ਸਬੰਧੀ ਸਾਰੀਆਂ ਪ੍ਰਕਿਰਿਆਵਾਂ ਨੂੰ ਪੂਰਾ ਰੱਖਿਆ ਜਾਣਾ ਲਾਜ਼ਮੀ ਹੈ। ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਸੇਫ ਸਕੂਲ ਵਾਹਨ ਸਕੀਮ ਤਹਿਤ ਨਿਯਮਾਂ ਦੀ ਇਨ-ਬਿਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜ਼ੀਰੋ ਟਾਲਰੈਂਸ ਨੀਤੀ ਨੂੰ ਅਪਣਾਇਆ ਗਿਆ ਹੈ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਸਕੂਲ ਵਾਹਨਾਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਜਿਥੇ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਜਾ ਰਹੀ, ਉੱਥੇ ਬਣਦੇ ਚਲਾਨ ਕੀਤੇ ਜਾ ਰਹੇ ਹਨ। ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ। ਵੱਖ ਵੱਖ ਵਿਭਾਗਾਂ ਨੂੰ ਵੀ ਆਪਣੇ ਪੱਧਰ 'ਤੇ ਬੱਚਿਆਂ ਦੀ ਸੁਰਖਿਆ ਨੂੰ ਮੁੱਖ ਰੱਖਦੇ ਹੋਏ ਸਕੂਲ ਵਾਹਨਾਂ ਦੀ ਚੈਕਿੰਗ ਕਰਨ ਅਤੇ ਸੇਫ ਸਕੂਲ ਵਾਹਨ ਪਾਲਿਸੀ ਲਾਗੂ ਕਰਨ ਬਾਰੇ ਵੀ ਕਿਹਾ ਗਿਆ ਹੈ।

## ਸਦਰ ਬਾਜ਼ਾਰ ਦੇ ਕਾਰੋਬਾਰੀ ਭਾਈਚਾਰੇ ਨੇ ਹਰੇ ਪਟਾਕਿਆਂ ਦੀ ਇਜਾਜ਼ਤ ਦੇਣ ਲਈ ਸੁਪਰੀਮ ਕੋਰਟ ਦਾ ਕੀਤਾ ਧੰਨਵਾਦ - ਪੰਮਾ

ਨਵੀਂ ਦਿੱਲੀ 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਸੁਪਰੀਮ ਕੋਰਟ ਵਲੋਂ ਦਿੱਲੀ ਵਿਚ ਗ੍ਰੀਨ ਪਟਾਕੇ ਚਲਾਣ ਦੀ ਇਜਾਜਤ ਦੇਣ ਦਾ ਕਾਰੋਬਾਰੀ ਭਾਈਚਾਰੇ ਨੇ ਸੁਆਗਤ ਕਰਦਿਆਂ ਕਿਹਾ ਕਿ ਅਸੀਂ ਦੀਵਾਲੀ 'ਤੇ ਹਰੇ ਪਟਾਕਿਆਂ ਦੀ ਇਜਾਜ਼ਤ ਦੇਣ ਦੇ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਦਾ ਸਵਾਗਤ ਕਰਦੇ ਹਾਂ।



ਇਹ ਫੈਸਲਾ ਨਾ ਸਿਰਫ਼ ਵਾਤਾਵਰਣ ਸੁਰੱਖਿਆ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ ਬਲਕਿ ਸਾਡੇ ਤਿਉਹਾਰਾਂ ਨੂੰ ਮਨਾਉਣ ਦੇ ਸਾਡੇ ਅਧਿਕਾਰ ਨੂੰ ਵੀ ਬਰਕਰਾਰ ਰੱਖਦਾ ਹੈ। ਸਦਰ ਬਾਜ਼ਾਰ ਬੜੀ ਮਾਰਕੀਟ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਇਸ ਫੈਸਲੇ ਲਈ ਮਾਣਯੋਗ ਸੁਪਰੀਮ ਕੋਰਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਨਾ ਸਿਰਫ਼ ਸਾਡੇ ਸ਼ਹਿਰ ਨੂੰ ਸਾਫ਼ ਅਤੇ ਸੁਰੱਖਿਅਤ ਬਣਾਏਗਾ, ਸਗੋਂ ਸਾਡੇ ਤਿਉਹਾਰਾਂ ਨੂੰ ਵੀ ਖੁਸ਼ੀ ਨਾਲ ਭਰ ਦੇਵੇਗਾ। ਪੰਮਾ ਨੇ ਕਿਹਾ ਕਿ ਹਰੇ ਪਟਾਕੇ ਨਾ ਸਿਰਫ਼ ਵਾਤਾਵਰਣ ਅਨੁਕੂਲ ਹਨ, ਸਗੋਂ ਇਹ ਸਾਡੇ ਤਿਉਹਾਰਾਂ ਨੂੰ ਰੰਗੀਨ ਅਤੇ ਆਕਰਸ਼ਕ ਵੀ ਬਣਾਉਂਦੇ ਹਨ। ਸਾਨੂੰ ਉਮੀਦ ਹੈ ਕਿ ਇਹ ਫੈਸਲਾ ਸਾਡੇ ਸ਼ਹਿਰ ਨੂੰ ਇੱਕ ਸਾਫ਼ ਅਤੇ ਸੁਰੱਖਿਅਤ ਭਵਿੱਖ ਵੱਲ ਲੈ ਜਾਵੇਗਾ। ਪੰਮਾ ਨੇ ਕਿਹਾ ਕਿ ਦੀਵਾਲੀ ਲਾਈਟਾਂ, ਮਠਿਆਈਆਂ ਅਤੇ ਪਟਾਕਿਆਂ ਨਾਲ ਮਨਾਈ ਜਾਂਦੀ ਹੈ। ਇਸ ਨਾਲ ਬਾਜ਼ਾਰ ਵਿੱਚ ਖਰੀਦਦਾਰਾਂ ਦੀ ਗਿਣਤੀ ਹੋਰ ਵਧੇਗੀ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਦੀਵਾਲੀ ਬਹੁਤ ਧੂਮਧਾਮ ਨਾਲ ਮਨਾਈ ਜਾਵੇ।

## ਅਨੁਸੂਚਿਤ ਜਾਤੀ ਭਾਈਚਾਰੇ ਵਿਰੁੱਧ ਹੋ ਰਹੇ ਅਪਮਾਨ ਤੇ ਪੱਖਪਾਤ ਨਿੰਦਣਯੋਗ-ਡਾਕਟਰ ਜਗਜੀਵਨ ਸਿੰਘ ਸੇਰਪੁਰ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਹਰਿਆਣਾ ਦੇ ਸੀਨੀਅਰ ਆਈਪੀਐਸ ਅਧਿਕਾਰੀ ਵਾਈ. ਪੂਰਨ ਕੁਮਾਰ ਦੀ ਕਥਿਤ ਖੁਦਕੁਸ਼ੀ ਨੇ ਸਿਆਸੀ ਅਤੇ ਸਮਾਜਿਕ ਤਣਾਅ ਨੂੰ ਜਨਮ ਦਿੱਤਾ ਹੈ। ਇਹ ਮੌਤ ਸਿਰਫ ਨਿੱਜੀ ਘਟਨਾ ਨਹੀਂ, ਸਗੋਂ ਦੇਸ਼ ਵਿੱਚ ਦਲਿਤਾਂ ਉੱਤੇ ਹੋ ਰਹੇ ਅੱਤਿਆਚਾਰ ਦੀ ਚੇਤਾਵਨੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਡਾਕਟਰ ਜਗਜੀਵਨ ਸਿੰਘ ਸੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੇ ਜੱਜਾਂ ਤੇ ਹੋ ਰਹੇ ਹਮਲਿਆਂ ਅਤੇ ਦਬਾਅ ਦੀ ਵੀ ਸਖ਼ਤ ਨਿੰਦਾ ਕੀਤੀ। ਮਹਿਲਾਂ ਨੇ ਸਰਕਾਰ ਨੂੰ ਘਟਨਾ ਦੀ ਪੂਰੀ ਜਾਂਚ ਕਰਨ ਅਤੇ ਲੋੜੀਂਦੇ ਕਦਮ ਚੁੱਕਣ ਲਈ ਆਹਵਾਨ ਕੀਤਾ। ਉਨ੍ਹਾਂ ਕਿਹਾ ਕਿ ਜਾਤੀ ਅਤੇ ਸੰਪਰਦਾਇਕ ਭਾਵਨਾਵਾਂ ਨੂੰ ਨੁਕਸਾਨ ਪਹੁੰਚਾ ਕੇ ਸ਼ਾਂਤੀ ਅਤੇ ਜਨਤਕ ਵਿਵਸਥਾ ਨੂੰ ਠੇਸ ਪਹੁੰਚ ਰਹੀ ਹੈ। ਦੋਵੇਂ ਦੁਖਦਾਈ ਘਟਨਾਵਾਂ-ਚੀਫ਼ ਜਸਟਿਸ ਬੀ.ਆਰ. ਗਵਈ ਉੱਤੇ ਹਮਲਾ ਅਤੇ ਸੀਨੀਅਰ ਆਈ.ਪੀ.ਐਸ. ਅਧਿਕਾਰੀ ਦੀ ਖੁਦਕੁਸ਼ੀ-ਇੱਕ ਸੱਭਿਆਚਾਰਕ ਸਮਾਜ ਵਿੱਚ ਅਸਵੀਕਾਰਯੋਗ ਹਨ। ਮਹਿਲਾਂ ਨੇ ਸੋਸ਼ਲ ਮੀਡੀਆ 'ਤੇ ਗੈਰ-ਕਾਨੂੰਨੀ ਸਮੱਗਰੀ ਅਤੇ ਨਫ਼ਰਤ ਪੈਦਾ ਕਰਨ ਵਾਲੀਆਂ ਘਟਨਾਵਾਂ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਇੱਕ ਵਿਕਸਤ ਭਾਰਤ ਲਈ ਖ਼ਤਰਨਾਕ ਹਨ। ਉਨ੍ਹਾਂ ਦੱਸਿਆ ਕਿ ਉੱਚ ਪਦ ਵਾਲੇ ਅਧਿਕਾਰੀਆਂ ਤੇ ਮਾਨਸਿਕ ਅਤੇ ਪ੍ਰਸ਼ਾਸਕੀ ਦਬਾਅ ਕਾਰਨ ਖੁਦਕੁਸ਼ੀ ਦੇ ਘਟਨਾਵਾਂ ਨਿੰਦਣਯੋਗ ਹਨ ਅਤੇ ਕੇਂਦਰ ਅਤੇ ਹਰਿਆਣਾ ਸਰਕਾਰ ਨੂੰ ਪੀੜਤਾਂ ਲਈ ਤੁਰੰਤ ਨਿਆਂ ਯਕੀਨੀ ਬਣਾਉਣੀ ਚਾਹੀਦੀ ਹੈ।

ਗੁਰਵਿੰਦਰ ਸਿੰਘ ਬਾਵਾ ਦੇ ਯਤਨਾਂ ਨਾਲ ਮੁੰਬਈ ਤੋਂ

# 200 ਮਹਿਲਾਵਾਂ ਦਾ ਜਥਾ ਤਖ਼ਤ ਪਟਨਾ ਸਾਹਿਬ ਹੋਇਆ ਨਤਮਸਤਕ





**ਨਵੀਂ ਦਿੱਲੀ, 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਚੀਫ ਖ਼ਾਲਸਾ ਦੀਵਾਨ ਮਹਾਰਾਸ਼ਟਰ ਦੇ ਪ੍ਰਧਾਨ ਅਤੇ ਤਖ਼ਤ ਪਟਨਾ ਸਾਹਿਬ ਕਮੇਟੀ ਦੇ ਮੈਂਬਰ ਸ. ਗੁਰਵਿੰਦਰ ਸਿੰਘ ਬਾਵਾ ਦੇ ਵਿਸ਼ੇਸ਼ ਯਤਨਾਂ ਨਾਲ, ਉਨ੍ਹਾਂ ਦੀ ਧਰਮ ਪਤਨੀ ਬੀਬੀ ਬਬਲੀ ਬਾਵਾ ਦੀ ਅਗਵਾਈ ਹੇਠ 200 ਮਹਿਲਾਵਾਂ ਦਾ ਜਥਾ ਤਖ਼ਤ ਪਟਨਾ ਸਾਹਿਬ ਨਤਮਸਤਕ ਹੋਣ ਪਹੁੰਚਿਆ। ਇਹ ਜਥਾ ਦੋ ਦਿਨ ਬਾਅਦ ਵਾਪਸੀ ਕਰੇਗਾ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਉਪ ਪ੍ਰਧਾਨ ਸ. ਗੁਰਵਿੰਦਰ ਸਿੰਘ ਅਤੇ ਸੁਪਰਿੰਟੈਂਡੈਂਟ ਦਲਜੀਤ ਸਿੰਘ ਨੇ ਪਟਨਾ ਹਵਾਈ ਅੱਡੇ 'ਤੇ ਜਥੇ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ ਨੇ ਸਾਰੀਆਂ ਮਹਿਲਾਵਾਂ ਨੂੰ ਸਿਰੋਪਾ ਭੇਂਟ ਕੀਤਾ। ਬੀਬੀ ਬਬਲੀ ਬਾਵਾ ਨੇ ਦੱਸਿਆ ਕਿ ਇਨ੍ਹਾਂ ਵਿੱਚ ਕਈ ਮਹਿਲਾਵਾਂ ਅਜਿਹੀਆਂ ਵੀ ਹਨ ਜੋ ਪਹਿਲੀ ਵਾਰ ਤਖ਼ਤ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨ ਕਰਨ ਆਈਆਂ ਹਨ। ਉਨ੍ਹਾਂ ਨੇ ਕਿਹਾ ਕਿ ਦਸੰਬਰ ਮਹੀਨੇ ਵਿੱਚ ਮਹਿਲਾਵਾਂ ਨੂੰ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਦੇ ਦਰਸ਼ਨ ਵੀ ਕਰਵਾਏ ਜਾਣਗੇ। ਸਾਰੀਆਂ ਮਹਿਲਾਵਾਂ ਨੇ ਗੁਰੂ ਮਹਾਰਾਜ ਦਾ ਸ਼ੁਕਰਾਨਾ ਕੀਤਾ ਅਤੇ ਸ. ਗੁਰਵਿੰਦਰ ਸਿੰਘ ਬਾਵਾ ਅਤੇ ਬੀਬੀ ਬਬਲੀ ਬਾਵਾ ਦਾ ਧੰਨਵਾਦ ਪ੍ਰਗਟਾਇਆ, ਜਿਨ੍ਹਾਂ ਦੇ ਯਤਨਾਂ ਨਾਲ ਉਨ੍ਹਾਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਅਸਥਾਨ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਸਮੇਤ ਪੂਰੀ ਕਮੇਟੀ ਨੇ ਸ. ਗੁਰਵਿੰਦਰ ਸਿੰਘ ਬਾਵਾ ਦੁਆਰਾ ਕੀਤੇ ਜਾ ਰਹੇ ਸਰਾਹਣਯੋਗ ਕੰਮਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਜਦੋਂ ਤੋਂ ਕਮੇਟੀ ਨੇ ਉਨ੍ਹਾਂ ਨੂੰ ਮੈਂਬਰ ਮੰਨਿਆ ਹੈ, ਉਨ੍ਹਾਂ ਵੱਲੋਂ ਅਨੇਕ ਸੇਵਾਮੂਲਕ ਕੰਮ ਕੀਤੇ ਗਏ ਹਨ, ਜਿਨ੍ਹਾਂ ਨਾਲ ਤਖ਼ਤ ਸਾਹਿਬ ਵਿੱਚ ਸੰਗਤਾਂ ਦੀ ਆਵਾਜਾਈ ਵਧੀ ਹੈ। ਆਉਣ ਵਾਲੇ ਸਮੇਂ ਵਿੱਚ ਬਾਵਾ ਜੀ ਦੇ ਯਤਨਾਂ ਨਾਲ ਸੰਗਤ ਦੀ ਸੁਵਿਧਾ ਲਈ ਐਮ.ਆਰ.ਆਈ. ਅਤੇ ਸੀ.ਟੀ. ਸਕੈਨ ਦੀਆਂ ਮਸ਼ੀਨਾਂ ਵੀ ਲਗਾਈਆਂ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਧੂਰੀ ਦੀ ਮਹੀਨਾਵਾਰ ਮੀਟਿੰਗ ਹੋਈ



**ਧੂਰੀ ( ਰਣਜੀਤ ਸਿੰਘ ਪੇਧਨੀ )** ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਧੂਰੀ (ਰਜਿ:) ਦੀ ਹੰਗਾਮੀ ਮੀਟਿੰਗ ਪਿਛਲੇ ਦਿਨੀਂ ਜੱਥੇਬੰਦੀ ਦੇ ਪ੍ਰਧਾਨ ਜੈਦੇਵ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਾਰੇ ਪੈਨਸ਼ਨਰਾਂ ਵਿੱਚ ਬਹੁਤ ਜਿਆਦਾ ਰੋਸ ਸੀ ਕਿ ਪੰਜਾਬ ਸਰਕਾਰ ਵੱਲੋਂ ਕਾਫੀ ਲੰਬੇ ਸਮੇਂ ਤੋਂ ਪੈਨਸ਼ਨਰਾਂ ਦੀ ਕੋਈ ਵੀ ਮੰਗ ਜਿਵੇਂਕਿ ਡੀ.ਏ ਦੀਆਂ ਬਕਾਇਆ ਰਹਿੰਦੀਆਂ 5 ਕਿਸ਼ਤਾਂ ਮਹਿੰਗਾਈ ਭੱਤੇ ਦੀਆਂ, 2.59 ਫੈਕਟਰ ਲਾਗੂ ਕਰਨਾ, ਮੈਡੀਕਲ ਭੱਤਾ 1000/- ਰੁਪੈ ਦੀ ਥਾਂ 2000/- ਰੁਪੈ ਦੇਣਾ ਆਦਿ ਨਹੀਂ ਮੰਨੀ ਗਈ। ਸਰਕਾਰ ਪਾਸੋਂ ਮੰਗ ਕੀਤੀ ਕਿ ਪੈਨਸ਼ਨਰਾਂ ਦੀਆਂ ਉਕਤ ਮੰਗਾਂ ਮੰਨਕੇ ਬਕਾਇਆ ਤੁਰੰਤ ਦਿੱਤਾ ਜਾਵੇ। ਪਹਿਲਾਂ ਚੱਲ ਰਹੀ ਪ੍ਰੰਪਰਾ ਮੁਤਾਬਿਕ ਜਿੰਨਾਂ ਪੈਨਸ਼ਨਰਾਂ ਦੀ ਜਨਮ ਮਿਤੀ ਅਕਤੂਬਰ ਵਿੱਚ ਹੈ, ਦਾ ਜਨਮ ਦਿਨ ਮਨਾ ਕੇ ਸਨਮਾਨਿਤ ਕੀਤਾ ਗਿਆ। ਇਹ ਪੈਨਸ਼ਨਰ ਸਨ ਸਰਵ ਸ੍ਰੀ ਕਰਮ ਸਿੰਘ ਮਾਨ, ਸਾਧੂ ਸਿੰਘ ਮੀਰਹੇੜੀ, ਬਚਿੱਤਰ ਸਿੰਘ, ਜਗਤਾਰ ਸਿੰਘ, ਪਰਸਨ ਸਿੰਘ, ਹਰਜਿੰਦਰ ਕੁਮਾਰ ਬੱਬਨਪੁਰ। ਮੀਟਿੰਗ ਵਿੱਚ ਸਾਰੇ ਪੈਨਸ਼ਨਰਾਂ ਨੂੰ ਸੂਚਿਤ ਕੀਤਾ ਗਿਆ ਕਿ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਪੈਨਸ਼ਨਰਜ਼ ਦਿਹਾੜਾ 17 ਦਸੰਬਰ ਨੂੰ ਸ੍ਰੀ ਸਨਾਤਨ ਧਰਮ ਸਭਾ ਆਸ਼ਰਮ ਧੂਰੀ ਵਿਖੇ ਮਨਾਇਆ ਜਾਵੇਗਾ। ਇਸ ਸੰਬਧੀ ਪੈਨਸ਼ਨਰਾਂ ਦੀਆਂ ਡਿਊਟੀਆਂ ਇਸ ਦਿਹਾੜੇ ਨੂੰ ਸਫਲਤਾ ਪੂਰਵਕ ਮਨਾਉਣ ਲਈ ਲਗਾਈਆਂ ਗਈਆਂ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਹੇਠ ਲਿਖੇ ਪੈਨਸ਼ਨਰ ਸਾਥੀਆਂ ਨੇ ਭਾਗ ਲਿਆ ਅਤੇ ਆਪਣੇ ਵਿਚਾਰ ਦੱਸੇ, ਸਰਵ ਸ੍ਰੀ ਕੁਲਵੰਤ ਸਿੰਘ ਚੇਅਰਮੈਨ, ਹਰਦੇਵ ਸਿੰਘ ਜਵੰਧਾ, ਹਰਿੰਦਰ ਸਿੰਘ ਪਲਾਸੌਰ, ਜੰਗ ਸਿੰਘ ਬਾਦਸ਼ਾਹਪੁਰ, ਹਰਚਰਨ ਸਿੰਘ ਲਹਿਰੀ, ਹਰਬੰਸ ਸਿੰਘ ਸੋਢੀ, ਰਾਮ ਗੋਪਾਲ ਸ਼ਰਮਾ, ਗੁਰਦਿਆਲ ਸਿੰਘ ਨੰਬਰਦਾਰ ਮੀਰਹੇੜੀ, ਭਰਪੂਰ ਸਿੰਘ ਭੋਜੋਵਾਲੀ, ਬੁੱਧ ਸਿੰਘ, ਰਣਜੀਤ ਸਿੰਘ ਢੀਂਡਸਾ, ਦਿਆਲ ਸਿੰਘ, ਰਾਮ ਲਾਲ ਸ਼ਰਮਾ, ਪਾਲਾ ਸਿੰਘ, ਜੀਤ ਸਿੰਘ ਧੰਦੀਵਾਲ, ਸੁਭਾਸ ਚੰਦਰ, ਅਜਾਇਬ ਸਿੰਘ, ਚਰਨਜੀਤ ਸਿੰਘ ਸੋਹੀ ਸਮੇਤ ਬਹੁਤ ਸਾਰੇ ਪੈਨਸ਼ਨਰ ਹਾਜਰ ਸਨ। ਅੰਤ ਵਿੱਚ ਪ੍ਰਧਾਨ ਨੇ ਸਾਰੇ ਪੈਨਸ਼ਨਰ ਸਾਥੀਆਂ ਦਾ ਮੀਟਿੰਗ ਵਿੱਚ ਸ਼ਾਮਲ ਹੋਣ ਤੇ ਧੰਨਵਾਦ ਕੀਤਾ ਅਤੇ ਨਾਲ ਹੀ ਦੱਸਿਆ ਕਿ ਅਗਲੀ ਮੀਟਿੰਗ 13 ਨਵੰਬਰ ਨੂੰ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਹਰਦੀਪ ਸਿੰਘ ਦੇ ਗ੍ਰਹਿ ਵਿਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਸਮਾਗਮ ਕਰਵਾਇਆ



**ਚੌਕ ਮਹਿਤਾ, 15 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਸੰਤ ਬਾਬਾ ਹਰਦੀਪ ਸਿੰਘ ਚੰਨਣਕੇ ਦੇ ਗ੍ਰਹਿ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਆਰੰਭ ਕੀਤੇ ਗਏ ਸਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਜ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਰਾਗੀ, ਕਵੀਸ਼ਰ, ਕਥਾਵਾਚਕ ਪ੍ਰਚਾਰਕ ਸਿੰਘਾ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ ਮਿਠਾ, ਸਾਬਕਾ ਸਰਪੰਚ ਪ੍ਰਗਟ ਸਿੰਘ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਮੈਂਬਰ ਸਰਬਜੀਤ ਸਿੰਘ, ਪ੍ਰਧਾਨ ਬਾਵਾ, ਕੈਪਟਨ ਦੀਦਾਰ ਸਿੰਘ, ਮੈਂਬਰ ਤਜਿੰਦਰ ਸਿੰਘ,ਕੋਚ ਜੁਗਰਾਜ ਸਿੰਘ,ਰਾਗੀ ਪ੍ਰਭਜੀਤ ਸਿੰਘ,ਰਾਗੀ ਸੁਰਜੀਤ ਸਿੰਘ, ਮਹਿਤਾਬ ਸਿੰਘ, ਨਿਸ਼ਾਨ ਸਿੰਘ ਕਨੈਡਾ, ਹਰਜਿੰਦਰ ਸਿੰਘ ਗਿੱਲ, ਕਵੀਸ਼ਰ ਅਮਰੀਕ ਸਿੰਘ ਉਦੋਕੇ,ਰਾਗੀ ਕਨਵਰਵੀਰ ਸਿੰਘ, ਕਰਨਜੀਤ ਸਿੰਘ ਖ਼ਾਲਸਾ ਆਦਿ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਗੁਰੂ ਜੀ ਲੰਗਰ ਆਟੁਟ ਵਰਤਿਆ ਆਏ ਜਥਿਆਂ ਨੂੰ ਸੰਤ ਬਾਬਾ ਹਰਦੀਪ ਸਿੰਘ ਨੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਦੇ ਨਿੱਕੇ ਖਿਡਾਰੀਆਂ ਦੀ ਵੱਡੀ ਉਪਲਬਧੀ ਅੰਡਰ-11 ਫੁੱਟਬਾਲ ਟੀਮ ਰਹੀ ਜੇਤੂ

## ਸਕੂਲ ਮੈਨੇਜ਼ਮੈਂਟ ਅਤੇ ਸਟਾਫ਼ ਨੇ ਦਿੱਤੀਆਂ ਬੱਚਿਆਂ ਨੂੰ ਮੁਬਾਰਕਾਂ



ਬਿਲਾਸਪੁਰ / ਮੋਗਾ - (ਵਰਿਆਮ ਹਠੂਰ) ਇਲਾਕੇ ਦੀ ਚਰਚਿਤ ਅਤੇ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਜੋ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦੇ ਲਈ ਵਚਨਬੱਧ ਹੈ। ਜਿੱਥੇ ਸਿੱਖਿਆ ਦੇ ਨਾਲ ਨਾਲ ਵਿਦਿਆਰਥੀਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਵੱਖ-ਵੱਖ ਤਰ੍ਹਾ ਦੀਆਂ ਖੇਡ ਗਤੀਵਿਧੀਆਂ ਵਿੱਚ ਉਹਨਾਂ ਦੀ ਭਾਗੇਦਾਰੀ ਨੂੰ ਮੁੱਖ ਰੱਖਿਆ ਜਾਂਦਾ ਹੈ। ਜਾਣਕਾਰੀ ਦਿੰਦਿਆਂ ਸਕੂਲ ਮੈਨੇਜ਼ਮੈਂਟ ਦੇ ਪ੍ਰਧਾਨ ਅਤੇ ਸਮਾਜ ਸੇਵੀ ਸ੍ਰ: ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੰਜੂਮੋਲ ਜੋਅ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਬਲਾਕ ਪੱਧਰ ਪ੍ਰਾਇਮਰੀ ਸਕੂਲ ਖੇਡਾਂ ਜ਼ਿਲ੍ਹਾ ਮੋਗਾ ਦੇ ਹੋਏ ਫੁੱਟਬਾਲ ਮੁਕਾਬਲਿਆਂ ਵਿੱਚ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਦੀ ਅੰਡਰ 11 ਟੀਮ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਪਹਿਲਾ ਸਥਾਨ ਹਾਸਿਲ ਕਰਕੇ ਸੋਨ ਤਗਮੇ ਨੂੰ ਹਾਸਿਲ ਕੀਤਾ। ਸਾਰੇ ਹੀ ਵਿਦਿਆਰਥੀਆਂ ਨੇ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ, ਤੇ ਛੋਟੇ ਬੱਚਿਆਂ ਦੀ ਟੀਮ ਨੇ ਜੇਤੂ ਰਹਿਕੇ ਜਿੱਥੇ ਆਪਣਾ ਨਾਮ ਚਮਕਾਇਆ ਉੱਥੇ ਆਪਣੇ ਮਾਪਿਆਂ ਦੇ ਨਾਲ ਨਾਲ ਬੱਚੇ ਸਕੂਲ ਦਾ ਨਾਮ ਵੀ ਚਮਕਾ ਰਹੇ ਹਨ। ਅੰਤ ਵਿੱਚ ਸਕੂਲ ਪ੍ਰਧਾਨ ਅਤੇ ਸਮਾਜ ਸੇਵੀ ਸ੍ਰ: ਚਰਨ ਸਿੰਘ ਸਕੂਲ ਚੇਅਰਮੈੱਨ ਯੋਗਿੰਦਰ ਸ਼ਰਮਾ ਪ੍ਰਿੰਸੀਪਲ ਕੁੰਜੂਮੋਲ ਜੋਅ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਜੇਤੂ ਟੀਮ ਨੂੰ ਵਧਾਈ ਦਿੱਤੀ

# ਬੱਚਿਆਂ ਨੂੰ ਵਧ ਰਹੇ ਪ੍ਰਦੂਸ਼ਨ ਨੂੰ ਦੇਖਦਿਆ ਹੋਇਆ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ: ਪ੍ਰਿੰਸੀਪਲ ਅਸ਼ੋਕ ਗਰਗ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਵਾਤਾਵਰਣ ਦੀ ਸ਼ੁੱਧਤਾ ਤੇ ਪ੍ਰਦੂਸ਼ਨ ਤੋਂ ਬਚਣ ਲਈ ਪਟਾਕੇ ਚਲਾਉਣ ਤੋਂ ਪਰਹੇਜ਼ ਕਰਦੇ ਹੋਏ ਬੱਚਿਆਂ ਨੂੰ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ। ਇਸ ਸਬੰਧੀ ਲੋਕਾਂ 'ਚ ਜਾਗਰੂਕਤਾ ਪੈਦਾ ਕਰਨ ਦੀ ਬਹੁਤ ਲੋੜ ਹੈ ਅਤੇ ਕੋਈ ਵੀ ਅਜਿਹਾ ਕੰਮ ਨਹੀਂ ਕਰਨਾ ਚਾਹੀਦਾ, ਜਿਸ ਨਾਲ ਸਾਡਾ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੋਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਸ੍ਰੀ ਅਸ਼ੋਕ ਗਰਗ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਰਵਾਹੀ ਨੇ ਕੀਤਾ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਦਿਨਾਂ ਵਿਚ ਵਿਸ਼ੇਸ਼ ਤੌਰ ਤੇ ਦੀਵਾਲੀ ਮੌਕੇ ਲੋਕਾਂ ਵਲੋਂ ਵੱਡੀ ਮਾਤਰਾ ਵਿਚ ਪਟਾਕੇ ਚਲਾਏ ਜਾਂਦੇ ਹਨ ਅਤੇ ਕਰੋੜਾਂ ਰੁਪਏ ਧੂੰਆਂ ਬਣ ਕੇ ਹਵਾ ਵਿਚ ਉਡ ਜਾਂਦੇ ਹਨ, ਪਰ ਅਜਿਹਾ ਹੋਣ ਨਾਲ ਜਿੱਥੇ ਵਾਤਾਵਰਣ ਖਰਾਬ ਤੇ ਗੰਧਲਾ ਹੁੰਦਾ ਹੈ, ਉਥੇ ਹੀ ਅਨੇਕਾਂ ਸਮੱਸਿਆਵਾਂ ਵੀ ਪੈਦਾ ਹੁੰਦੀਆਂ ਹਨ ਅਤੇ ਪੈਸੇ ਦੀ ਵੀ ਬਰਬਾਦੀ ਹੁੰਦੀ ਹੈ ਤੇ ਇਸ ਤੋਂ ਇਲਾਵਾ ਇਸ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਨਾਲ ਹਰ ਇੱਕ ਇਨਸਾਨ ਨੂੰ ਬਿਮਾਰੀਆਂ ਦਾ ਸ਼ਿਕਾਰ ਹੋਣਾ ਪੈਂਦਾ ਹੈ ਸ਼ਹਿਰ ਨੂੰ ਹਰਾ-ਭਰਾ ਅਤੇ ਸੁੰਦਰ ਬਣਾਉਣ ਵਿਚ ਸਾਨੂੰ ਪੂਰਾ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਪ੍ਰਸ਼ਾਸਨ ਨੂੰ ਵੀ ਸਹਿਯੋਗ ਦੇਣਾ ਚਾਹੀਦਾ ਹੈ ਕਿਉਂਕਿ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਉਣਾ ਅਤਿ ਜ਼ਰੂਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





# ਮਹਾਨ ਗੁਰਮਤਿ ਸਮਾਗਮ



☛ ਸਲਾਨਾ ਬਰਸੀ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਛੋਟੇ ਘੁੰਮਣਾ ਗੁਰਦਾਸਪੁਰ ਵਾਲੇ ☛ ਗੁਰਤਾਗੱਦੀ ਧੰਨ ਧੰਨ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ। ☛ ਜੋਤੀ ਜੋਤ ਧੰਨ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭਤਾ 17 ਅਕਤੂਬਰ ਸ਼ੁੱਕਰਵਾਰ 10: 30 ਵਜੇ ਹੋਵੇਗੀ ਅਤੇ ਐਤਵਾਰ 10:30 ਵਜੇ ਭੋਗ ਪੈਣਗੇ। ਇਹ ਸਾਰੀ ਸੇਵਾ ਭਾਈ ਸਤਨਾਮ ਸਿੰਘ ਲੋਧੀ ਵਾਲੇ ਅਤੇ ਸਹਿਯੋਗੀ ਸਿੰਘਾਂ ਦੇ ਉਦਮ ਸਦਕਾ ਸੇਵਾ ਲਈ ਗਈ ਹੈ।

**ਸ਼ਨਿੱਚਰਵਾਰ 18 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 19 ਅਕਤੂਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ।

ਕੀਰਤਨੀ ਜਥੇ ਰਾਗੀ ਭਾਈ ਗੁਰਸ਼ਰਨ ਸਿੰਘ ਯੂ ਕੇ ਵਾਲੇ, ਕਥਾ ਵਾਚਕ ਭਾਈ ਹਰਭਾਗ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ • ਕਵੀਸ਼ਰੀ ਜਥਾ ਗਿਆਨੀ ਅੰਗਰੇਜ਼ ਸਿੰਘ ਜਾਂਗਲਾ ਗੁਰਦਾਸਪੁਰ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਦੀ 350 ਸਾਲਾਂ ਸ਼ਹਾਦਤ ਸਤਾਬਦੀ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ 19 ਅਕਤੂਬਰ ਐਤਵਾਰ ਨੂੰ ਨਗਰ ਕਾਜਲਮੋਰਾਨੋ ਵਿਖੇ ਸਜਾਇਆ ਜਾਵੇਗਾ



ਕਰਮੋਨਾ ਇਟਲੀ ਦੇ ਲੰਬਾਰਦੀਆ ਸੂਬੇ ਦੀਆਂ ਸਿੱਖ ਸੰਗਤਾਂ ਨੂੰ ਬਾਣੀ ਤੇ ਬਾਣੇ ਨਾਲ ਜੋੜਨ ਦੀ ਸੇਵਾ ਨਿਭਾਅ ਰਿਹਾ ਪ੍ਰਸਿੱਧ ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਬ੍ਰਾਂਚ ਦਮਦਮੀ ਟਕਸਾਲ ਕਾਜਲਮੋਰਾਨੋ (ਕਰਮੋਨਾ)ਵਿਖੇ 19 ਅਕਤੂਬਰ 2025 ਦਿਨ ਐਤਵਾਰ ਨੂੰ 9 ਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਦਿਹਾੜੇ ਦੀ ਸ਼ਹਾਦਤ ਸ਼ਤਾਬਦੀ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤ ਦੇ ਸਹਿਯੋਗ ਨਾਲ ਸਜਾਇਆ ਜਾ ਰਿਹਾ ਹੈ ਪ੍ਰੈੱਸ ਨੂੰ ਇਹ ਜਾਣਕਾਰੀ ਜਥੇਦਾਰ ਭਾਈ ਪ੍ਰਗਟ ਸਿੰਘ ਖਾਲਸਾ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਬ੍ਰਾਂਚ ਦਮਦਮੀ ਟਕਸਾਲ ਕਾਜਲਮੋਰਾਨੋ ( ਕਰਮੋਨਾ) ਦੀ ਪ੍ਰਬੰਧਕ ਕਮੇਟੀ ਨੇ ਦਿੰਦਿਆਂ ਕਿਹਾ ਕਿ ਸਤਾਬਦੀ ਦਿਵਸ ਮੌਕੇ 17 ਅਤੇ 18 ਅਕਤੂਬਰ ਨੂੰ ਸ਼ਾਮ 5 ਤੋਂ 8 ਵਜੇ ਤੱਕ ਵੀ ਦੀਵਾਨ ਸਜਾਏ ਜਾਣਗੇ ਜਿਹਨਾਂ ਤੋਂ ਪੰਥ ਦੇ ਪ੍ਰਸਿੱਧ ਰਾਗੀ,ਢਾਡੀ,ਕੀਰਤਨੀਏ ਤੇ ਕਥਾ ਵਾਚਕ ਸੰਗਤਾਂ ਨੂੰ ਮਹਾਨ ਸਿੱਖ ਇਤਿਹਾਸ ਦਾ ਲਾਸਾਨੀ ਕੁਰਬਾਨੀਆਂ ਨਾਲ ਭਰਿਆ ਇਤਿਹਾਸ ਸਰਵਣ ਕਰਵਾਉਣੇ।ਲੰਗਰ ਦੀ ਸੇਵਾ ਪ੍ਰਬੰਧਕ ਸੇਵਾਦਾਰਾਂ , ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਨਿਭਾਈ ਜਾਵੇਗੀ।19 ਅਕਤੂਬਰ ਸਵੇਰੇ 6,30 ਵਜੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10 ਵਜੇ ਭੋਗ ਪੈਣੇ ਉਪੰਰਤ 12 ਵਜੇ ਤੱਕ ਦੀਵਾਨ ਸਜਣਗੇ ਜਿਹਨਾਂ ਵਿੱਚ ਪ੍ਰਸਿੱਧ ਕੀਰਤਨੀ ਜੱਥਾ ਰਾਗੀ ਭਾਈ ਗੁਰਸ਼ਰਨ ਸਿੰਘ ਯੂ ਕੇ ਵਾਲੇ,ਕਵੀਸ਼ਰ ਜੱਥਾ ਗਿਆਨੀ ਅੰਗਰੇਜ਼ ਸਿੰਘ ਜਾਂਗਲਾ ਗੁਰਦਾਸਪੁਰ ਵਾਲੇ ,ਕਥਾਵਾਚਕ ਗਿਆਨੀ ਹਰਭਾਗ ਸਿੰਘ ਸ਼੍ਰੀ ਆਨੰਦਪੁਰ ਵਾਲੇ ਤੇ ਹੋਰ ਜੱਥੇ ਹਾਜ਼ਰੀ ਭਰਨਗੇ।ਇਹ ਵਿਸ਼ਾਲ ਨਗਰ ਕੀਰਤਨ ਜਿਹੜਾ ਕਿ ਕਾਜਲਮੋਰਾਨੋ ਤੋਂ ਦੁਪਿਹਰ 12 ਸ਼ੁਰੂ ਹੋਵੇਗਾ ਤੇ ਸ਼ਾਮ 5 ਵਜੇ ਸਮਾਪਤ ਹੋਵੇਗਾ ਜਿਸ ਵਿੱਚ ਗੁਰੂ ਦੀਆਂ ਲਾਡਲੀਆਂ ਫੌਜਾਂ ਵੱਲੋਂ ਵੀ ਸਿੱਖ ਮਾਰਸ਼ਲ ਆਰਟ ਗਤਕਾ ਕਲਾ ਦੇ ਹੈਰਤ ਅੰਗੇਜ਼ ਕਾਰਨਾਮੇ ਦਿਖਾਏ ਜਾਣਗੇ।ਸਭ ਸੰਗਤਾਂ ਨੂੰ ਹੁੰਮ-ਹੁੰਮਾਂ ਕੇ ਪਹੁੰਚਣ ਦੀ ਪ੍ਰਬੰਧਕਾਂ ਵੱਲੋ ਅਪੀਲ ਹੈ।ਇਸ ਨਗਰ ਕੀਰਤਨ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਪੰਚ ਪ੍ਰਧਾਨੀ ਦਮਦਮੀ ਟਕਸਾਲ ਇਟਲੀ ਦੇ ਸਮੂਹ ਸਿੰਘ ਜੱਥੇ ਸਮੇਤ ਪਹੁੰਚ ਰਹੇ ਹਨ।

ਤਲਬੀਰ ਗਿੱਲ ਵੱਲੋਂ ਮੱਤੇਵਾਲ ਤੋਂ ਚੋਗਾਵਾਂ ਤੱਕ 43.43 ਲੱਖ ਦੀ ਲਾਗਤ ਨਾਲ ਬਣਨ ਵਾਲੀ

# ਨਵੀਂ ਲਿੰਕ ਸੜਕ ਦਾ ਕੀਤਾ ਉਦਘਾਟਨ



**ਚੌਕ ਮਹਿਤਾ, 15 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਤੋਂ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਅੱਜ ਹਲਕੇ ਦੇ ਪਿੰਡ ਮੱਤੇਵਾਲ ਤੋਂ ਚੋਗਾਵਾਂ ਤੱਕ 1.5 ਕਿਲੋਮੀਟਰ 43.43 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਨਵੀਂ ਲਿੰਕ ਸੜਕ ਦਾ ਆਪਣੇ ਕਰ-ਕਮਲਾਂ ਨਾਲ ਉਦਘਾਟਨ ਕੀਤਾ ਗਿਐ । ਪਿਛਲੇ ਲੰਮੇ ਸਮੇਂ ਤੋਂ ਪਿੰਡ ਮੱਤੇਵਾਲ ਅਤੇ ਚੋਗਾਵਾਂ ਨੂੰ ਜੋੜਨ ਵਾਲੇ ਰਸਤੇ ਨੂੰ ਨਵੀਂ ਸੜਕ ਬਣਾਉਣ ਲਈ ਸਬੰਧਤ ਲੋਕਾਂ ਦੀ ਚਿਰਾਂ ਤੋਂ ਲਟਕਦੀ ਆ ਰਹੀ ਮੰਗ ਨੂੰ ਅੱਜ ਤਲਬੀਰ ਸਿੰਘ ਗਿੱਲ ਵੱਲੋਂ ਉਦਘਾਟਨ ਕਰਕੇ ਲੋਕਾਂ ਨੂੰ ਤੋਹਫਾ ਦਿੱਤਾ ਗਿਆ , ਜਿਸ ਨਾਲ ਮੱਤੇਵਾਲ 'ਤੇ ਚੋਗਾਵਾਂ ਦੇ ਲੋਕਾਂ ਬੇਹੱਦ ਖੁਸ ਹਨ । ਇਸ ਮੌਕੇ ਗੱਲਬਾਤ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪਿੰਡਾਂ ਦੇ ਹਰ ਖੇਤਰ ਦਾ ਸੰਤੁਲਿਤ ਵਿਕਾਸ ਯਕੀਨੀ ਬਣ ਰਿਹਾ ਹੈ ।ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਸੜਕਾਂ, ਗਲੀਆਂ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣਾ ਸਰਕਾਰ ਦੀ ਪ੍ਰਾਥਮਿਕਤਾ ਵਿੱਚ ਹੈ , ਤਾਂ ਜੋ ਲੋਕਾਂ ਨੂੰ ਆਵਾਜਾਈ ਅਤੇ ਰੋਜ਼ਾਨਾ ਜੀਵਨ ਵਿੱਚ ਸਹੂਲਤ ਮਿਲ ਸਕੇ ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਰਾਜਨੀਤੀ ਤੋਂ ਉੱਪਰ ਉਠ ਕੇ ਲੋਕਾਂ ਦੇ ਵਿਕਾਸ ਲਈ ਕੰਮ ਕਰਵਾਏ ਜਾ ਰਹੇ ਹਨ ।ਗਿੱਲ ਨੇ ਕਿਹਾ ਹਲਕਾ ਮਜੀਠਾ ਵਿਚ ਵਿਕਾਸ਼ ਜੰਗੀ ਪੱਧਰ 'ਤੇ ਸੁਰੂ ਹੋ ਚੁੱਕੇ ਹਨ 'ਤੇ ਆਉਣ ਵਾਲੇ ਸਮੇਂ ਹਲਕੇ ਅੰਦਰ ਸੜਕਾਂ ਦਾ ਜ਼ਾਲ ਵਿਛਾਇਆ ਜਾਵੇਗਾ । ਇਸ ਮੌਕੇ ਪਿੰਡ ਮੱਤੇਵਾਲ ਦੇ ਸਰਪੰਚ , ਮੋਹਤਬਰਾਂ ਅਤੇ ਨਿਵਾਸੀਆਂ ਨੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਮਾਨ ਸਰਕਾਰ ਦੇ ਆਉਣ ਤੋਂ ਬਾਅਦ ਮਜੀਠਾ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਮਿਲੀ ਹੈ । ਇਸ ਮੌਕੇ ਐਸ.ਡੀ.ਓ. ਨਿਰਮਲ ਸਿੰਘ , ਸਰਪੰਚ ਹਰਪਾਲ ਸਿੰਘ ਮੱਤੇਵਾਲ, ਸਲੱਖਣ ਸਿੰਘ ਬੱਬਰ , ਗੁਰਬੀਰ ਸਿੰਘ ਮੱਲ੍ਹੀ , ਪਰਮਜੀਤ ਸਿੰਘ ਮੱਤੇਵਾਲ, ਪੰਚ ਫੁੱਮਣ ਸਿੰਘ , ਪੰਚ ਬਲਦੇਵ ਸਿੰਘ, ਪੰਚ ਗੁਰਸੇਵਕ ਸਿੰਘ, ਪੰਚ ਜਸਪਾਲ ਸਿੰਘ , ਪੰਚ ਹਰਦੇਵ ਸਿੰਘ, ਪੰਚ ਕੁਲਵਿੰਦਰ ਕੌਰ , ਬਲਵਿੰਦਰ ਸਿੰਘ, ਡਾ. ਸੁਖਵਿੰਦਰ ਸਿੰਘ , ਬਲਦੇਵ ਸਿੰਘ, ਰਾਣਾ ਜ਼ਿਊਲਰ, ਅਨੂਪ ਸਿੰਘ , ਬੂਟਾ ਠੇਕੇਦਾਰ, ਤਰਸ਼ੇਮ ਸਿੰਘ ਗਾਰਡ, ਬੱਬੂ ਮੱਤੇਵਾਲ, ਦਵਿੰਦਰ ਸਿੰਘ, ਅਰਪਿੰਦਰ ਸਿੰਘ , ਹੈਪੀ ਮੱਤੇਵਾਲ , ਰਾਣਾ ਚੋਧਰੀ, ਦੇਬੂ ਮੱਤੇਵਾਲ, ਸਰਪੰਚ ਬਲਬੀਰ ਸਿੰਘ ਬੋਪਾਰਾਏ, ਸਰਪੰਚ ਗੁਰਵਿੰਦਰ ਸਿੰਘ, ਸਰਪੰਚ ਯੋਗਰਾਜ ਸਿੰਘ ਸਾਧਪੁਰ, ਬਲਿਹਾਰ ਸਿੰਘ , ਸਰਪੰਚ ਹਰਪ੍ਰੀਤ ਸਿੰਘ ਹੈਪੀ ਬੱਗਾ, ਭਿੱਲੀ ਮੱਤੇਵਾਲ, ਸੰਤੋਖ ਸਿੰਘ ਸਮੇਤ ਵੱਡੀ ਗਿਣਤੀ 'ਚ ਆਗੂ 'ਤੇ ਵਰਕਰ ਹਾਜਰ ਸਨ।

# ਡੀ:ਏ:ਪੀ ਦੀ ਕਾਲਾਬਜਾਰੀ ਨਹੀਂ ਕੀਤੀ ਜਾਵੇਗੀ ਬਰਦਾਸ਼ਤ-ਧਾਲੀਵਾਲ



**ਜੰਡਿਆਲਾ ਗੁਰੂ, 15 ਅਕਤੂਬਰ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਦਾ ਕਿਸਾਨ ਹੜ੍ਹਾਂ ਦੀ ਤ੍ਰਸਾਦੀ ਕਾਰਨ ਪਹਿਲਾਂ ਹੀ ਆਰਥਿਕ ਪੱਖੋਂ ਕਮਜੋਰ ਹੋਇਆ ਹੈ ਪ੍ਰੰਤੂ ਉਥੇ ਕੁਝ ਦਵਾਈਆਂ ਅਤੇ ਖਾਦਾਂ ਵੇਚਣ ਵਾਲੇ ਦੁਕਾਨਦਾਰਾਂ ਵੱਲੋਂ ਡੀ:ਏ:ਪੀ ਖਾਦ ਦੀ ਕਾਲਾਬਾਜਾਰੀ ਕੀਤੀ ਜਾ ਰਹੀ ਹੈ ਜੋ ਕਿ ਬਹੁਤ ਹੀ ਮੰਦਭਾਗੀ ਘਟਨਾ ਹੈ। ਇਸ ਸਬੰਧੀ ਪ੍ਰੈਸ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਲਕਾ ਅਜਨਾਲਾ ਦੇ ਵਿਧਾਇਕ ਸ੍ਰ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਉਨ੍ਹਾਂ ਨੂੰ ਕੁਝ ਕਿਸਾਨਾਂ ਵੱਲੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਕਿ ਦੁਕਾਨਦਾਰਾਂ ਵੱਲੋਂ ਬਲੈਕ ਰੇਟ ਤੇ ਡੀ:ਏ:ਪੀ ਖਾਦ ਵੇਚੀ ਜਾ ਰਹੀ ਹੈ।ਉਹ ਇਸ ਸਬੰਧ ਵਿੱਚ ਅੱਜ ਖਾਦਾਂ ਵੇਚਣ ਵਾਲੇ ਦੁਕਾਨਦਾਰਾਂ ਨੂੰ ਅਪੀਲ ਕਰਨ ਆਏ ਹਨ ਕਿ ਉਹ ਇਸ ਦੁਖ ਦੀ ਘੜੀ ਵਿੱਚ ਅੰਨਦਾਤਾ ਦਾ ਸਾਥ ਦੇਣ ਨਾ ਕਿ ਉਸ ਨੂੰ ਲੁੱਟਣ।ਸ੍ਰ ਧਾਲੀਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੈਂ ਅੱਜ ਸਾਰੇ ਦੁਕਾਨਦਾਰਾਂ ਹੱਥ ਜੋੜ ਕੇ ਬੇਨਤੀ ਕਰਨ ਆਇਆ ਹਾਂ ਕਿ ਹੜ੍ਹ ਪੀੜਤ ਕਿਸਾਨਾਂ ਦੀ ਬਾਂਹ ਫੜੀ ਜਾਵੇ ਨਾ ਕਿ ਉਸ ਦਾ ਸ਼ੋਸ਼ਣ ਕੀਤਾ ਜਾਵੇ।ਉਨ੍ਹਾਂ ਨੇ ਸਮੂਹ ਦੁਕਾਨਦਾਰਾਂ ਨੂੰ ਕਿਹਾ ਕਿ ਜੇਕਰ ਅੱਜ ਤੋਂ ਬਾਅਦ ਮੈਨੂੰ ਕਿਸੇ ਕਿਸਾਨ ਵੱਲੋਂ ਡੀ:ਏ:ਪੀ ਖਾਦ ਦੀ ਕਾਲਾਬਾਜਾਰੀ ਦੀ ਸ਼ਿਕਾਇਤ ਮਿਲੀ ਤਾਂ ਉਸ ਦੁਕਾਨਦਾਰ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕਰਾਂਗੇ। ਉਨ੍ਹਾਂ ਨੇ ਦੁਕਾਨਦਾਰਾਂ ਨੂੰ ਕਿਹਾ ਕਿ ਉਹ ਡੀ:ਏ:ਪੀ ਖਾਦ ਨਾਲ ਹੋਰ ਕੋਈ ਵੀ ਬੇਲੋੜਾ ਸਮਾਨ ਲਾਜਮੀ ਖਰੀਦਣ ਲਈ ਨਾ ਕਹਿਣ। ਸ੍ਰ ਧਾਲੀਵਾਲ ਨੇ ਕਿਹਾ ਕਿ ਅਜੋਕਾ ਸਮਾਂ ਕਿਸਾਨਾਂ ਲਈ ਕਿਸਾਨਾਂ ਲਈ ਬਹੁਤ ਦੁੱਖ ਭਰਿਆ ਹੈ ਅਤੇ ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ਕਿ ਇਸ ਦੁਖ ਦੀ ਘੜੀ ਵਿੱਚ ਅਸੀਂ ਹਮਦਰਦ ਬਣੀਏ। ਉਨ੍ਹਾਂ ਕਿਹਾ ਕਿ ਡੀ:ਏ:ਪੀ ਦਾ ਸਰਕਾਰੀ ਰੇਟ 1350, ਟੀ:ਐਸ:ਪੀ 1300, ਐਨ:ਪੀ:ਕੇ 12:32:16 ਦਾ ਸਰਕਾਰੀ ਰੇਟ 1900 ਅਤੇ ਏ:ਐਸ:ਪੀ ਦਾ ਸਰਕਾਰੀ ਰੇਟ 20: 20:0:13 ਦਾ ਰੇਟ 1400 ਰੁਪਏ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਦੁਕਾਨਦਾਰ ਇਨ੍ਹਾਂ ਰੇਟਾਂ ਤੋਂ ਵਧੇਰੇ ਰੇਟਾਂ ਤੇ ਵੇਚਦਾ ਪਾਇਆ ਗਿਆ ਤਾਂ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਡਾ:ਹਰਪਿੰਦਰ ਸਿੰਘ, ਨਗਰ ਪੰਚਾਇਤ ਪ੍ਰਧਾਨ ਜਸਪਾਲ ਸਿੰਘ ਢਿਲੋਂ, ਆਪ ਦਾ ਪ੍ਰਧਾਨ ਅਮਿਤ ਔਲ, ਸ੍ਰ ਗੁਰਿੰਦਰ ਸਿਘ ਸੰਧੂ ਅਤੇ ਤਹਿਸਲਦਾਰ ਅਜਨਾਲਾ ਵੀ ਹਾਜਰ ਸਨ।

# ਪਿੰਡ ਕਿਲਾ ਹਕੀਮਾਂ ਵਿਖੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਖੇਤੀਬਾੜੀ ਅਫਸਰ ਡਾਕਟਰ ਧਰਮਿੰਦਰਜੀਤ ਸਿੰਘ ਸਿੱਧੂ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫਸਰ ਡਾ ਅਮਨਦੀਪ ਕੌਰ ਦੀ ਅਗਵਾਈ ਹੇਠ ਪਰਾਲੀ ਨਾ ਸਾੜਨ ਅਤੇ ਕਿਸਾਨਾਂ ਨੂੰ ਪ੍ਰੇਰਿਤ ਕਰਨ ਦੀ ਮੁਹਿੰਮ ਤਹਿਤ ਹਲਕਾ ਧੂਰੀ ਨਾਲ ਸਬੰਧਤ ਪਿੰਡ ਕਿਲਾ ਹਕੀਮਾਂ ਅਤੇ ਰੰਗੀਆਂ ਦੇ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ। ਜਿਸ ਵਿੱਚ ਪਰਾਲੀ ਸਾੜਨ ਸਬੰਧੀ ਉੱਚ ਅਦਾਲਤ ਦੀਆਂ ਹਦਾਇਤਾਂ ਅਤੇ ਕਮਿਸ਼ਨ ਏਅਰ ਕੁਆਲਟੀ ਮੈਨੇਜਮੈਂਟ ਦੀਆਂ ਹਦਾਇਤਾਂ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ। ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ ਡਾਕਟਰ ਸਮਨਦੀਪ ਸਿੰਘ ਨੇ ਕਿਸਾਨਾਂ ਨੂੰ ਝੋਨੇ ਸਬੰਧੀ ਆ ਰਹੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਦਿੱਤੀ ਅਤੇ ਬੇਲੋੜੀ ਦੀਆਂ ਖਾਦਾਂ ਤੋਂ ਗੁਰੇਜ ਕਰਨ ਦੀ ਸਲਾਹ ਦਿੱਤੀ ਅਤੇ ਖੇਤੀਬਾੜੀ ਵਿਕਾਸ ਅਫਸਰ ਡਾਕਟਰ ਹਰਪ੍ਰੀਤ ਸਿੰਘ ਨੇ ਝੋਨੇ ਦੀ ਰਹਿੰਦ ਖੂੰਹਦ ਨੂੰ ਜਮੀਨ ਵਿੱਚ ਮਿਲਾ ਕੇ ਕਣਕ ਦੀ ਬਜਾਈ ਸੰਬੰਧੀ ਪ੍ਰੇਰਿਤ ਕੀਤਾ ਅਤੇ ਇਸ ਨਾਲ ਸੰਬੰਧਿਤ ਮਸ਼ੀਨਰੀ ਬਾਰੇ ਜਾਣਕਾਰੀ ਵੀ ਦਿੱਤੀ। ਖੇਤੀਬਾੜੀ ਦੇ ਮਾਹਿਰਾਂ ਨੇ ਦਸਿਆ ਵੀ ਕਿਸਾਨ ਕਣਕ ਦੀ ਫ਼ਸਲ ਬੀਜਣ ਵਿੱਚ ਕਾਹਲੀ ਨਾ ਕਰਨ ਤੇ ਪਰਾਲੀ ਦਾ ਪ੍ਰਬੰਧਨ ਕਰਕੇ 10-15 ਨਵੰਬਰ ਤੱਕ ਵੀ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਖੇਤੀਬਾੜੀ ਦਫਤਰ ਧੂਰੀ ਤੋਂ ਜਸਪ੍ਰੀਤ ਸਿੰਘ ਏਐਸਆਈ ਜਗਰਾਜ ਸਿੰਘ ਬੇਲਦਾਰ,ਇਸ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਮਨਦੀਪ ਸਿੰਘ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਕਿਲਾ ਹਕੀਮਾਂ, ਬਲਵਿੰਦਰ ਸਿੰਘ ਮੀਤ ਪ੍ਰਧਾਨ, ਗੁਰਜੀਤ ਸਿੰਘ ਕਾਲਾ, ਵਿੱਕੀ ਕਿਲਾ, ਸੋਮਾ ਸੰਘੇੜਾ, ਕਰਨੈਲ ਸਿੰਘ, ਗੁਰਪ੍ਰੀਤ ਸਿੰਘ, ਲਖਵਿੰਦਰ ਸਿੰਘ, ਜਸਵੀਰ ਸਿੰਘ, ਸੰਦੀਪ ਸਰਮਾ, ਨਿਰਭੈ ਸਿੰਘ ਸੈਕਟਰੀ, ਨਿਰਮਲ ਸਿੰਘ, ਸੁਖਦੇਵ ਸਿੰਘ ਹਾਜਰ ਸਨ।

# ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 136736 ਮੀਟਰਕ ਟਨ ਝੋਨੇ ਦੀ ਹੋਈ ਖਰੀਦ -ਡਿਪਟੀ ਕਮਿਸ਼ਨਰ

## ਕਿਸਾਨਾਂ ਨੂੰ ਹੁਣ ਤੱਕ 270 ਕਰੋੜ ਰੁਪਏ ਦੀ ਹੋਈ ਅਦਾਇਗੀ, ਕਿਸਾਨਾਂ ਨੂੰ ਕੀਤੀ ਅਪੀਲ ਸੁੱਕਾ ਝੋਨਾ ਹੀ ਲਿਆਓ ਮੰਡੀਆਂ ਵਿੱਚ



**ਜੰਡਿਆਲਾ ਗੁਰੂ, 15 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਜ਼ਿਲ੍ਹੇ ਦੀਆਂ 48 ਮੰਡੀਆਂ ਵਿਚ ਝੋਨੇ ਦੀ ਖਰੀਦ ਲਗਾਤਾਰ ਜਾਰੀ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿਚ ਕਿਸੇ ਕਿਸਮ ਦੀ ਕੋਈ ਮੁਸ਼ਕਲ ਦਾ ਸ਼ਾਮਣਾ ਨਾ ਕਰਨਾ ਪਵੇ ਇਸ ਲਈ ਅਧਿਕਾਰੀ ਖੁਦ ਮੰਡੀਆਂ ਦੀ ਨਿਗਰਾਨੀ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਮੰਡੀਆਂ ਵਿੱਚ 137087 ਮੀਟਰਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ,ਜਿਸ ਵਿਚੋਂ ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 136736 ਮੀਟਰਕ ਟਨ ਝੋਨੇ ਦੀ ਖਰੀਦ ਕਰਕੇ ਕਿਸਾਨਾਂ ਨੂੰ 270 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਸਰਕਾਰ ਵੱਲੋਂ ਝੋਨੇ ਦਾ ਸਰਕਾਰੀ ਰੇਟ 2389 ਰੁਪਏ ਪ੍ਰਤੀ ਕੁਇੰਟਲ ਮਿਥਿਆ ਗਿਆ ਹੈ ਅਤੇ ਇਸ ਲਈ ਝੋਨੇ ਵਿਚ ਨਮੀ ਦੀ ਮਾਤਰਾ 17 ਫ਼ੀਸਦੀ ਤੋਂ ਵੱਧ ਨਹੀਂ ਹੋਣੀ ਚਾਹੀਦੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀ ਵਿੱਚ ਕੇਵਲ ਸੁੱਕਾ ਝੋਨਾ ਹੀ ਲੈ ਕੇ ਆਉਣ , ਤਾਂ ਜੋ ਮੰਡੀ ਵਿੱਚ ਖਰੀਦ ਲਈ ਇੰਤਜ਼ਾਰ ਨਾ ਕਰਨਾ ਪਵੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨ ਵੱਲੋਂ ਪੈਦਾ ਕੀਤਾ ਗਿਆ ਇੱਕ ਇੱਕ ਦਾਣਾ ਖਰੀਦੇਗੀ ਇਸ ਲਈ ਕੋਈ ਕਾਹਲੀ ਦੀ ਲੋੜ ਨਹੀਂ, ਬਲਕਿ ਫਸਲ ਨੂੰ ਸੁਕਾ ਕੇ ਕੱਟੋ ਤਾਂ ਜੋ ਸਰਕਾਰੀ ਖਰੀਦ ਏਜੰਸੀਆਂ ਬਿਨਾਂ ਕਿਸੇ ਰੁਕਾਵਟ ਦੇ ਖਰੀਦ ਜਾਰੀ ਰੱਖ ਸਕਣ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪਰਾਲੀ ਸਾੜਣ ਤੋਂ ਬਿਨਾਂ ਜਿੰਮੇਵਾਰੀ ਨਾਲ ਆਪਣੀ ਫਸਲ ਦੀ ਰਹਿੰਦ ਖੂੰਹਦ ਦਾ ਪ੍ਰਬੰਧਨ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਪੂਰਾ ਪ੍ਰਸ਼ਾਸਨ ਕਿਸਾਨਾਂ ਦੇ ਨਾਲ ਹੈ ਅਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਜ਼ਿਲਾ ਖੁਰਾਕ ਤੇ ਸਪਲਾਈ ਅਧਿਕਾਰੀ ਸ: ਅਮਨਜੀਤ ਸਿੰਘ ਨੇ ਦੱਸਿਆ ਕਿ ਹੁਣ ਤੱਕ ਪਨਗਰੇਨ ਏਜੰਸੀ ਵਲੋ 56517 ਮੀਟਰਕ ਟਨ, ਮਾਰਕਫੈਡ ਵਲੋ 38535 ਮੀਂਟਰਕ ਟਨ, ਪਨਸਪ ਵਲੋ 20870 ਮੀਟਰਕ ਟਨ, ਪੰਜਾਬ ਸਟੇਟ ਵੇਅਰਹਾਊਸ ਵਲੋ 18803 ਮੀਟਰਕ ਟਨ ਅਤੇ ਪ੍ਰਾਈਵੇਟ ਏਜੰਸੀਆਂ ਵਲੋ 2011 ਮੀਟਰਕ ਟਨ ਝੋਨੇ ਦੀ ਖਰੀਦ ਕਰ ਲਈ ਗਈ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਕਿਸਾਨਾਂ ਨੂੰ ਮਿਥੇ ਸਮੇਂ ਦੇ ਅੰਦਰ-ਅੰਦਰ ਝੋਨੇ ਦੀ ਅਦਾਇਗੀ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਅਪੀਲ ਕੀਤੀ ਕਿ ਕਿਸਾਨ ਮੰਡੀਆਂ ਅੰਦਰ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਦੀ ਫਸਲ ਦੀ ਨਾਲੋ ਨਾਲ ਖਰੀਦ ਕੀਤੀ ਜਾ ਸਕੇ।

# ਡਾ. ਮੁਹੰਮਦ ਅਖਤਰ ਨੂੰ ਰਿਟਾਇਰ ਹੋਣ ਤੇ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )** ਉਘੇ ਸਮਾਜ ਸੇਵੀ ਡਾਕਟਰ ਮੁਹੰਮਦ ਅਖਤਰ ਸੀਨੀਅਰ ਮੈਡੀਕਲ ਅਫਸਰ ਇੰਨ ਐਸ ਡੀ ਐਚ ਧੂਰੀ ਦੇ ਸਮੂਹ ਸਟਾਫ਼ ਸੀ ਐੱਚ ਸੀ ਸ਼ੇਰਪੁਰ ਵੱਲੋ ਰਿਟਾਇਰਮੈਟ ਹੋਣ ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ ।ਇਸ ਸਮੇਂ ਡਾਕਟਰ ਜਸਦੀਪ ਸਿੰਘ ਸੀਨੀਅਰ ਮੈਡੀਕਲ ਅਫਸਰ ਇੰਨ ਸੀ ਐੱਚ ਸੀ ਸ਼ੇਰਪੁਰ, ਮਾਲਵਿੰਦਰ ਸਿੰਘ ਕਲੇਰ ਸੀਨੀਅਰ ਸਹਾਇਕ ,ਰਣਜੀਤ ਸਿੰਘ ਸੀਨੀਅਰ ਫਾਰਮੇਸੀ ਆਫ਼ਸਰ,ਤਰਸੇਮ ਸਿੰਘ ਬੀ ਈ ਈ, ਕੁਲਦੀਪ ਸਿੰਘ ਉਪ ਵੈਦ ,ਅਸ਼ੋਕ ਕੁਮਾਰ ਮਲਟੀਪਰਪਜ ਸੁਪਰਵਾਈਜ਼ਰ ਮਿੰਨੀ ਪੀ ਐੱਚ ਸੀ ਕਾਂਝਲਾ, ਗੁਰਜੰਟ ਸਿੰਘ ਮਪਸ, ਸੁਰਜੀਤ ਸਿੰਘ ਮਪਸ, ਅਵਤਾਰ ਸਿੰਘ, ਗੁਰਵਿੰਦਰ ਸਿੰਘ ਹਾਜ਼ਰ ਸਨ।

### ਗੁਰਪੁਰਬ ਮਨਾਉਣ ਅਤੇ ਗੁਰ ਅਸਥਾਨਾਂ ਦੇ ਦਰਸ਼ਨਾਂ ਨੂੰ ਜਾਣ ਲਈ

# ਸਿੱਖਾਂ ਉੱਤੇ ਭਾਰਤ ਸਰਕਾਰ ਪਾਬੰਦੀਆਂ ਲਾਉਣ ਤੋਂ ਕਰੇ ਗੁਰੇਜ਼: ਵਿਦੇਸ਼ੀ ਸਿੱਖ ਜੱਥੇਬੰਦੀਆਂ



**ਨਵੀਂ ਦਿੱਲੀ, 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**: - ਭਾਰਤ ਸਰਕਾਰ ਵੱਲੋਂ ਪਿਛਲੇ ਛੇ ਮਹੀਨਿਆਂ ਤੋਂ ਦੁਨੀਆ ਭਰ ਦੇ ਸਿੱਖਾਂ ਨੂੰ ਪਾਕਿਸਤਾਨ ਆਪਣੇ ਗੁਰਧਾਮਾਂ ਸ੍ਰੀ ਨਨਕਾਣਾ ਸਾਹਿਬ, ਕਰਤਾਰਪੁਰ ਅਤੇ ਹੋਰ ਅਨੇਕਾਂ ਇਤਿਹਾਸਕ ਗੁਰ ਅਸਥਾਨਾਂ ਦੇ ਦਰਸ਼ਨ ਕਰਨ ਤੇ ਪਾਬੰਦੀ ਲਾ ਦਿੱਤੀ ਸੀ । ਕਸ਼ਮੀਰ ਵਿੱਚ ਹੋਏ ਅੱਤਵਾਦੀ ਸੰਸਥਾਵਾਂ ਵੱਲੋਂ ਅਨੇਕਾਂ ਸੈਲਾਨੀਆਂ ਨੂੰ ਮਾਰ ਦਿੱਤਾ ਗਿਆ ਸੀ । ਬਾਅਦ ਵਿੱਚ ਭਾਰਤ ਤੇ ਪਾਕਿਸਤਾਨ ਵਿੱਚ ਥੋੜਾ ਸਮਾਂ ਲੜਾਈ ਵੀ ਹੋਈ । ਉਸ ਵੇਲੇ ਤਾਂ ਪਾਬੰਦੀਆਂ ਲਾਉਣੀਆਂ ਠੀਕ ਸੀ, ਪਰ ਹੁਣ ਪਿਛਲੇ 5 - 6 ਮਹੀਨਿਆਂ ਤੋਂ ਦੋਨੋ ਦੇਸ਼ਾਂ ਦੇ ਸਬੰਧ ਠੀਕ ਠਾਕ ਹਨ । ਪਰ ਭਾਰਤ ਸਰਕਾਰ ਵੱਲੋਂ ਸਿੱਖਾਂ ਉਤੇ ਪਾਕਿਸਤਾਨ ਜਾਣ ਤੇ ਪਾਬੰਦੀ ਅਜੇ ਵੀ ਲਾਈ ਹੋਈ ਹੈ । ਹੁਣ ਦੇਰ ਨਾਲ ਪੰਜਾਬ ਚੋਂ ਕੁੱਝ ਜਥਿਆਂ ਨੂੰ ਪਾਕਿਸਤਾਨ ਜਾਣ ਦੀ ਇਜਾਜ਼ਤ ਦਿੱਤੀ ਗਈ ਹੈ । ਭਾਰਤ ਸਰਕਾਰ ਦਾ ਇਹ ਫ਼ੈਸਲਾ ਤਾਂ ਠੀਕ ਹੈ । ਪਰ ਬਾਹਰ ਬੈਠੇ ਲੱਖਾਂ ਸਿੱਖਾਂ ਨੂੰ ਇਜਾਜ਼ਤ ਨਹੀਂ ਦਿੱਤੀ ਗਈ । ਕੈਨੇਡਾ, ਅਮਰੀਕਾ, ਯੂ ਕੇ ਤੇ ਯੂਰਪ ਅਤੇ ਹੋਰ ਕਈ ਦੇਸ਼ਾਂ ਤੋਂ ਸਿੱਖ ਪਹਿਲਾਂ ਭਾਰਤ ਜਾਂਦੇ ਸਨ, ਫਿਰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੇ ਹੋਰ ਇਤਿਹਾਸਕ ਗੁਰੂ ਘਰਾਂ ਦੇ ਦਰਸ਼ਨ ਵੀ ਕਰ ਆਉਂਦੇ ਸਨ । ਅਤੇ ਆਪਣੇ ਮਾਤਾ ਪਿਤਾ ਅਤੇ ਰਿਸ਼ਤੇਦਾਰਾਂ ਨੂੰ ਵੀ ਮਿਲ ਲੈਂਦੇ ਸਨ । ਹੁਣ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਬਾਹਰਲੇ ਦੇਸ਼ਾਂ ਦੇ ਸਿੱਖਾਂ ਨੂੰ ਭਾਰਤ ਤੋਂ ਹੋ ਕੇ ਪਾਕਿਸਤਾਨ ਦੇ ਗੁਰੂ ਘਰਾਂ ਦੇ ਦਰਸ਼ਨ ਕਰਨ ਲਈ ਜਾਣ ਤੇ ਅਜੇ ਵੀ ਪਾਬੰਦੀ ਹੈ । ਭਾਰਤ ਸਰਕਾਰ ਦੇ ਇਹਨਾਂ ਫ਼ੈਸਲਿਆਂ ਸਬੰਧੀ ਸ੍ਰੀ ਗੁਰੂ ਸਿੰਘ ਸਭਾ ਡਰਬੀ ਤੇ ਸਿੱਖ ਅਜਾਇਬ ਘਰ ਦੇ ਸੇਵਾਦਾਰਾਂ ਸ: ਰਘਬੀਰ ਸਿੰਘ ਅਤੇ ਸ: ਰਾਜਿੰਦਰ ਸਿੰਘ ਪੁਰੇਵਾਲ, ਸ੍ਰੀ ਗੁਰੂ ਸਿੰਘ ਸਭਾ ਗਰੇਟ ਬਾਰ ਬ੍ਰਮਿੰਘਮ ਦੇ ਸੇਵਾਦਾਰ ਬਲਬੀਰ ਸਿੰਘ ਅਤੇ ਅਖੰਡ ਕੀਰਤਨੀ ਜਥਾ ਯੂ ਕੇ ਦੇ ਸੇਵਾਦਾਰ ਪ੍ਰੋ: ਦਲਜੀਤ ਸਿੰਘ ਵਿਰਕ ਨੇ ਪ੍ਰਤੀਕਰਮ ਪ੍ਰਗਟ ਕਰਦਿਆਂ ਕਿਹਾ ਕਿ ਭਾਰਤ ਸਰਕਾਰ ਦੇ ਇਹ ਫ਼ੈਸਲੇ ਸਿੱਖਾਂ ਨਾਲ ਸਿੱਧਾ ਵਿਤਕਰਾ ਹੈ । ਉਹਨਾਂ ਕਿਹਾ ਇਹ ਪਾਬੰਦੀ ਲਾ ਕੇ ਤੁਸੀਂ ਸਿੱਖਾਂ ਦੇ ਮਨਾਂ ਵਿੱਚ ਆਪਣਾ ਸਤਿਕਾਰ ਖਤਮ ਕਰ ਰਹੇ ਹੋ । ਇੱਕ ਪਾਸੇ ਪ੍ਰਧਾਨ ਮੰਤਰੀ ਤੇ ਸਰਕਾਰ ਦੇ ਕਈ ਹੋਰ ਮੰਤਰੀ ਮੰਦਰਾਂ, ਗੁਰਦੁਆਰਿਆਂ ਵਿੱਚ ਜਾ ਕੇ ਆਪਣੇ ਆਪ ਨੂੰ ਧਾਰਮਿਕ ਵਿਅਕਤੀ ਜ਼ਾਹਿਰ ਕਰਨ ਦੀ ਕੋਸ਼ਿਸ਼ ਕਰਦੇ ਹੋ, ਪਰ ਅਸਲ ਵਿੱਚ ਤੁਸੀਂ ਧਾਰਮਿਕ ਨਹੀਂ ਹੋ । ਧਾਰਮਿਕ ਵਿਅਕਤੀ ਜਾਂ ਸਰਕਾਰਾਂ, ਹਰ ਇੱਕ ਦੀ ਆਸਥਾ, ਦੂਜਿਆਂ ਦੇ ਧਾਰਮਿਕ ਵਿਚਾਰਾਂ ਤੇ ਮਾਨਤਾਵਾਂ ਦਾ ਵੀ ਸਤਿਕਾਰ ਕਰਦੇ ਹਨ । ਪਰ ਤੁਸੀਂ ਇਸ ਉਤੇ ਪਹਿਰਾ ਨਹੀਂ ਦੇ ਰਹੇ । ਤੁਸੀਂ ਆਪਣੇ ਗਲਤ ਫ਼ੈਸਲੇ ਬਦਲੋ । ਹਰੇਕ ਵਿਅਕਤੀ ਨੂੰ ਆਪਣੇ ਧਾਰਮਿਕ ਅਸਥਾਨਾਂ ਤੇ ਜਾਣ ਤੇ ਲਾਈਆਂ ਰੋਕਾਂ ਹਟਾਓ । ਨਹੀਂ ਤਾਂ ਸਿੱਖਾਂ ਸਮੇਤ ਦੁਨੀਆ ਭਰ ਦੇ ਲੋਕ ਤੁਹਾਨੂੰ ਨਿੰਦਣਗੇ । ਬਦ-ਅਸੀਸਾਂ ਦੇਣਗੇ ਤੇ ਤੁਹਾਨੂੰ ਨਫ਼ਰਤ ਕਰਨਗੇ । ਉਕਤ ਆਗੂਆਂ ਨੇ ਕਿਹਾ ਕਿ ਵਿਦੇਸ਼ਾਂ 'ਚ ਅਤੇ ਭਾਰਤ ਵਿੱਚ ਵਸਦੇ ਸਿੱਖਾਂ ਦੇ ਪਾਕਿਸਤਾਨ ਜਾਣ 'ਤੇ ਜੋ ਪਾਬੰਦੀਆਂ ਭਾਰਤ ਸਰਕਾਰ ਨੇ ਲਾਈਆਂ ਹਨ, ਉਹ ਤੁਰੰਤ ਹਟਾਈਆਂ ਜਾਣ, ਤਾਂ ਜੋ ਸਿੱਖ ਆਪਣੇ ਗੁਰ ਅਸਥਾਨਾਂ ਦੇ ਦਰਸ਼ਨ ਕਰ ਸਕਣ ਅਤੇ ਗੁਰੂ ਸਾਹਿਬਾਨ ਦੇ ਗੁਰਪੁਰਬ ਮਨਾ ਸਕਣ । ਭਾਰਤ ਸਰਕਾਰ ਧਾਰਮਿਕ ਕੱਟੜਤਾ ਛੱਡ ਕੇ ਦੂਜਿਆਂ ਉਤੇ ਪਾਬੰਦੀਆਂ ਲਾਉਣੀਆਂ ਬੰਦ ਕਰੇ, ਆਪਸੀ ਭਰਾਤਰੀ ਭਾਵ ਨੂੰ ਵਧਾਓ ਅਤੇ ਗੰਦੀ ਰਾਜਨੀਤੀ ਬੰਦ ਕੀਤੀ ਜਾਵੇ । ਉਕਤ ਆਗੂਆਂ ਨੇ ਕਿਹਾ ਕਿ ਆਉਂਦੇ ਸਮੇਂ ਵਿੱਚ ਭਾਰਤ ਸਰਕਾਰ ਦੇ ਇਹ ਫੈਸਲੇ ਇਤਿਹਾਸ ਦਾ ਹਿੱਸਾ ਬਣ ਜਾਣਗੇ ਅਤੇ ਇਹ ਇਤਿਹਾਸ ਕਾਲੇ ਅੱਖਰਾਂ ਵਿੱਚ ਲਿਖਿਆ ਜਾਵੇਗਾ ਤੇ ਆਉਂਦੇ ਸਮੇਂ ਦੇ ਇਤਿਹਾਸਕਾਰ ਤੁਹਾਡੀ ਸਰਕਾਰ ਨੂੰ ਸਿੱਖ ਵਿਰੋਧੀ ਸਮਝਣਗੇ ਤੇ ਲਾਹਨਤਾਂ ਪਾਉਣਗੇ ।

> **ਭਾਰਤ ਸਰਕਾਰ ਨੇ ਸਿੱਖਾਂ 'ਤੇ ਪਾਬੰਦੀਆਂ ਨਾ ਹਟਾਈਆਂ ਤਾਂ ਇਹ ਇਤਿਹਾਸ ਕਾਲੇ ਅੱਖਰਾਂ 'ਚ ਲਿਖਿਆ ਜਾਵੇਗਾ**

### ਪਰਮਜੀਤ ਸਿੰਘ ਸਰਨਾ ਵੱਲੋਂ ਦਿੱਲੀ ਹੈਬੀਟੈਟ ਸੈਂਟਰ 'ਚ


# ਗੁਰੂ ਤੇਗ ਬਹਾਦਰ ਸਾਹਿਬ ਦੇ ਨਾਂ 'ਤੇ ਸੈਮੀਨਾਰ ਕਰਵਾਉਣਾ ਸ਼ਰਮਨਾਕ: ਕਾਲਕਾ/ਕਾਹਲੋਂ

ਨਵੀਂ ਦਿੱਲੀ, 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅਕਾਲੀ ਦਲ ਬਾਦਲ ਦੇ ਆਗੂ ਪਰਮਜੀਤ ਸਿੰਘ ਸਰਨਾ ਵੱਲੋਂ ਦਿੱਲੀ ਹੈਬੀਟੈਟ ਸੈਂਟਰ ਵਿਚ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ ਕਰਵਾਉਣ ਦਾ ਜ਼ੋਰਦਾਰ ਵਿਰੋਧ ਕੀਤਾ ਹੈ ਤੇ ਕਿਹਾ ਹੈ ਕਿ ਜਿਸ ਥਾਂ 'ਤੇ ਸ਼ਰਾਬ ਤੇ ਮੀਟ ਦਾ ਸੇਵਨ ਹੁੰਦਾ ਹੋਵੇ, ਉਸ ਥਾਂ 'ਤੇ ਸੈਮੀਨਾਰ ਕਰਵਾਉਣਾ ਬਹੁਤ ਹੀ ਸ਼ਰਮਨਾਕ ਹੈ। ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਪਰਮਜੀਤ ਸਿੰਘ ਸਰਨਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਹ ਸੈਮੀਨਾਰ ਰੱਖਵਾਇਆ ਹੈ ਜੋ ਕਿ ਬਹੁਤ ਹੀ ਮੰਦਭਾਗੀ ਗੱਲ ਹੈ। ਉਹਨਾਂ ਕਿਹਾ ਕਿ ਹੋਰ ਵੀ ਮੰਦਭਾਗਾ ਇਹ ਹੈ ਕਿ ਸੈਮੀਨਾਰ ਵਿਚ ਸਵਾਗਤੀ ਭਾਸ਼ਣ ਸੁਖਬੀਰ ਸਿੰਘ ਬਾਦਲ ਦੇਣਗੇ ਤੇ ਉਸ ਮਗਰੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਸੰਬੋਧਨ ਰੱਖਿਆ ਗਿਆ ਹੈ। ਇਸ ਮਗਰੋਂ ਕਿਤੇ ਬਾਅਦ ਵਿਚ ਜਾ ਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਸੰਬੋਧਨ ਰੱਖਿਆ ਗਿਆ ਹੈ। ਉਹਨਾਂ ਕਿਹਾ ਕਿ ਉਹਨਾਂ ਨੂੰ ਪਤਾ ਲੱਗਾ ਹੈ ਕਿ ਮਨਜੀਤ ਸਿੰਘ ਜੀ.ਕੇ. ਨੇ ਪੋਸਟਰਾਂ ਵਿਚੋਂ ਆਪਣਾ ਨਾਂ ਕਟਵਾ ਦਿੱਤਾ ਹੈ ਤੇ ਪ੍ਰੋਗਰਾਮ ਇਥੇ ਕਰਨ ਦਾ ਵਿਰੋਧ ਕੀਤਾ ਹੈ। ਉਹਨਾਂ ਨੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਦਾ ਗੰਭੀਰ ਨੋਟਿਸ ਲੈਣ ਅਤੇ ਇਸ ਸੈਮੀਨਾਰ ਦੀ ਥਾਂ ਤਬਦੀਲ ਕੀਤੀ ਜਾਵੇ। ਉਹਨਾਂ ਪੇਸ਼ਕਸ਼ ਕੀਤੀ ਕਿ ਦਿੱਲੀ ਕਮੇਟੀ ਅਧੀਨ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸਮੇਤ ਅਨੇਕਾਂ ਵਿਦਿਅਕ ਅਦਾਰਿਆਂ ਵਿਚ ਸੈਮੀਨਾਰ ਹਾਲ ਹਨ ਜਿਥੇ ਇਹ ਸੈਮੀਨਾਰ ਕੀਤਾ ਜਾ ਸਕਦਾ ਹੈ। ਉਹਨਾਂ ਕਿਹਾ ਕਿ ਇਸ ਮਾਮਲੇ ਵਿਚ ਅਸੀਂ ਸ਼੍ਰੋਮਣੀ ਕਮੇਟੀ ਨੂੰ ਪੂਰਨ ਸਹਿਯੋਗ ਦੇਣ ਵਾਸਤੇ ਤਿਆਰ ਹਾਂ ਬਸ਼ਰਤੇ ਕਿ ਇਸ ਵਿਚ ਸਿਰਫ ਸ਼੍ਰੋਮਣੀ ਕਮੇਟੀ ਦੇ ਨੁਮਾਇੰਦੇ ਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਹੀ ਸੰਬੋਧਨ ਕਰਨ ਅਤੇ ਸੁਖਬੀਰ ਬਾਦਲ ਸਮੇਤ ਕੋਈ ਵੀ ਸਿਆਸੀ ਆਗੂ ਸਟੇਜ ਤੋਂ ਸੰਬੋਧਨ ਨਾ ਕਰੇ। ਇਕ ਹੋਰ ਮਾਮਲੇ ਦਾ ਖੁੱਲ੍ਹਾਸਾ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ 24 ਅਤੇ 25 ਅਕਤੂਬਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਜਾਇਆ ਜਾ ਰਿਹਾ ਨਗਰ ਕੀਰਤਨ ਗੁਰਦੁਆਰਾ ਨਾਨਕ ਪਿਆਊ ਵਿਖੇ ਪਹੁੰਚ ਰਿਹਾ ਹੈ। ਇਸਦੇ ਪੋਸਟਰ ਵੀ ਪਰਮਜੀਤ ਸਿੰਘ ਸਰਨਾ ਨੇ ਤਿਆਰ ਕਰਵਾਏ ਪਰ ਇਸ ਬਾਰੇ ਦਿੱਲੀ ਗੁਰਦੁਆਰਾ ਕਮੇਟੀ ਨੂੰ ਕੋਈ ਜਾਣਕਾਰੀ ਨਹੀਂ ਦਿੱਤੀ। ਉਹਨਾਂ ਦੱਸਿਆ ਕਿ ਜਦੋਂ ਉਹਨਾਂ ਨੇ ਇਸਦੇ ਪੋਸਟਰ ਵੇਖੇ ਤਾਂ ਉਹਨਾਂ ਖੁਦ ਐਡਵੋਕੇਟ ਧਾਮੀ ਨਾਲ ਸੰਪਰਕ ਕੀਤਾ ਜਿਹਨਾਂ ਨੇ ਅੱਜ ਹੀ ਦਿੱਲੀ ਗੁਰਦੁਆਰਾ ਕਮੇਟੀ ਨੂੰ ਪੱਤਰ ਭੇਜ ਕੇ ਸਹਿਯੋਗ ਮੰਗਿਆ ਹੈ ਜੋ ਪੂਰੀ ਤਰ੍ਹਾਂ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸੰਗਤ ਦਾ ਸਤਿਕਾਰ ਕਰਨਾ ਸਾਡੀ ਜ਼ਿੰਮੇਵਾਰੀ ਹੈ ਤੇ ਅਸੀਂ ਪੂਰੀ ਜ਼ਿੰਮੇਵਾਰੀ ਨਿਭਾਵਾਂਗੇ। ਉਹਨਾਂ ਇਹ ਵੀ ਦੱਸਿਆ ਕਿ ਪਿਛਲੇ ਦਿਨੀਂ ਉਹਨਾਂ ਦੀ ਐਡਵੋਕੇਟ ਧਾਮੀ ਤੇ ਸ਼੍ਰੋਮਣੀ ਕਮੇਟੀ ਦੇ ਵਫਦ ਨਾਲ ਬਹੁਤ ਹੀ ਚੰਗੇ ਮਾਹੌਲ ਵਿਚ ਗੱਲਬਾਤ ਹੋਈ ਜਿਸ ਦੌਰਾਨ ਉਹਨਾਂ ਨੇ ਐਡਵੋਕੇਟ ਧਾਮੀ ਨੂੰ ਦਿੱਲੀ ਵਿਚ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਸਬੰਧ ਵਿਚ ਹੋ ਰਹੇ ਸਮਾਗਮਾਂ ਲਈ ਸੱਦਾ ਪੱਤਰ ਵੀ ਦਿੱਤਾ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦੇ ਸ਼ਹੀਦੀ ਸਮਾਗਮਾਂ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਅਤੇ ਦਿੱਲੀ ਗੁਰਦੁਆਰਾ ਕਮੇਟੀ ਆਪਸ ਵਿਚ ਪੂਰਨ ਸਹਿਯੋਗ ਕਰ ਰਹੀਆਂ ਹਨ ਪਰ ਪਰਮਜੀਤ ਸਿੰਘ ਸਰਨਾ ਵਰਗੇ ਆਗੂਆਂ ਨੂੰ ਇਹ ਤਾਲਮੇਲ ਰਾਸ ਨਹੀਂ ਆ ਰਿਹਾ ਤੇ ਉਹ ਇਹਨਾਂ ਇਤਿਹਾਸਕ ਦਿਹਾੜਿਆਂ ਵਿਚ ਵੀ ਰੁਕਾਵਟਾਂ ਪਾਉਣ ਲੱਗੇ ਹੋਏ ਹਨ ਜਿਸਦੀ ਜਿੰਨੀ ਨਿਖੇਧੀ ਕੀਤੀ ਜਾਵੇ ਥੋੜ੍ਹੀ ਹੈ। ਉਹਨਾਂ ਕਿਹਾ ਕਿ ਪਰਮਜੀਤ ਸਿੰਘ ਸਰਨਾ ਦੋ-ਦੋ ਸੰਗਰਾਂਦਾ ਤੇ ਦੋ-ਦੋ ਗੁਰਪੁਰਬ ਮਨਾਉਣ ਦੀ ਆਪਣੀ ਪੁਰਾਣੀ ਆਦਤ ਛੱਡ ਨਹੀਂ ਰਹੇ ਤੇ ਪੰਥ ਵਿਚ ਦੁਬਿਧਾ ਪੈਦਾ ਕਰਨ ਦੇ ਯਤਨ ਕਰ ਰਹੇ ਹਨ।



# ਹਿੱਤਾਂ ਦੇ ਟਕਰਾਅ ਅਤੇ ਸਹੁੰ ਦੀ ਉਲੰਘਣਾ ਲਈ ਕੈਨੇਡੀਅਨ ਮੰਤਰੀ ਅਨੀਤਾ ਆਨੰਦ ਦੀ ਜਾਂਚ ਦੀ ਮੰਗ: ਪਨੂੰ

**ਨਵੀਂ ਦਿੱਲੀ 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਵੱਖਵਾਦੀ ਸਮੂਹ ਸਿੱਖਸ ਫਾਰ ਜਸਟਿਸ ਨੇ ਕੈਨੇਡਾ ਦੀ ਵਿਦੇਸ਼ ਮੰਤਰੀ ਅਨੀਤਾ ਆਨੰਦ ਵਿਰੁੱਧ ਹਿੱਤਾਂ ਦੇ ਟਕਰਾਅ ਅਤੇ ਨੈਤਿਕਤਾ ਕਮਿਸ਼ਨਰ ਕੋਲ ਜਾਂਚ ਲਈ ਇੱਕ ਰਸਮੀ ਬੇਨਤੀ ਦਾਇਰ ਕੀਤੀ ਹੈ, ਜਿਸ ਵਿੱਚ ਉਨ੍ਹਾਂ 'ਤੇ ਕੈਨੇਡੀਅਨਾਂ ਦੀ ਸੁਰੱਖਿਆ ਅਤੇ ਪ੍ਰਭੂਸੱਤਾ ਤੋਂ ਉੱਪਰ ਭਾਰਤ ਨਾਲ ਵਪਾਰਕ ਅਤੇ ਕੂਟਨੀਤਕ ਸਬੰਧਾਂ ਨੂੰ ਰੱਖ ਕੇ ਆਪਣੇ ਅਹੁਦੇ ਦੀ ਸਹੁੰ ਦੀ ਉਲੰਘਣਾ ਕਰਨ ਅਤੇ ਹਿੱਤਾਂ ਦਾ ਟਕਰਾਅ ਪੈਦਾ ਕਰਨ ਦਾ ਦੋਸ਼ ਲਗਾਇਆ ਹੈ। ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਕਿ "ਭਾਰਤ ਦੀ ਹਿੰਦੂਤਵ-ਸੰਚਾਲਿਤ ਅੰਤਰ-ਰਾਸ਼ਟਰੀ ਹਿੰਸਾ 'ਤੇ ਆਨੰਦ ਦੀ ਚੁੱਪੀ ਨੂੰ ਵਿਸ਼ਵ ਪੱਧਰ 'ਤੇ ਕੈਨੇਡਾ ਵਿੱਚ ਖਾਲਿਸਤਾਨ ਪੱਖੀ ਸਿੱਖਾਂ ਨੂੰ "ਮਾਰਨ ਦਾ ਲਾਇਸੈਂਸ" ਮੰਨਿਆ ਜਾ ਰਿਹਾ ਹੈ।" ਇਸ ਮੁਹਿੰਮ ਦੇ ਹਿੱਸੇ ਵਜੋਂ, ਐਸਐਫਜੇ ਨੇ ਇੱਕ ਰਾਸ਼ਟਰੀ ਈਮੇਲ ਐਕਸ਼ਨ ਪਲੇਟਫਾਰਮ – Email2Canada.ca – ਸ਼ੁਰੂ ਕੀਤਾ ਹੈ ਜਿਸ ਨਾਲ ਕੈਨੇਡੀਅਨ ਲੋਕ ਵਿਦੇਸ਼ੀ-ਪ੍ਰਯੋਜਿਤ ਕਤਲਾਂ ਦੇ ਸਾਹਮਣੇ ਮੰਤਰੀ ਆਨੰਦ ਦੀ ਅਯੋਗਤਾ ਲਈ ਜਵਾਬਦੇਹੀ ਦੀ ਮੰਗ ਕਰਦੇ ਹੋਏ ਸਿੱਧੇ ਤੌਰ 'ਤੇ ਐਥਿਕਸ ਕਮਿਸ਼ਨਰ ਨੂੰ ਈਮੇਲ ਕਰ ਸਕਦੇ ਹਨ। ਉਨ੍ਹਾਂ ਦਸਿਆ ਕਿ ਅਮਰੀਕੀ ਨਿਆਂ ਵਿਭਾਗ ਵੱਲੋਂ ਸੰਯੁਕਤ ਰਾਜ ਬਨਾਮ ਨਿਖਿਲ ਗੁਪਤਾ 23-ਸੀ ਆਰ-289, ਐਸਡੀਐਨਵਾਈ) ਵਿੱਚ ਭਾਰਤੀ ਖੁਫੀਆ ਅਧਿਕਾਰੀ ਵਿਕਾਸ ਯਾਦਵ ਨੂੰ ਸ਼ਹੀਦ ਹਰਦੀਪ ਸਿੰਘ ਨਿੱਝਰ ਦੇ ਕਤਲ ਦੇ ਪ੍ਰਬੰਧਕ ਵਜੋਂ ਨਾਮਜ਼ਦ ਕਰਨ ਦੇ ਸਹੁੰ-ਪੱਤਰ ਦਾਇਰ ਕਰਨ ਦੇ ਬਾਵਜੂਦ, ਮੰਤਰੀ ਆਨੰਦ ਨੇ ਭਾਰਤ ਨਾਲ ਵਪਾਰ ਅਤੇ ਰਣਨੀਤਕ ਸਹਿਯੋਗ ਨੂੰ ਉਤਸ਼ਾਹਿਤ ਕੀਤਾ ਤੇ ਇਸ ਲਈ ਉਨ੍ਹਾਂ ਜਵਾਬਦੇਹੀ ਜਾਂ ਨਿਆਂ ਦੀ ਕੋਈ ਜਨਤਕ ਮੰਗ ਜਾਰੀ ਨਹੀਂ ਕੀਤੀ। ਪਨੂੰ ਨੇ ਕਿਹਾ ਕਿ ਜਦੋਂ ਇੱਕ ਕੈਨੇਡੀਅਨ ਮੰਤਰੀ ਚੁੱਪ ਰਹਿੰਦਾ ਹੈ ਜਦੋਂ ਇੱਕ ਵਿਦੇਸ਼ੀ ਰਾਜ ਸਾਡੀ ਧਰਤੀ 'ਤੇ ਡੈਥ ਸਕੁਐਡ ਚਲਾਉਂਦਾ ਹੈ, ਤਾਂ ਉਹ ਚੁੱਪੀ ਮਿਲੀਭੁਗਤ ਬਣ ਜਾਂਦੀ ਹੈ। ਆਨੰਦ ਦੀ ਚੁੱਪੀ ਮੋਦੀ ਦੇ ਏਜੰਟ ਕਾਤਲਾਂ ਨੂੰ ਦੱਸਦੀ ਹੈ ਕਿ ਉਹ ਬਿਨਾਂ ਕਿਸੇ ਨਤੀਜੇ ਦੇ ਕੈਨੇਡਾ ਵਿੱਚ ਖਾਲਿਸਤਾਨ ਪੱਖੀ ਸਿੱਖਾਂ ਨੂੰ ਨਿਸ਼ਾਨਾ ਬਣਾ ਸਕਦੇ ਹਨ। ਐਸਐਫਜੇ ਨੇ ਜਾਂਚ ਲਈ ਬੇਨਤੀ ਵਿੱਚ ਹਿੱਤਾਂ ਦੇ ਟਕਰਾਅ ਐਕਟ ਦੀਆਂ ਧਾਰਾਵਾਂ 2, 4, 6, 7, 9 ਅਤੇ 21 ਦਾ ਹਵਾਲਾ ਦਿੱਤਾ ਹੈ ਅਤੇ ਕਮਿਸ਼ਨਰ ਨੂੰ ਇਹ ਨਿਰਧਾਰਤ ਕਰਨ ਦੀ ਅਪੀਲ ਕੀਤੀ ਗਈ ਹੈ ਕਿ ਕੀ ਮੰਤਰੀ ਆਨੰਦ ਦੀਆਂ ਗਲਤੀਆਂ ਇੱਕ ਉਲੰਘਣਾ ਜਾਂ ਟਕਰਾਅ ਦੀ ਦਿੱਖ ਹਨ ਜੋ ਕੈਨੇਡਾ ਦੇ ਸੰਵਿਧਾਨ ਅਤੇ ਪ੍ਰਭੂਸੱਤਾ ਨੂੰ ਬਰਕਰਾਰ ਰੱਖਣ ਦੇ ਉਨ੍ਹਾਂ ਦੇ ਫਰਜ਼ ਨੂੰ ਕਮਜ਼ੋਰ ਕਰਦੀਆਂ ਹਨ।



# ਅਕਾਲੀ ਆਗੂ ਰਣਜੀਤ ਸਿੰਘ ਰੰਧਾਵਾ ਨੇ ਸਰਕਾਰੀ ਹਸਪਤਾਲ ਵਿੱਚ ਲੰਗਰ ਭਵਨ ਦਾ ਕੀਤਾ ਦੌਰਾ

### ਹਸਪਤਾਲ ਵਿੱਚ ਅਲਟਰਾਸਾਊਂਡ ਮਸ਼ੀਨ ਖਰਾਬ ਹੋਣ ਕਾਰਨ, ਗਰੀਬ ਲੋਕ ਪ੍ਰਾਈਵੇਟ ਅਲਟਰਾਸਾਊਂਡ ਕਰਵਾਉਣ ਲਈ ਹੋਏ ਮਜਬੂਰ: ਰੰਧਾਵਾ ਕਾਤਰੋਂ




**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਦੇ ਸਰਕਾਰੀ ਹਸਪਤਾਲ ਸਰਬ ਭਾਰਤੀਆਂ ਸੇਵਾ ਸੰਮਤੀ ਵੱਲੋਂ ਹਸਪਤਾਲ ਵਿੱਚ ਮਰੀਜ਼ਾਂ ਅਤੇ ਉਨ੍ਹਾਂ ਦੀ ਦੇਖ ਭਾਲ ਕਰਨ ਵਾਲੇ ਵਿਅਕਤੀਆਂ ਅਤੇ ਗਰੀਬ ਲੋਕਾਂ ਦੇ ਲਈ 24 ਘੰਟੇ ਲੰਗਰ ਦੀ ਵਿਵਸਥਾ ਕੀਤੀ ਗਈ ਹੈ । ਜਿਸ ਦੀ ਸਲਾਂਘਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਧੂਰੀ ਤੋਂ ਸੀਨੀਅਰ ਆਗੂ ਉੱਘੇ ਸਮਾਜ ਸੇਵੀ, ਸਾਬਕਾ ਚੇਅਰਮੈਨ ਸ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸਰਬ ਭਾਰਤੀਆ ਸੇਵਾ ਸੰਮਤੀ ਦਾ ਇਹ ਕਾਰਜ ਬਹੁਤ ਹੀ ਸਲਾਂਘਾਯੋਗ ਕਾਰਜ ਹੈ ਕਿਉਂਕਿ ਜਦੋਂ ਕੋਈ ਵੀ ਵਿਅਕਤੀ ਮਰੀਜ਼ ਦੇ ਨਾਲ ਆਉਂਦਾ ਹੈ ਮਰੀਜ਼ ਦੇ ਨਾਲ ਆਉਣ ਵਾਲੇ ਨੂੰ ਰੋਟੀ ਪਾਣੀ ਘਰੋਂ ਲੈ ਕੇ ਆਉਣਾ ਪੈਂਦਾ ਹੈ। ਮਰੀਜ ਦੇ ਨਾਲ ਉੱਪਰਲੇ ਵਿਆਕਤੀਆ ਨੂੰ ਵੀ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਕਿ ਸਰਕਾਰੀ ਹਸਪਤਾਲ ਵਿੱਚ ਪਿਛਲੇ ਲੰਮੇ ਸਮੇਂ ਤੋਂ ਅਲਟਰਾ ਸਾਊਂਡ ਮਸ਼ੀਨ ਖਰਾਬ ਪਈ ਹੈ ਮਰੀਜ਼ਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਗਰੀਬ ਲੋਕਾਂ ਨੂੰ ਬਾਹਰੋਂ ਪ੍ਰਾਈਵੇਟ ਅਲਟਰਾਸਾਊਂਡ ਕਰਵਾਉਣੀ ਪੈ ਰਹੀ ਜਿਸ ਦੇ ਨਾਲ ਗਰੀਬ ਲੋਕਾਂ ਕੋਲ ਪੈਸੇ ਨਾ ਹੋਣ ਕਰਕੇ ਅਲਟਰਾ ਸਾਊਂਡ ਨਹੀਂ ਕਰਵਾ ਸਕਦੇ। ਸਰਕਾਰ ਨੂੰ ਇਸ ਵੱਲ ਧਿਆਨ ਦੇਣਾ ਚਾਹੀਦਾ ਹੈ ਅੰਤ ਵਿੱਚ ਭਾਰਤੀ ਸੇਵਾ ਸੰਮਤੀ ਵੱਲੋਂ ਸਮਾਜ ਸੇਵੀ ਰਣਜੀਤ ਸਿੰਘ ਰੰਧਾਵਾ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਭਾਰਤੀ ਸੇਵਾ ਸੰਮਤੀ ਦੇ ਸੇਵਾਦਾਰ ਸੁਖਵਿੰਦਰ ਕਾਂਝਲਾ, ਜਗਜੀਤ ਸਿੰਘ ਘਨੌਰੀ, ਸਮਾਜ ਸੇਵੀ ਡਾਕਟਰ ਕਰਨਵੀਰ ਸਿੰਘ ਸੇਰਪੁਰ , ਸੁਖਦੇਵ ਸਿੰਘ ਬੁਗਰਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243